ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 134
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 16 May, 2026) ਸ਼ਨੀਵਾਰ, 16 ਮਈ, 2026, 2 ਜੇਠ (ਮੱਸਿਆ) , ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਹੁਸ਼ਿਆਰਪੁਰ ਵਿਖੇ ਬੋਰਵੈੱਲ ਵਿੱਚ ਡਿੱਗਾ ਬੱਚਾ, ਬਚਾਅ ਕਾਰਜ ਜਾਰੀ

ਹੁਸ਼ਿਆਰਪੁਰ, 15 ਮਈ (ਚ.ਨ.ਸ.): ਜ਼ਿਲ੍ਹੇ ਦੇ ਪਿੰਡ ਸਵਾਨ ਵਿਚ ਇੱਕ ਮਾਸੂਮ ਬੱਚਾ ਬੋਰਵੈੱਲ ਵਿਚ ਡਿੱਗ ਗਿਆ। ਉਸ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ। ਘਟਨਾ ਦੀ ਸੂਚਨਾ ਮੌਕੇ ਉਤੇ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਗਈ। ਸੂਚਨਾ ਮਿਲਦੇ ਹੀ ਮੌਕੇ ਉਤੇ ਪੁਲਿਸ ਟੀਮਾਂ ਪਹੁੰਚੀਆਂ ਅਤੇ ਘਟਨਾ ਦਾ ਜਾਇਜ਼ਾ ਲਿਆ ਮੌਕੇ 'ਤੇ ਐਨ.ਡੀ.ਆਰ.ਐਫ. ਦੀਆਂ ਟੀਮਾਂ ਵੀ ਬੱਚੇ ਦੇ ਰੈਸਕਿਊ ਲਈ ਪਹੁੰਚ ਗਈਆਂ ਹਨ। ਜਾਣਕਾਰੀ ਮੁਤਾਬਕ ਘਟਨਾ ਸ਼ਾਮ 4 ਵਜੇ ਦੀ ਹੈ। 4 ਸਾਲਾਂ ਗੁਰਕਰਨ ਸਿੰਘ ਆਪਣੇ ਘਰ ਦੇ ਨੇੜੇ ਹੀ ਖੇਡ ਰਿਹਾ ਸੀ। ਖੇਡਦੇ ਹੋਏ ਉਹ ਉਥੇ ਖੁੱਲ੍ਹੇ ਪਏ ਬੋਰਵੈੱਲ ਵਿਚ ਜਾ (ਬਾਕੀ ਸਫਾ 2 'ਤੇ)

ਪ੍ਰਧਾਨ ਮੰਤਰੀ 5 ਦੇਸ਼ਾਂ ਦੇ ਦੌਰੇ ਦੇ ਪਹਿਲੇ ਪੜਾਅ ਦੌਰਾਨ ਆਬੂਧਾਬੀ ਪੁੱਜੇ

ਭਾਰਤ-ਯੂ.ਏ.ਈ. 'ਚ ਐਲ.ਪੀ.ਜੀ. ਅਤੇ ਤੇਲ ਸਪਲਾਈ ਸੰਬੰਧੀ ਹੋਏ ਸਮਝੌਤੇ

ਪੱਛਮੀ ਏਸ਼ੀਆ ਦੇ ਤਣਾਅ ਦਰਮਿਆਨ ਪ੍ਰਧਾਨ ਮੰਤਰੀ ਵੱਲੋਂ ਅਬੂ ਧਾਬੀ ਦਾ ਸਮਰਥਨ

ਚੜ੍ਹਦੀਕਲਾ ਬਿਊਰੋ

ਅਬੂ ਧਾਬੀ, 15 ਮਈ : ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਨੇ ਸ਼ੁੱਕਰਵਾਰ ਨੂੰ ਪੈਟਰੋਲੀਅਮ ਅਤੇ ਊਰਜਾ ਖੇਤਰ ਵਿੱਚ ਦੋ ਵੱਡੇ ਸਮਝੌਤਿਆਂ 'ਤੇ ਦਸਤਖਤ ਕੀਤੇ ਹਨ। ਇਨ੍ਹਾਂ ਵਿੱਚ ਭਾਰਤ ਦੇ ਰਣਨੀਤਕ ਭੰਡਾਰਾਂ ਵਿੱਚ ਕੱਚੇ ਤੇਲ ਦੀ ਸਟੋਰੇਜ ਵਧਾਉਣ ਲਈ ਇੱਕ ਰਣਨੀਤਕ ਸਮਝੌਤਾ ਅਤੇ ਲੰਮੇ ਸਮੇਂ ਲਈ ਤਰਲ ਪੈਟਰੋਲੀਅਮ ਗੈਸ (ਐੱਲ ਪੀ ਜੀ) ਸਪਲਾਈ ਦਾ ਸਹਿਯੋਗ ਸ਼ਾਮਲ ਹੈ।

ਇਹ ਸਮਝੌਤੇ ਉਸ ਸਮੇਂ ਹੋਏ ਹਨ, ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਯੂ ਏ ਈ ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨੇ ਪੱਛਮੀ ਏਸ਼ੀਆ ਵਿੱਚ ਵਧ ਰਹੇ ਇਲਾਕਾਈ ਤਣਾਅ ਦੇ ਵਿਚਕਾਰ ਕਈ ਅਹਿਮ ਮੁੱਦਿਆਂ 'ਤੇ ਡੂੰਘੀ ਗੱਲਬਾਤ ਕੀਤੀ। ਇਸ ਦੌਰਾਨ ਦੋਵਾਂ ਦੇਸ਼ਾਂ ਨੇ

ਰੱਖਿਆ, ਸ਼ਿਪਿੰਗ, ਬੁਨਿਆਦੀ ਢਾਂਚੇ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸਮੁੰਦਰੀ ਖੇਤਰ ਵਿੱਚ ਹੁਨਰ ਵਧਾਉਣ ਲਈ ਅਹਿਮ ਸਮਝੌਤੇ ਕੀਤੇ। ਇਸ ਦੇ ਨਾਲ ਹੀ ਯੂ ਏ ਈ ਨੇ ਭਾਰਤ ਵਿੱਚ 5 ਬਿਲੀਅਨ ਅਮਰੀਕੀ ਡਾਲਰ ਦਾ ਨਿਵੇਸ਼ ਕਰਨ ਦਾ ਐਲਾਨ ਵੀ ਕੀਤਾ। ਇਸ (ਬਾਕੀ ਸਫਾ 2 'ਤੇ)

ਪੰਜਾਬ ਵਿਜੀਲੈਂਸ ਰਿਸ਼ਵਤ ਕਾਂਡ ਦੀ ਐੱਫ.ਆਈ.ਆਰ. ਆਈ ਸਾਹਮਣੇ

ਡੀ.ਜੀ. ਵਿਜੀਲੈਂਸ ਸ਼ਰਦ ਸੱਤਿਆ ਚੌਹਾਨ ਦਾ ਨਾਮ ਵੀ 13 ਲੱਖ ਰੁਪਏ ਦੇ ਰਿਸ਼ਵਤ ਮਾਮਲੇ 'ਚ ਸ਼ਾਮਿਲ !

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 15 ਮਈ : ਪੰਜਾਬ ਵਿਜੀਲੈਂਸ ਬਿਊਰੋ ਦੇ ਮੁਖੀ ਦੇ ਗੰਡਰ ਅਤੇ ਤਿੰਨ ਹੋਰਨਾਂ ਖ਼ਿਲਾਫ਼ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵੱਲੋਂ ਦਰਜ ਕੀਤੇ ਗਏ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਪੰਜਾਬ ਵਿਜੀਲੈਂਸ ਦੇ ਡਾਇਰੈਕਟਰ ਜਨਰਲ ਸ਼ਰਦ ਸੱਤਿਆ ਚੌਹਾਨ ਦਾ ਨਾਂ ਸਾਹਮਣੇ ਆਇਆ ਹੈ। ਸੀ.ਬੀ.ਆਈ. ਦੀ ਇਸ ਐੱਫ.ਆਈ.ਆਰ. ਵਿੱਚ ਵਿਜੀਲੈਂਸ ਮੁਖੀ ਦਾ ਨਾਂ ਆਉਣ ਕਾਰਨ ਆਉਣ ਵਾਲੇ ਦਿਨਾਂ ਵਿੱਚ ਸੂਬੇ ਦੇ ਇਸ ਸੀਨੀਅਰ ਪੁਲਿਸ ਅਧਿਕਾਰੀ ਦੀਆਂ ਮੁਸ਼ਕਲਾਂ ਵਧਣ ਦੇ ਪੂਰੇ ਆਸਾਰ ਹਨ। ਹਾਲਾਂਕਿ, ਡੀ.ਜੀ.ਪੀ. ਚੌਹਾਨ ਨੂੰ ਐੱਫ.ਆਈ.ਆਰ. ਵਿੱਚ ਸਿੱਧੇ ਤੌਰ 'ਤੇ ਮੁਲਜ਼ਮ ਵਜੋਂ ਨਾਮਜ਼ਦ ਨਹੀਂ ਕੀਤਾ ਗਿਆ ਹੈ ਪਰ ਸੀ.ਬੀ.ਆਈ. ਦੀ ਐਂਟੀ-ਕੁਰਪਸ਼ਨ ਬਿਊਰੋ (ਐਂਟੀ-ਕੁਰਪਸ਼ਨ ਬ੍ਰਾਂਚ) ਵੱਲੋਂ ਦਰਜ ਕੀਤੇ ਕੇਸ ਦੇ

ਵੇਰਵਿਆਂ ਵਿੱਚ ਉਨ੍ਹਾਂ ਦਾ ਨਾਂ ਪ੍ਰਮੁੱਖਤਾ ਨਾਲ ਦਰਜ ਹੈ।ਸੀ.ਬੀ.ਆਈ. ਦੀ 11 ਮਈ ਦੀ ਵੈਰੀਫਿਕੇਸ਼ਨ ਰਿਪੋਰਟ (ਜੋ 8 ਮਈ ਨੂੰ ਦਰਜ ਹੋਈ ਮੁੱਢਲੀ ਸ਼ਿਕਾਇਤ ਤੋਂ ਬਾਅਦ ਤਿਆਰ ਕੀਤੀ ਗਈ ਸੀ) ਦੇ ਅਨੁਸਾਰ, ਮੁਲਜ਼ਮ ਰਾਘਵ ਗੋਇਲ ਅਤੇ ਵਿਕਾਸ ਗੋਇਲ ਨੇ ਕਥਿਤ ਤੌਰ 'ਤੇ ਸ਼ਿਕਾਇਤਕਰਤਾ ਅਮਿਤ ਕੁਮਾਰ ਕੋਲੋਂ ਸਰਕਾਰੀ ਅਧਿਕਾਰੀਆਂ ਦੇ ਨਾਂ 'ਤੇ 13 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਰਿਪੋਰਟ ਮੁਤਾਬਕ ਇਹ ਰਿਸ਼ਵਤ ਪੰਜਾਬ ਵਿਜੀਲੈਂਸ ਦੇ ਡੀ.ਜੀ. ਦੇ ਗੰਡਰ ਓ.ਪੀ. ਰਾਣਾ ਅਤੇ ਖੁਦ ਡੀ.ਜੀ. (ਵਿਜੀਲੈਂਸ) ਪੰਜਾਬ ਦੇ ਨਾਮ 'ਤੇ ਮੰਗੀ ਗਈ ਸੀ, ਤਾਂ ਜੋ ਡੀ.ਜੀ. ਦਫ਼ਤਰ ਵਿੱਚ ਸ਼ਿਕਾਇਤਕਰਤਾ ਅਮਿਤ ਕੁਮਾਰ ਖ਼ਿਲਾਫ਼ ਲੰਬਿਤ ਪਈ ਇੱਕ ਸ਼ਿਕਾਇਤ ਨੂੰ ਰਫ਼ਾ-ਦਫ਼ਾ (ਬੰਦ) ਕਰਵਾਇਆ ਜਾ ਸਕੇ।

ਐੱਫ.ਆਈ.ਆਰ. ਦੇ ਵੇਰਵਿਆਂ ਅਨੁਸਾਰ, ਅਬੋਹਰ ਦੇ ਰਹਿਣ ਵਾਲੇ ਰਾਜ ਕਰ ਅਫ਼ਸਰ (ਸਟੇਟ ਟੈਕਸ ਅਫ਼ਸਰ) ਅਮਿਤ ਕੁਮਾਰ ਨੇ 8 ਮਈ ਨੂੰ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਸੀ। ਇਸ ਸ਼ਿਕਾਇਤ ਵਿੱਚ ਦੋਸ਼ ਲਾਇਆ ਗਿਆ ਸੀ ਕਿ ਮਲੋਟ ਦੇ ਰਹਿਣ ਵਾਲੇ ਨਿੱਜੀ ਠੇਕੇਦਾਰ ਵਿਕਾਸ ਗੋਇਲ ਅਤੇ ਉਸ ਦਾ ਪੁੱਤਰ ਰਾਘਵ ਗੋਇਲ, (ਬਾਕੀ ਸਫਾ 2 'ਤੇ)

ਸੀ.ਬੀ.ਆਈ. ਅਦਾਲਤ ਨੇ ਰਾਘਵ ਗੋਇਲ ਅਤੇ ਵਿਕਾਸ ਗੋਇਲ ਨੂੰ ਨਿਆਂਇਕ ਹਿਰਾਸਤ 'ਚ ਭੇਜਿਆ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 15 ਮਈ : ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਦੀ ਚੰਡੀਗੜ੍ਹ ਅਦਾਲਤ ਨੇ ਪੰਜਾਬ ਵਿਜੀਲੈਂਸ ਬਿਊਰੋ ਵਿੱਚ ਤਾਇਨਾਤ ਅਧਿਕਾਰੀਆਂ ਦੇ ਨਾਮ 'ਤੇ 20 ਲੱਖ ਰੁਪਏ ਰਿਸ਼ਵਤ ਮੰਗਣ ਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤੇ ਗਏ ਰਾਘਵ ਗੋਇਲ ਅਤੇ ਵਿਕਾਸ ਉਰਫ਼ ਵਿੱਕੀ ਗੋਇਲ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਦੋਵਾਂ ਮੁਲਜ਼ਮਾਂ ਨੂੰ ਤਿੰਨ ਦਿਨਾਂ ਦਾ ਰਿਮਾਂਡ ਖ਼ਤਮ ਹੋਣ ਤੋਂ ਬਾਅਦ ਅੱਜ ਸੀ.ਬੀ.ਆਈ. ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਪਹਿਲਾਂ ਹੀ ਇੱਕ ਹੋਰ ਮੁਲਜ਼ਮ ਅੰਕਿਤ ਵਧਵਾ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਸੀ। ਤਿੰਨੋਂ ਮੁਲਜ਼ਮਾਂ ਨੂੰ ਪੰਜਾਬ ਰਾਜ ਟੈਕਸ ਅਫ਼ਸਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਸੀ.ਬੀ.ਆਈ. ਵੱਲੋਂ ਦਰਜ ਕੀਤੇ ਗਏ ਕੇਸ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਮੁਲਜ਼ਮ ਵਿਕਾਸ ਉਰਫ਼ ਵਿੱਕੀ ਗੋਇਲ ਅਤੇ ਉਸ ਦੇ ਪੁੱਤਰ ਰਾਘਵ ਗੋਇਲ ਨੇ ਡੀ.ਜੀ. (ਵਿਜੀਲੈਂਸ) ਪੰਜਾਬ ਦੇ ਦਫ਼ਤਰ ਵਿੱਚ ਉਸ ਦੇ ਖ਼ਿਲਾਫ਼ ਪੈਂਡਿੰਗ ਸ਼ਿਕਾਇਤ ਨੂੰ ਬੰਦ (ਬਾਕੀ ਸਫਾ 2 'ਤੇ)

ਆਮ ਆਦਮੀ 'ਤੇ ਮਹਿੰਗਾਈ ਦੀ ਮਾਰ

ਪੈਟਰੋਲ-ਡੀਜ਼ਲ 3 ਰੁਪਏ ਪ੍ਰਤੀ ਲੀਟਰ ਤੋਂ ਵੱਧ ਹੋਇਆ ਮਹਿੰਗਾ

ਸੀ.ਐਨ.ਜੀ. ਦੀ ਕੀਮਤ 'ਚ 2 ਰੁਪਏ ਦਾ ਵਾਧਾ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 15 ਮਈ : ਈਰਾਨ ਨਾਲ ਅਮਰੀਕਾ-ਇਜ਼ਰਾਈਲ ਜੰਗ ਹੁਣ ਭਾਰਤ ਦੇ ਆਮ ਆਦਮੀ ਨੂੰ ਪ੍ਰਭਾਵਿਤ ਕਰ ਰਹੀ ਹੈ। ਐਲਪੀਜੀ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਵਾਧੇ ਤੋਂ ਬਾਅਦ, ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵੀ ਵਾਧਾ ਹੋਇਆ ਹੈ।

ਪੈਟਰੋਲ ਦੀ ਕੀਮਤ 94.77 ਤੋਂ ਵੱਧ ਕੇ 97.81 ਰੁਪਏ ਪ੍ਰਤੀ ਲੀਟਰ ਹੋ ਗਈ ਹੈ, ਜਦੋਂ ਕਿ ਡੀਜ਼ਲ 87.67 ਤੋਂ ਵੱਧ ਕੇ 90.71 ਰੁਪਏ ਪ੍ਰਤੀ ਲੀਟਰ ਹੋ ਗਿਆ ਹੈ।ਦਿੱਲੀ ਵਿੱਚ, ਸੀਐਨਜੀ ਦੀ ਕੀਮਤ 2 ਰੁਪਏ ਪ੍ਰਤੀ ਕਿਲੋਗ੍ਰਾਮ

ਵਧਾਈ ਗਈ ਹੈ। ਨਤੀਜੇ ਵਜੋਂ, ਸੀਐਨਜੀ ਦੀ ਨਵੀਂ ਕੀਮਤ ਹੁਣ 79.09 ਰੁਪਏ ਪ੍ਰਤੀ ਕਿਲੋ ਹੋ ਗਈ ਹੈ। ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਅਤੇ ਤੇਲ ਸਪਲਾਈ ਬਾਰੇ ਵਧਦੀ ਅਨਿਸ਼ਚਿਤਤਾ ਨੇ ਅੰਤਰਰਾਸ਼ਟਰੀ ਕੱਚੇ ਤੇਲ ਬਾਜ਼ਾਰ ਨੂੰ ਪ੍ਰਭਾਵਿਤ ਕੀਤਾ ਹੈ।

ਗਲਤੀ ਮੋਦੀ ਸਰਕਾਰ ਕਰੇਗੀ ਅਤੇ ਕੀਮਤ ਜਨਤਾ ਚੁਕਾਏਗੀ: ਰਾਹੁਲ

ਨਵੀਂ ਦਿੱਲੀ, 15 ਮਈ (ਚ.ਨ.ਸ.): ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਨੂੰ ਲੈ ਕੇ ਸ਼ੁੱਕਰਵਾਰ ਨੂੰ ਕਿਹਾ ਕਿ ਗਲਤੀ ਮੋਦੀ ਸਰਕਾਰ ਕਰੇਗੀ ਅਤੇ ਕੀਮਤ ਜਨਤਾ ਚੁਕਾਏਗੀ। ਉਨ੍ਹਾਂ ਨੇ ਇਹ ਦਾਅਵਾ ਵੀ ਕੀਤਾ ਕਿ ਤਿੰਨ ਰੁਪਏ ਦਾ ਝਟਕਾ ਆ ਚੁੱਕਿਆ, ਬਾਕੀ ਵਸੂਲੀ ਕਿਸ਼ਤਾਂ ਨਾਲ ਕੀਤੀ ਜਾਵੇਗੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਦੋਸ਼ ਲਗਾਇਆ ਕਿ ਫਿਊਲ ਸੰਕਟ ਦੇ ਨਾਲ-ਨਾਲ ਭਾਰਤ 'ਚ ਆਰਥਿਕ ਸੰਕਟ ਦਾ ਵੱਡਾ ਕਾਰਨ ਮੋਦੀ ਸਰਕਾਰ ਦੀ ਲੀਡਰਸ਼ਿਪ ਦਾ ਸੰਕਟ ਅਤੇ ਦੂਰਦਰਸ਼ੀ ਸੋਚ ਦੀ ਕਮੀ ਹੈ। ਤੇਲ ਕੰਪਨੀਆਂ 'ਚ ਸ਼ੁੱਕਰਵਾਰ ਨੂੰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 'ਚ 3 ਰੁਪਏ ਦਾ ਵਾਧਾ ਕੀਤਾ। ਹੁਣ ਰਾਸ਼ਟਰੀ ਰਾਜਧਾਨੀ (ਬਾਕੀ ਸਫਾ 2 'ਤੇ)

ਚੰਡੀਗੜ੍ਹ 'ਚ ਪ੍ਰਦਰਸ਼ਨ ਦਾ ਮਾਮਲਾ

ਪੁਲਿਸ ਵੱਲੋਂ ਕਿਸਾਨਾਂ 'ਤੇ ਲਾਠੀਚਾਰਜ ਅਤੇ ਅੱਥਰੂ ਗੈਸ ਦੀ ਵਰਤੋਂ

ਚੜ੍ਹਦੀਕਲਾ ਬਿਊਰੋ

ਮੋਹਾਲੀ, 15 ਮਈ (ਚ.ਨ.ਸ.): ਚੰਡੀਗੜ੍ਹ-ਪੰਜਾਬ ਸਰਹੱਦ 'ਤੇ ਅੱਜ ਉਸ ਵੇਲੇ ਸਥਿਤੀ ਬੇਹੱਦ ਤਣਾਅਪੂਰਨ ਹੋ ਗਈ ਜਦੋਂ ਸੰਯੁਕਤ ਕਿਸਾਨ ਮੋਰਚਾ (ਐੱਸ.ਕੇ.ਐੱਮ.) ਦੀ ਅਗਵਾਈ ਹੇਠ ਰਾਜਪਾਲ ਭਵਨ ਵੱਲ ਕੂਚ ਕਰ ਰਹੇ ਸੈਂਕੜੇ ਕਿਸਾਨਾਂ ਨੂੰ ਚੰਡੀਗੜ੍ਹ ਪੁਲਿਸ ਨੇ ਸਰਹੱਦ 'ਤੇ ਹੀ ਰੋਕ ਲਿਆ। ਇਸ ਦੌਰਾਨ ਜਦੋਂ ਕਿਸਾਨਾਂ ਨੇ ਅੱਗੇ ਵਧਣ ਲਈ ਲਗਾਏ ਗਏ ਭਾਰੀ ਬੈਰੀਕੇਡ ਤੋੜਨ ਦੀ ਕੋਸ਼ਿਸ਼ ਕੀਤੀ, ਤਾਂ ਚੰਡੀਗੜ੍ਹ ਪੁਲਿਸ ਨੇ ਕਿਸਾਨਾਂ ਨੂੰ ਖਿੰਡਾਉਣ ਲਈ ਹਲਕਾ ਲਾਠੀਚਾਰਜ ਕੀਤਾ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ। ਪੁਲਿਸ ਦੀ ਇਸ ਸਖ਼ਤ ਕਾਰਵਾਈ

ਕਾਰਨ ਕਈ ਕਿਸਾਨਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ।ਮਿਲੀ ਜਾਣਕਾਰੀ ਅਨੁਸਾਰ ਵੱਖ-ਵੱਖ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਅੱਜ ਚੰਡੀਗੜ੍ਹ ਸਥਿਤ ਰਾਜਪਾਲ ਭਵਨ ਦਾ ਘੇਰਾਓ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ। ਵੱਡੀ ਗਿਣਤੀ ਵਿੱਚ ਕਿਸਾਨ ਟਰੈਕਟਰ-ਟਰਾਲੀਆਂ ਅਤੇ ਗੱਡੀਆਂ ਰਾਹੀਂ (ਬਾਕੀ ਸਫਾ 2 'ਤੇ)

ਅਦਾਲਤ ਵੱਲੋਂ ਵਿਵਾਦਤ 'ਭੋਜਸ਼ਾਲਾ' ਨੂੰ ਮੰਦਰ ਐਲਾਨਣ ਦਾ ਹੁਕਮ

ਇੰਦੌਰ, 15 ਮਈ (ਚ.ਨ.ਸ.): ਮੱਧ ਪ੍ਰਦੇਸ਼ ਹਾਈ ਕੋਰਟ ਨੇ ਅੱਜ ਇੱਕ ਇਤਿਹਾਸਕ ਫੈਸਲਾ ਸੁਣਾਉਂਦਿਆਂ ਧਾਰ ਜ਼ਿਲ੍ਹੇ ਵਿੱਚ ਸਥਿਤ ਵਿਵਾਦਤ 'ਭੋਜਸ਼ਾਲਾ ਕੰਪਲੈਕਸ' ਨੂੰ ਮਾਤਾ ਸਰਸਵਤੀ (ਵਾਗਦੇਵੀ) ਦਾ ਮੰਦਰ ਐਲਾਨ ਕਰ ਦਿੱਤਾ ਹੈ। ਹਾਈ ਕੋਰਟ ਦੀ ਇੰਦੌਰ ਬੈਂਚ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਮੁਸਲਿਮ ਭਾਈਚਾਰਾ ਜ਼ਿਲ੍ਹੇ ਵਿੱਚ ਨਵੀਂ ਮਸਜਿਦ ਦੀ ਉਸਾਰੀ ਲਈ ਵੱਖਰੀ ਜ਼ਮੀਨ ਦੇ ਅਲਾਟਮੈਂਟ ਵਾਸਤੇ ਸੂਬਾ ਸਰਕਾਰ ਤੱਕ ਪਹੁੰਚ ਕਰ ਸਕਦਾ ਹੈ। ਅਦਾਲਤ ਨੇ ਇਤਿਹਾਸਕ ਤੱਥਾਂ ਦਾ ਹਵਾਲਾ ਦਿੰਦਿਆਂ ਸਪੱਸ਼ਟ ਕੀਤਾ ਕਿ ਭੋਜਸ਼ਾਲਾ ਵਿੱਚ ਸੰਸਕ੍ਰਿਤ ਸਿੱਖਿਆ ਕੇਂਦਰ (ਗੁਰੂਕੁਲ) ਅਤੇ ਮਾਤਾ ਸਰਸਵਤੀ ਦੇ ਮੰਦਰ ਹੋਣ ਦੇ ਪੁਖ਼ਤਾ ਸੰਕੇਤ ਅਤੇ ਸਬੂਤ ਮਿਲੇ ਹਨ। ਇਹ ਵਿਵਾਦ ਧਾਰ ਜ਼ਿਲ੍ਹੇ ਵਿੱਚ ਭਾਰਤੀ ਪੁਰਾਤੱਤਵ ਸਰਵੇਖਣ (ਏ.ਐੱਸ.ਆਈ.) ਦੇ ਅਧੀਨ (ਬਾਕੀ ਸਫਾ 2 'ਤੇ)

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਰੱਖੜਾ ਨੂੰ ਪਾਰਟੀ 'ਚੋਂ ਕੱਢਿਆ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 15 ਮਈ :ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਵੱਡਾ ਫੈਸਲਾ ਲੈਂਦੇ ਹੋਏ ਸੁਰਜੀਤ ਸਿੰਘ ਰੱਖੜਾ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਸਸਪੈਂਡ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਮਤਾ ਪਾਸ ਕਰਦਿਆਂ ਇਹ ਫ਼ੈਸਲਾ ਲਿਆ ਹੈ। ਜਲੰਧਰ-ਫਗਵਾੜਾ ਹਾਈਵੇਅ 'ਤੇ ਇਕ ਨਿੱਜੀ ਹੋਟਲ ਵਿਚ ਪਾਰਟੀ ਵਲੋਂ ਇਕ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਸਮੁੱਚੀ ਲੀਡਰਸ਼ਿਪ ਸ਼ਾਮਲ ਹੋਈ। ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਰੱਖੜਾ ਪਾਰਟੀ ਨਾਲ ਰਹਿ ਕੇ ਪਾਰਟੀ

ਨੂੰ ਕਮਜ਼ੋਰ ਕਰ ਰਹੇ ਸਨ, ਇਸੇ ਕਾਰਨ ਉਨ੍ਹਾਂ ਨੂੰ ਸਸਪੈਂਡ ਕੀਤਾ ਗਿਆ ਹੈ। ਦੂਜੇ ਪਾਸੇ ਬੇਅਦਬੀ ਕਾਨੂੰਨ ਬਾਰੇ ਸਾਬਕਾ ਜਥੇਦਾਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਕਾਨੂੰਨ ਲਾਗੂ ਕਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਪ੍ਰਸਤਾਵ ਭੇਜਿਆ ਅਤੇ ਉਸ ਤੋਂ ਬਾਅਦ ਉਹ ਵਿਰੋਧ ਕਰ ਰਹੇ ਹਨ ਤਾਂ ਇਹ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਲੈ ਕੇ ਦੋਵਾਂ ਧਿਰਾਂ ਵਿਚ ਕੋਈ ਟਕਰਾਅ ਨਹੀਂ ਹੋਣਾ ਚਾਹੀਦਾ। ਬੇਅਦਬੀ ਕਾਨੂੰਨ ਦੇ ਮਾਮਲੇ ਵਿਚ, ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਗੂਆਂ ਸਮੇਤ ਕਾ

ਹੁਸ਼ਿਆਰਪੁਰ ਵਿਖੇ ਬੋਰਵੈੱਲ ਵਿੱਚ

ਡਿੱਗਿਆ। ਜਿਵੇਂ ਹੀ ਪਿੰਡ ਦੇ ਲੋਕਾਂ ਨੂੰ ਪਤਾ ਲੱਗਾ ਤਾਂ ਲੋਕ ਇਕੱਠੇ ਹੋ ਗਏ ਤੇ ਪੁਲਿਸ ਨੂੰ ਇਸ ਬਾਰੇ ਸੂਚਿਤ ਕੀਤਾ। ਰੈਸਕਿਊ ਟੀਮਾਂ ਵੱਲੋਂ ਬੱਚੇ ਨੂੰ ਸੁਰੱਖਿਅਤ ਕੱਢਣ ਦੀਆਂ ਕੋਸ਼ਿਸ਼ਾਂ ਜੰਗੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਹਨ। ਹਰ ਕਿਸੇ ਵੱਲੋਂ ਅਰਦਾਸ ਕੀਤੀ ਜਾ ਰਹੀ ਹੈ ਕਿ ਬੱਚਾ ਸਹੀ-ਸਲਾਮਤ ਬੋਰਵੈੱਲ ਵਿੱਚੋਂ ਕੱਢ ਲਿਆ ਜਾਵੇ। ਪਿੰਡ ਵਾਸੀਆਂ ਨੇ ਦੱਸਿਆ ਕਿ ਰਾਹਤ ਦੀ ਗੱਲ ਇਹ ਹੈ ਕਿ ਬੱਚਾ ਸਿੱਧਾ ਹੇਠਾਂ ਡਿੱਗਿਆ ਅਤੇ ਅੰਦਰ ਹਿੱਲਜੁਲ ਹੋ ਰਹੀ ਹੈ। ਇਸ ਨਾਲ ਉਨ੍ਹਾਂ ਨੂੰ ਉਮੀਦ ਹੈ ਕਿ ਉਸ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਜਾਵੇਗਾ। ਘਟਨਾ ਤੋਂ ਬਾਅਦ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਜਿਕ ਸੰਗਠਨ ਮੌਕੇ 'ਤੇ ਪਹੁੰਚੇ ਅਤੇ ਬਚਾਅ ਕਾਰਜ ਸ਼ੁਰੂ ਕੀਤਾ। ਬਾਬਾ ਦੀਪ ਸਿੰਘ ਸੇਵਾ ਦਲ ਦੇ ਮੁਖੀ ਭਾਈ ਮਨਜੋਤ ਸਿੰਘ ਤਲਵੰਡੀ ਦੀ ਟੀਮ ਵੀ ਬੱਚੇ ਨੂੰ ਬਾਹਰ ਕੱਢਣ ਲਈ ਪ੍ਰਸ਼ਾਸਨ ਨਾਲ ਕੰਮ ਕਰ ਰਹੀ ਹੈ। ਬਚਾਅ ਕਾਰਜ ਇਸ ਸਮੇਂ ਜਾਰੀ ਹੈ।

ਭਾਰਤ-ਯੂ.ਏ.ਈ.'ਚ ਐਲ.ਪੀ.ਜੀ. ਅਤੇ

ਮੁਲਾਕਾਤ ਦਾ ਸਭ ਤੋਂ ਅਹਿਮ ਨਤੀਜਾ 'ਇੰਡੀਅਨ ਸਟ੍ਰੈਟੇਜਿਕ ਪੈਟਰੋਲੀਅਮ ਰਿਜ਼ਰਵ ਲਿਮਟਿਡ' ਅਤੇ 'ਅਬੂ ਧਾਬੀ ਨੈਸ਼ਨਲ ਆਇਲ ਕੰਪਨੀ' (ਏ.ਡੀ.ਐਨ.ਓ. ਸੀ.) ਵਿਚਕਾਰ ਹੋਇਆ ਖ਼ਾਸ ਸਮਝੌਤਾ ਸੀ। ਇਸ ਦਾ ਮੁੱਖ ਮਕਸਦ ਦੋਵਾਂ ਦੇਸ਼ਾਂ ਵਿਚਾਲੇ ਊਰਜਾ ਸੁਰੱਖਿਆ ਦੇ ਸਹਿਯੋਗ ਨੂੰ ਹੋਰ ਵੀ ਮਜ਼ਬੂਤ ਅਤੇ ਗੂੜ੍ਹਾ ਕਰਨਾ ਹੈ। ਸਮਝੌਤੇ ਦੇ ਤਹਿਤ, ਏ.ਡੀ.ਐਨ.ਓ. ਸੀ.ਭਾਰਤ ਦੀਆਂ ਰਣਨੀਤਕ ਪੈਟਰੋਲੀਅਮ ਰਿਜ਼ਰਵ ਸਹੂਲਤਾਂ ਵਿੱਚ 30 ਮਿਲੀਅਨ ਬੈਰਲ ਤੱਕ ਕੱਚਾ ਤੇਲ ਸਟੋਰ ਕਰ ਸਕਦਾ ਹੈ, ਜਿਸ ਵਿੱਚ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਵਿੱਚ ਸਟੋਰੇਜ ਬੁਨਿਆਦੀ ਢਾਂਚੇ ਅਤੇ ਓਡੀਸ਼ਾ ਦੇ ਚੰਡੀਖੋਲ ਵਿੱਚ ਭਵਿੱਖ ਦੀਆਂ ਰਿਜ਼ਰਵ ਸਹੂਲਤਾਂ ਵਿੱਚ ਭਾਗੀਦਾਰੀ ਸ਼ਾਮਲ ਹੈ।

ਇੱਕ ਹੋਰ ਵੱਡੇ ਫ਼ੈਸਲੇ ਵਿੱਚ, ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ (ਆਈਓਸੀਐਲ) ਅਤੇ ਏ.ਡੀ.ਐਨ.ਓ. ਸੀ. ਨੇ ਲੰਮੇ ਸਮੇਂ ਤੱਕ ਐਲ.ਪੀ.ਜੀ. ਦੀ ਸਪਲਾਈ ਜਾਰੀ ਰੱਖਣ ਲਈ ਇੱਕ ਅਹਿਮ ਸਮਝੌਤੇ 'ਤੇ ਦਸਤਖਤ ਕੀਤੇ ਹਨ। ਇਸ ਸਮਝੌਤੇ ਵਿੱਚ ਏ.ਡੀ.ਐਨ.ਓ. ਸੀ. ਗੈਸ ਅਤੇ ਆਈਓਸੀਐਲ ਵਿਚਕਾਰ ਗੈਸ ਦੀ ਵਿਕਰੀ ਅਤੇ ਖਰੀਦ ਲਈ ਇੱਕ ਵਿਆਪਕ ਰੂਪ-ਰੇਖਾ ਤਿਆਰ ਕੀਤੀ ਗਈ ਹੈ।ਅਧਿਕਾਰੀਆਂ ਮੁਤਾਬਕ ਇਹ ਸਮਝੌਤਾ ਭਾਰਤ ਦੀ ਊਰਜਾ ਸੁਰੱਖਿਆ ਨੂੰ ਹੋਰ ਮਜ਼ਬੂਤੀ ਦੇਵੇਗਾ। ਇਹ ਇਸ ਲਈ ਵੀ ਅਹਿਮ ਹੈ, ਕਿਉਂਕਿ ਭਾਰਤ ਜਿੰਨੀ ਐਲ.ਪੀ.ਜੀ. ਦਰਾਮਦ ਕਰਦਾ ਹੈ, ਉਸ ਦਾ ਲੱਗਭੱਗ 40 ਫ਼ੀਸਦੀ ਹਿੱਸਾ ਇਕੱਲਾ ਯੂ ਏ ਈ ਹੀ ਦਿੰਦਾ ਹੈ। ਇਸ ਤੋਂ ਇਲਾਵਾ ਯੂ ਏ ਈ ਭਾਰਤ ਨੂੰ ਕੱਚਾ ਤੇਲ ਅਤੇ ਐੱਲ ਐੱਨ ਜੀ (ਐਲਐਨਜੀ) ਸਪਲਾਈ ਕਰਨ ਵਾਲੇ ਸਭ ਤੋਂ ਵੱਡੇ ਦੇਸ਼ਾਂ ਵਿੱਚੋਂ ਇੱਕ ਹੈ।

ਡੀ.ਜੀ. ਵਿਜੀਲੈਂਸ ਸ਼ਰਦ ਸੱਤਿਆ ਚੌਹਾਨ ਦਾ

ਪੰਜਾਬ ਵਿਜੀਲੈਂਸ ਦੇ ਡੀ.ਜੀ. ਸ਼ਰਦ ਸੱਤਿਆ ਚੌਹਾਨ ਅਤੇ ਉਨ੍ਹਾਂ ਦੇ ਗੰਡਰ ਓ.ਪੀ. ਰਾਣਾ ਦੇ ਬਿਹਾਫ਼ 'ਤੇ ਵਿਚੋਲੇ (ਦਲਾਲ) ਵਜੋਂ ਕੰਮ ਕਰ ਰਹੇ ਸਨ। ਇਨ੍ਹਾਂ ਦੋਵਾਂ ਨੇ ਟੈਕਸ ਅਫ਼ਸਰ ਖ਼ਿਲਾਫ਼ ਚੱਲ ਰਹੀ ਜਾਂਚ ਨੂੰ ਬੰਦ ਕਰਵਾਉਣ ਦੇ ਬਦਲੇ ਨਾਜਾਇਜ਼ ਰਕਮ (ਰਿਸ਼ਵਤ) ਦੀ ਮੰਗ ਕੀਤੀ ਸੀ।

ਸੀ.ਬੀ.ਆਈ. ਦੀ ਚੰਡੀਗੜ੍ਹ ਸਥਿਤ ਐਂਟੀ-ਕਰਪਸ਼ਨ ਬਿਊਰੋ ਪੁਲਿਸ ਥਾਣੇ ਵਿੱਚ 11 ਮਈ ਨੂੰ ਦਰਜ ਕੀਤੀ ਗਈ ਇਸ ਐੱਫ.ਆਈ.ਆਰ. ਵਿੱਚ ਡੀ.ਜੀ. (ਵਿਜੀਲੈਂਸ) ਦੇ ਗੰਡਰ ਓ.ਪੀ. ਰਾਣਾ, ਮਲੋਟ ਦੇ ਵਸਨੀਕ ਵਿਕਾਸ ਗੋਇਲ, ਉਸ ਦੇ ਪੁੱਤਰ ਰਾਘਵ ਗੋਇਲ ਸਮੇਤ ਕੁਝ ਹੋਰ ਅਣਪਛਾਤੇ ਸਰਕਾਰੀ ਅਤੇ ਨਿੱਜੀ ਵਿਅਕਤੀਆਂ ਨੂੰ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਹੈ। ਜਾਂਚ ਏਜੰਸੀ ਵੱਲੋਂ ਇਸ ਮਾਮਲੇ ਵਿੱਚ ਅਪਰਾਧਿਕ ਸਾਜ਼ਿਸ਼ ਰਚਣ, ਇੱਕ ਸਰਕਾਰੀ ਕਰਮਚਾਰੀ ਵੱਲੋਂ ਨਾਜਾਇਜ਼ ਫ਼ਾਇਦਾ ਮੰਗਣ ਅਤੇ ਨਿੱਜੀ ਪ੍ਰਭਾਵ ਜਾਂ ਭ੍ਰਿਸ਼ਟ ਤਰੀਕਿਆਂ ਰਾਹੀਂ ਸਰਕਾਰੀ ਅਧਿਕਾਰੀ ਨੂੰ ਪ੍ਰਭਾਵਿਤ ਕਰਨ ਵਰਗੀਆਂ ਗੰਭੀਰ ਧਾਰਾਵਾਂ ਤਹਿਤ ਜਾਂਚ ਕੀਤੀ ਜਾ ਰਹੀ ਹੈ।

ਸੀ.ਬੀ.ਆਈ. ਅਦਾਲਤ ਨੇ ਰਾਘਵ ਗੋਇਲ

ਕਰਵਾਉਣ ਬਦਲੇ 20 ਲੱਖ ਰੁਪਏ ਦੀ ਮੰਗ ਕੀਤੀ ਸੀ।

ਇਹ ਦੋਸ਼ ਲਗਾਇਆ ਗਿਆ ਸੀ ਕਿ ਦੋਵੇਂ ਮੁਲਜ਼ਮ ਡੀ.ਜੀ.ਪੀ. ਵਿਜੀਲੈਂਸ ਪੰਜਾਬ ਦੇ ਗੰਡਰ ਸਮੇਤ ਸੀਨੀਅਰ ਵਿਜੀਲੈਂਸ ਅਧਿਕਾਰੀਆਂ ਲਈ ਵਿਚੋਲੇ ਵਜੋਂ ਕੰਮ ਕਰ ਰਹੇ ਸਨ ਅਤੇ ਸ਼ਿਕਾਇਤਕਰਤਾ ਨੂੰ ਭਰੋਸਾ ਦਿਵਾਉਣ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਰ ਰਹੇ ਸਨ ਕਿ ਉਸ ਦਾ ਮਾਮਲਾ ਸੁਲਝਾਇਆ ਜਾ ਸਕਦਾ ਹੈ। ਡੀ.ਜੀ. ਵਿਜੀਲੈਂਸ ਦੇ ਗੰਡਰ ਓ.ਪੀ. ਰਾਣਾ ਨੇ ਰਿਸ਼ਵਤ ਦੀ ਰਕਮ ਅਦਾ ਹੋਣ ਤੋਂ ਬਾਅਦ ਸ਼ਿਕਾਇਤ ਬੰਦ ਕਰਨ ਦਾ ਭਰੋਸਾ ਦਿੱਤਾ ਸੀ। ਨਿਆਂਇਕ ਹਿਰਾਸਤ ਦੀ ਮੰਗ ਕਰਦੇ ਹੋਏ ਸਰਕਾਰੀ ਵਕੀਲ ਨੇ ਕਿਹਾ ਕਿ ਮੌਜੂਦਾ ਮਾਮਲੇ ਦੀ ਜਾਂਚ ਚੱਲ ਰਹੀ ਹੈ। ਇਸ ਦੇ ਮੱਦੇਨਜ਼ਰ ਮੁਲਜ਼ਮਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਿਆ ਜਾਵੇ। ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਰਾਘਵ ਗੋਇਲ ਅਤੇ ਵਿਕਾਸ ਉਰਫ਼ ਵਿੱਕੀ ਗੋਇਲ ਦੋਵਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਅਤੇ ਇਹ ਟਿੱਪਣੀ ਕੀਤੀ ਕਿ ਮੁਲਜ਼ਮਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਦੇ ਵਾਜਬ ਆਧਾਰ ਮੌਜੂਦ ਹਨ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ

ਅਜਿਹਾ ਕੋਈ ਹੱਲ ਨਹੀਂ ਹੈ ਜੋ ਲੱਭਿਆ ਨਾ ਜਾ ਸਕੇ। 2027 ਦੀਆਂ ਪੰਜਾਬ ਚੋਣਾਂ ਬਾਰੇ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਖੁਲਾਸਾ ਹੋਇਆ ਹੈ ਕਿ ਪੱਛਮੀ ਬੰਗਾਲ ਵਿਚ ਬਹੁਤ ਸਾਰੀਆਂ ਜਾਇਜ਼ ਵੋਟਾਂ ਰੱਦ ਕਰ ਦਿੱਤੀਆਂ ਗਈਆਂ ਸਨ। ਜੇਕਰ ਇਹ ਸੱਚ ਹੈ ਤਾਂ ਸਾਨੂੰ ਚੌਕਸ ਰਹਿਣ ਦੀ ਲੋੜ ਹੈ। ਗੈਰ-ਕਾਨੂੰਨੀ ਵੋਟਾਂ ਰੱਦ ਕਰਨਾ ਠੀਕ ਹੈ, ਪਰ ਜਾਇਜ਼ ਵੋਟਾਂ ਰੱਦ ਕਰਨਾ ਗਲਤ ਹੈ।

ਅਦਾਲਤ ਵੱਲੋਂ ਵਿਵਾਦਤ 'ਭੋਜਸ਼ਾਲਾ' ਨੂੰ ਮੰਦਰ

ਸੁਰੱਖਿਅਤ ਇੱਕ ਇਮਾਰਤ ਦੀ ਧਾਰਮਿਕ ਸਥਿਤੀ ਨਾਲ ਜੁੜਿਆ ਹੋਇਆ ਸੀ। ਹਿੰਦੂ ਪੱਖ ਇਸ ਨੂੰ ਵਾਗਦੇਵੀ ਦਾ ਮੰਦਰ ਮੰਨਦਾ ਆ ਰਿਹਾ ਸੀ, ਜਦੋਂ ਕਿ ਮੁਸਲਿਮ ਪੱਖ ਇਸ ਇਮਾਰਤ ਨੂੰ 'ਕਮਾਲ ਮੌਲਾ ਮਸਜਿਦ' ਵਜੋਂ ਦਾਅਵਾ ਕਰਦਾ ਸੀ। ਇਸੇ ਦੌਰਾਨ, ਜੈਨ ਭਾਈਚਾਰੇ ਦੇ ਇੱਕ ਪਟੀਸ਼ਨਰ ਨੇ ਵੀ ਅਦਾਲਤ ਵਿੱਚ ਦਾਅਵਾ ਕੀਤਾ ਸੀ ਕਿ ਇਹ ਵਿਵਾਦਤ ਕੰਪਲੈਕਸ ਮੱਧਕਾਲੀਨ ਜੈਨ ਮੰਦਰ ਅਤੇ ਗੁਰੂਕੁਲ ਰਿਹਾ ਹੈ। ਹਾਈ ਕੋਰਟ ਦੀ ਇੰਦੌਰ ਬੈਂਚ ਦੇ ਜਸਟਿਸ ਵਿਜੇ ਕੁਮਾਰ ਸ਼ੁਕਲਾ ਅਤੇ ਜਸਟਿਸ ਆਲੋਕ ਅਵਸਥੀ 'ਤੇ ਅਧਾਰਿਤ ਦੋ ਮੈਂਬਰੀ ਬੈਂਚ ਨੇ ਇਸ ਸਾਲ 6 ਅਪਰੈਲ ਤੋਂ ਇਸ ਮਾਮਲੇ ਨਾਲ ਸਬੰਧਤ ਪੰਜ ਪਟੀਸ਼ਨਾਂ ਅਤੇ ਇੱਕ ਰਿੱਟ ਅਪੀਲ 'ਤੇ ਨਿਯਮਤ ਸੁਣਵਾਈ ਸ਼ੁਰੂ ਕੀਤੀ ਸੀ। ਵੱਖ-ਵੱਖ ਧਾਰਮਿਕ ਮਾਨਤਾਵਾਂ, ਇਤਿਹਾਸਕ ਦਾਅਵਿਆਂ, ਗੁੰਝਲਦਾਰ ਕਾਨੂੰਨੀ ਉਪਬੰਧਾਂ ਅਤੇ ਹਜ਼ਾਰਾਂ ਦਸਤਾਵੇਜ਼ਾਂ ਨੂੰ ਘੋਖਣ ਤੋਂ ਬਾਅਦ ਅਦਾਲਤ ਨੇ 12 ਮਈ ਨੂੰ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ, ਜੋ ਅੱਜ ਸੁਣਾਇਆ ਗਿਆ।

ਏ.ਐੱਸ.ਆਈ. ਦੀ 2,000 ਪੰਨਿਆਂ ਦੀ ਰਿਪੋਰਟ ਬਣੀ ਫੈਸਲੇ ਦਾ ਆਧਾਰ: ਅਦਾਲਤ ਵਿੱਚ ਸੁਣਵਾਈ ਦੌਰਾਨ ਏ.ਐੱਸ.ਆਈ. ਵੱਲੋਂ ਸੌਂਪੀ ਗਈ 2,000 ਤੋਂ ਵੱਧ ਪੰਨਿਆਂ ਦੀ ਵਿਗਿਆਨਕ ਸਰਵੇਖਣ ਰਿਪੋਰਟ ਸਭ ਤੋਂ ਅਹਿਮ ਸਾਬਤ ਹੋਈ। ਰਿਪੋਰਟ ਵਿੱਚ ਦੱਸਿਆ ਗਿਆ ਸੀ ਕਿ ਮਸਜਿਦ ਦੇ ਨਿਰਮਾਣ ਤੋਂ ਪਹਿਲਾਂ ਉੱਥੇ ਧਾਰ ਦੇ ਪਰਮਾਰ ਰਾਜਿਆਂ ਦੇ ਸ਼ਾਸਨਕਾਲ ਦੀ ਇੱਕ ਵਿਸ਼ਾਲ ਇਮਾਰਤ (ਮੰਦਰ) ਮੌਜੂਦ ਸੀ। ਮੌਜੂਦਾ ਵਿਵਾਦਤ ਢਾਂਚੇ ਨੂੰ ਮੰਦਰ ਦੇ ਹਿੱਸਿਆਂ (ਖੰਭਿਆਂ ਅਤੇ ਪੱਥਰਾਂ) ਨੂੰ ਹੀ ਮੁੜ ਵਰਤੋਂ ਵਿੱਚ ਲਿਆ ਕੇ ਬਣਾਇਆ ਗਿਆ ਸੀ। ਹਿੰਦੂ ਪੱਖ ਨੇ ਦਲੀਲ ਦਿੱਤੀ ਸੀ ਕਿ ਸਰਵੇਖਣ ਦੌਰਾਨ ਮਿਲੇ ਸਿੱਕੇ, ਮੂਰਤੀਆਂ ਅਤੇ ਸ਼ਿਲਾਲੇਖ (ਸੰਸਕ੍ਰਿਤ ਇਬਾਰਤਾਂ) ਇਹ ਸਾਬਤ ਕਰਦੇ ਹਨ ਕਿ ਇਹ ਮੂਲ ਰੂਪ ਵਿੱਚ ਇੱਕ ਹਿੰਦੂ ਮੰਦਰ ਸੀ।

ਦੂਜੇ ਪਾਸੇ ਮੁਸਲਿਮ ਪੱਖ ਨੇ ਇਸ ਸਰਵੇਖਣ ਰਿਪੋਰਟ ਨੂੰ ਪੱਖਪਾਤੀ ਦੱਸਦਿਆਂ ਰੱਦ ਕਰਨ ਦੀ ਮੰਗ ਕੀਤੀ ਸੀ ਪਰ ਏ.ਐੱਸ.ਆਈ. ਨੇ ਅਦਾਲਤ ਨੂੰ ਦੱਸਿਆ ਕਿ ਇਸ ਸਰਵੇਖਣ ਵਿੱਚ ਮੁਸਲਿਮ ਭਾਈਚਾਰੇ ਦੇ ਤਿੰਨ ਮਾਹਰਾਂ ਸਮੇਤ ਕਈ ਮਾਹਰ ਸ਼ਾਮਲ ਸਨ, ਜਿਸ ਕਾਰਨ ਇਸ 'ਤੇ ਸ਼ੱਕ ਨਹੀਂ ਕੀਤਾ ਜਾ ਸਕਦਾ।

ਪੁਲਿਸ ਵੱਲੋਂ ਕਿਸਾਨਾਂ 'ਤੇ ਲਾਠੀਚਾਰਜ

ਚੰਡੀਗੜ੍ਹ ਵੱਲ ਵਧ ਰਹੇ ਸਨ ਪਰ ਚੰਡੀਗੜ੍ਹ ਪੁਲਿਸ ਨੇ ਮੁਸਤੈਦੀ ਦਿਖਾਉਂਦਿਆਂ ਕਿਸਾਨਾਂ ਨੂੰ ਸ਼ਹਿਰ ਦੀ ਹੱਦ ਅੰਦਰ ਦਾਖ਼ਲ ਹੋਣ ਤੋਂ ਪਹਿਲਾਂ ਹੀ ਰੋਕਣ ਲਈ ਮਜ਼ਬੂਤ ਬੈਰੀਕੇਡਿੰਗ ਕਰ ਦਿੱਤੀ ਸੀ। ਸਰਹੱਦ 'ਤੇ ਲਗਾਏ ਨਾਕਿਆਂ ਕੋਲ ਪਹੁੰਚ ਕੇ ਕਿਸਾਨਾਂ ਅਤੇ ਪੁਲਿਸ ਦਰਮਿਆਨ ਤਿੱਖੀ ਬਹਿਸ ਹੋਈ, ਜੋ ਕੁਝ ਹੀ ਦੇਰ ਵਿੱਚ ਹੰਗਾਮੇ ਵਿੱਚ ਬਦਲ ਗਈ। ਜਦੋਂ ਕਿਸਾਨਾਂ ਨੇ ਬੈਰੀਕੇਡ ਹਟਾ ਕੇ ਜ਼ਬਰਦਸਤੀ ਅੱਗੇ ਵਧਣ ਦਾ ਯਤਨ ਕੀਤਾ, ਤਾਂ ਪੁਲਿਸ ਨੇ ਕਿਸਾਨਾਂ ਉੱਤੇ ਲਗਾਤਾਰ ਪਾਣੀ ਦੀਆਂ ਬੁਛਾੜਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ। ਪਾਣੀ ਦੀ ਮਾਰ ਅਤੇ ਧੱਕਾਮੁੱਕੀ ਦੌਰਾਨ ਹਫੜਾ-ਦਫੜੀ ਮੱਚ ਗਈ, ਜਿਸ ਵਿੱਚ ਅਨੇਕਾਂ ਬਜ਼ੁਰਗ ਅਤੇ ਨੌਜਵਾਨ ਕਿਸਾਨਾਂ ਦੀਆਂ ਪੱਗਾਂ ਵੀ ਲੱਥ ਗਈਆਂ। ਇਸ ਦੇ ਬਾਵਜੂਦ ਜਦੋਂ ਸਥਿਤੀ ਬੇਕਾਬੂ ਹੋਣ ਲੱਗੀ, ਤਾਂ ਪੁਲਿਸ ਨੇ ਲਾਠੀਚਾਰਜ ਕਰਦਿਆਂ ਅੱਥਰੂ ਗੈਸ ਦੇ ਗੋਲੇ ਦਾਗੇ ਗਏ।

ਇਸ ਤੋਂ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਗਵਰਨਰ ਹਾਊਸ ਚੰਡੀਗੜ੍ਹ ਵੱਲ ਕੂਚ ਕਰਨ ਦੇ ਦਿੱਤੇ ਗਏ ਸੱਦੇ ਤਹਿਤ ਮੁਹਾਲੀ ਵਿਖੇ ਕਿਸਾਨਾਂ ਦਾ ਧਰਨਾ ਆਰੰਭ ਹੋ ਗਿਆ ਹੈ। ਕਿਸਾਨਾਂ ਦਾ ਇਹ ਧਰਨਾ

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

ਪਹਿਲੇ ਸਫ਼ੇ ਦੀ ਬਾਕੀ

ਵਾਈ.ਪੀ.ਐਸ. ਚੌਕ ਦੇ ਨੇੜੇ ਇੱਕ ਪਾਰਕ ਵਿਖੇ ਸ਼ੁਰੂ ਹੋਇਆ ਹੈ ਅਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿੱਚ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਰੁਲਦੂ ਸਿੰਘ ਮਾਨਸਾ, ਬੂਟਾ ਸਿੰਘ ਬੁਰਜ ਗਿੱਲ, ਹਰਿੰਦਰ ਸਿੰਘ ਲੱਖੋਵਾਲ ਪ੍ਰਮੁੱਖ ਹਨ ਇੱਥੇ ਪਹੁੰਚੇ ਹੋਏ ਹਨ। ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਕਿਸਾਨ, ਜਿਨ੍ਹਾਂ ਵਿੱਚ ਮਹਿਲਾਵਾਂ ਵੀ ਸ਼ਾਮਿਲ ਹਨ ਇਕੱਠ ਵਿੱਚ ਸ਼ਾਮਲ ਹੋਏ ਸਨ।

ਗਲਤੀ ਮੋਦੀ ਸਰਕਾਰ ਕਰੇਗੀ ਅਤੇ ਕੀਮਤ

ਦਿੱਲੀ 'ਚ ਪੈਟਰੋਲ ਦੀ ਕੀਮਤ 94.77 ਰੁਪਏ ਪ੍ਰਤੀ ਲੀਟਰ ਤੋਂ ਵੱਧ ਕੇ 97.77 ਰੁਪਏ ਪ੍ਰਤੀ ਲੀਟਰ ਹੋ ਗਈ ਹੈ।ਰਾਹੁਲ ਗਾਂਧੀ ਨੇ 'ਐਕਸ' 'ਤੇ ਪੋਸਟ ਕੀਤਾ, ''ਗਲਤੀ ਮੋਦੀ ਸਰਕਾਰ ਦੀ, ਕੀਮਤ ਜਨਤਾ ਚੁਕਾਏਗੀ। ਤਿੰਨ ਰੁਪਏ ਦਾ ਝਟਕਾ ਆ ਚੁੱਕਿਆ, ਬਾਕੀ ਵਸੂਲੀ ਕਿਸ਼ਤਾਂ ਨਾਲ ਕੀਤੀ ਜਾਵੇਗੀ।''

ਜਲੰਧਰ ਬੰਬ ਧਮਾਕੇ ਮਾਮਲੇ 'ਚ ਲੋੜੀਂਦੇ ਦੋ ਕਾਬੂ

ਟਾਈਮਬਰ ਸੈੱਟ ਕਰਨਾ ਸਿੱਖਿਆ ਸੀ। ਘਟਨਾ ਵਾਲੇ ਦਿਨ ਉਹ ਕਾਰ ਵਿੱਚ ਪੀਏਪੀ ਚੌਕ ਤੱਕ ਆਇਆ ਅਤੇ ਫਿਰ ਗਲਤ ਸਾਈਡ ਤੋਂ ਧਮਾਕਾ ਕਰਨ ਵਾਲੀ ਜਗ੍ਹਾ 'ਤੇ ਪਹੁੰਚਿਆ ਸੀ। ਉਸ ਨੇ ਮੰਨਿਆ ਕਿ ਕਿ ਉਸ ਨੇ ਪਹਿਲੀ ਵਾਰੀ ਧਮਾਕਾ ਕੀਤਾ ਹੈ ਇਸ ਲਈ ਉਸਦੇ ਹੱਥ ਕੰਬ ਰਹੇ ਸਨ।

ਬੰਬ ਧਮਾਕੇ ਦੀ ਲੋੜੀਂਦਾ ਦੂਸਰਾ ਵਿਅਕਤੀ ਅਨਿਲ ਸ਼ਰਮਾ ਜੋ ਕਿ ਉੱਤਰ ਪ੍ਰਦੇਸ਼ ਦੇ ਮੁਜੱਫਰ ਨਗਰ ਦਾ ਰਹਿਣ ਵਾਲਾ ਹੈ। ਉਸਨੇ ਦਾਅਵਾ ਕੀਤਾ ਕਿ ਉਹ ਸੁਰੱਖਿਆ ਏਜੰਸੀਆਂ ਲਈ ਵੀ ਕੰਮ ਕਰਦਾ ਰਿਹਾ ਹੈ। ਉਸ ਨੇ ਮੰਨਿਆ ਕਿ ਧਮਾਕੇ ਦੀ ਜਾਣਕਾਰੀ ਉਹਨਾਂ ਸੁਰੱਖਿਆ ਏਜੰਸੀਆਂ ਨਾਲ ਸਾਂਝੀ ਕੀਤੀ ਸੀ। ਉਸ ਨੇ ਮੰਨਿਆ ਕਿ ਬੀ.ਐਸ.ਐਫ. ਚੌਕ ਵਿੱਚ ਖੜ੍ਹੇ ਹੋ ਕੇ ਉਸਨੇ ਪਾਕਿਸਤਾਨ ਬੈਠੇ ਆਪਣੇ ਆਕਾਵਾਂ ਨੂੰ ਧਮਾਕਾ ਹੁੰਦਾ ਦਿਖਾਇਆ ਸੀ। ਧਮਾਕੇ ਤੋਂ ਬਾਅਦ ਉਹ ਬੱਸ ਵਿੱਚ ਬੈਠ ਕੇ ਫਰਾਰ ਹੋ ਗਿਆ ਸੀ। ਬੀ.ਐੱਸ.ਐੱਫ. ਦੇ ਹੈੱਡਕੁਆਰਟਰ ਅੱਗੇ ਹੋਏ ਬੰਬ ਧਮਾਕੇ ਕਰਨ ਵਾਲੇ ਦੋਸ਼ੀਆਂ ਤੱਕ ਪਹੁੰਚਣ ਲਈ ਪੁਲਿਸ ਨੇ 150 ਤੋਂ ਵੱਧ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਸੀ। ਕੈਮਰਿਆਂ ਦੀ ਜਾਂਚ ਮੌਕੇ ਇੱਕ ਕਾਰ ਜੋ ਕਿ ਬੰਬ ਧਮਾਕਾ ਹੋਣ ਤੋਂ ਪਹਿਲਾਂ ਉੱਥੇ ਰੁਕੀ ਸੀ ਅਤੇ ਧਮਾਕਾ ਹੋਣ ਦੇ ਪੰਜ ਮਿੰਟ ਬਾਅਦ ਉਥੋਂ ਚਲੇ ਗਏ ਸੀ। ਪੁਲਿਸ ਨੇ ਉਸ ਕਾਰ ਦਾ ਪਿੱਛਾ ਕਰਦੇ ਹੋਏ ਜ਼ੀਰਕਪੁਰ ਪਹੁੰਚੇ ਤਾਂ ਉਥੋਂ ਉਹਨਾਂ ਨ

ਸੀ.ਈ.ਓ. ਅਨਿੰਦਿਤਾ ਮਿਤਰਾ ਵੱਲੋਂ ਰਜਿਸਟਰਡ ਤੇ ਮਾਨਤਾ ਪ੍ਰਾਪਤ ਸਿਆਸੀ ਦਲਾਂ ਨੂੰ ਬੀ.ਐਲ.ਏ. ਲਗਾਉਣ ਦੀ ਅਪੀਲ

ਚੰਡੀਗੜ੍ਹ, 15 ਮਈ (ਚ.ਨ.ਸ.): ਪੰਜਾਬ ਰਾਜ ਵਿੱਚ ਭਾਰਤੀ ਚੋਣ ਕਮਿਸ਼ਨ ਵੱਲੋਂ ਕਰਵਾਏ ਜਾ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਸਬੰਧੀ ਅੱਜ ਮੁੱਖ ਚੋਣ ਅਫ਼ਸਰ ਪੰਜਾਬ ਅਨਿੰਦਿਤਾ ਮਿਤਰਾ ਵਲੋਂ ਪੰਜਾਬ ਰਾਜ ਦੀਆਂ ਰਜਿਸਟਰਡ ਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਪੰਜਾਬ ਰਾਜ ਦੀਆਂ ਰਜਿਸਟਰਡ ਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨੂੰ ਅਪੀਲ ਕੀਤੀ ਕਿ ਉਹ ਐਸ.ਆਈ.ਆਰ. ਸਬੰਧੀ ਬੂਥ ਲੈਵਲ ਏਜੰਟ (ਬੀ.ਐਲ.ਏ.) ਦੀਆਂ ਨਿਯੁਕਤੀਆਂ ਜਲਦ ਤੋਂ ਜਲਦ ਕਰ ਦੇਣ ਤਾਂ ਜੋ ਇਹਨਾਂ ਬੀ.ਐਲ. ਏਜ਼ ਨੂੰ ਬੀ.ਐਲ.ਓਜ਼ ਦੇ ਨਾਲ ਹੀ ਸਮਾਂ ਰਹਿੰਦਿਆਂ ਟ੍ਰੇਨਿੰਗ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਬੀ.ਐਲ.ਏਜ਼ ਦੀ ਭੂਮਿਕਾ ਬਹੁਤ ਅਹਿਮ ਹੈ ਅਤੇ ਐਸ.ਆਈ.ਆਰ. ਦੇ ਹਰੇਕ ਪੜਾਅ ਉੱਤੇ ਬੀ.ਐਲ.ਓ. ਵੱਲੋਂ ਬੀ.ਐਲ.ਏ. ਨਾਲ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾਣਗੀਆਂ ਤਾਂ ਜੋ ਇਸ ਸਾਰੀ ਪ੍ਰਕਿਰਿਆ ਦੀ ਪਾਰਦਰਸ਼ਤਾ ਬਰਕਰਾਰ ਰਹੇ। ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਕਿਹਾ ਕਿ ਬੀ.ਐਲ.ਏ.-1 ਦੀ ਨਿਯੁਕਤੀ ਸਬੰਧੀ ਵੀ ਪ੍ਰਕਿਰਿਆ ਨੂੰ ਵੀ ਜਲਦ ਮੁਕੰਮਲ ਕਰ ਲਿਆ ਜਾਵੇ। ਮਿਤਰਾ ਨੇ ਕਿਹਾ ਕਿ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਦੌਰਾਨ ਦਫ਼ਤਰ ਮੁੱਖ ਚੋਣ ਅਫ਼ਸਰ ਪੰਜਾਬ ਰਾਜ ਦੀਆਂ ਰਾਜਨੀਤਿਕ ਪਾਰਟੀਆਂ ਨਾਲ ਲਗਾਤਾਰ ਸੰਪਰਕ ਵਿੱਚ ਰਹੇਗਾ। ਇਸ ਮੌਕੇ ਉਨ੍ਹਾਂ ਵੋਟ ਸਬੰਧੀ ਅਧਿਕਾਰੀ ਬਾਰੇ ਵੀ ਰਾਜਨੀਤਿਕ ਪਾਰਟੀਆਂ ਨੂੰ ਜਾਣੂ ਕਰਵਾਇਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਪੰਜਾਬ ਰਾਜ ਵਿੱਚ 25 ਜੂਨ,

2026 ਤੋਂ 24 ਜੁਲਾਈ, 2026 ਤੱਕ ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ। ਇਸ ਕਾਰਜ ਲਈ 24453 ਬੀਐਲਓਜ਼, 2476 ਸੁਪਰਵਾਈਜ਼ਰ, 117 ਈਆਰਓਜ਼ ਤੇ 234 ਏਈਆਰਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਤੇ ਅਯੋਗ ਵਿਅਕਤੀਆਂ ਨੂੰ ਸੂਚੀ ਵਿੱਚੋਂ ਬਾਹਰ ਕਰਨਾ ਹੈ। ਮੁੱਖ ਚੋਣ ਅਫ਼ਸਰ ਨੇ ਕਿਹਾ ਕਿ ਦੋਹਰੀ ਵੋਟ ਰੱਖਣਾ ਭਾਰਤੀ ਸੰਵਿਧਾਨ ਅਨੁਸਾਰ ਅਪਰਾਧ ਹੈ ਜਿਸ ਲਈ ਇੱਕ ਸਾਲ ਤੱਕ ਦੀ ਕੈਦ ਦੀ ਸਜ਼ਾ ਹੈ। ਮਿਤਰਾ ਨੇ ਦੱਸਿਆ ਕਿ ਸੂਬੇ ਦੇ ਦਿਹਾਤੀ ਇਲਾਕਿਆਂ ਵਿੱਚ 89.58 ਫ਼ੀਸਦੀ ਮੈਪਿੰਗ ਹੋ ਚੁੱਕੀ ਹੈ ਜਦਕਿ ਸ਼ਹਿਰੀ ਖੇਤਰਾਂ ਵਿੱਚ 73 ਫ਼ੀਸਦੀ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਮੁੱਖ ਚੋਣ ਅਫ਼ਸਰ ਵੱਲੋਂ ਦੱਸਿਆ ਗਿਆ ਕਿ ਸਾਲ 2003 ਵਿੱਚ ਵੀ ਪੰਜਾਬ ਰਾਜ ਵਿੱਚ ਐਸ.ਆਈ.ਆਰ. ਹੋਈ ਸੀ। ਉਸ ਐਸ.ਆਈ.ਆਰ. ਨੂੰ ਆਧਾਰ ਮੰਨ ਕੇ ਮੌਜੂਦਾ ਐਸ.ਆਈ.ਆਰ. ਕੀਤੀ ਜਾ ਰਹੀ ਹੈ। ਮੀਟਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਵੱਲੋਂ ਐਸ.ਆਈ.ਆਰ. ਸਬੰਧੀ ਕੁਝ ਸ਼ੰਕੇ ਪ੍ਰਗਟਾਏ ਗਏ ਜਿਹਨਾਂ ਨੂੰ ਮੁੱਖ ਚੋਣ ਅਫ਼ਸਰ ਵੱਲੋਂ ਦੂਰ ਕੀਤਾ ਗਿਆ ਅਤੇ ਰਾਜਨੀਤਿਕ ਪਾਰਟੀਆਂ ਨੂੰ ਭਰੋਸਾ ਦਵਾਇਆ ਗਿਆ ਕਿ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਹੀ ਨੇਪਰੇ ਚਾੜ੍ਹੀ ਜਾਵੇਗੀ। ਮੀਟਿੰਗ ਦੌਰਾਨ ਮਾਨਤਾ ਪ੍ਰਾਪਤ ਪਾਰਟੀਆਂ ਵਿੱਚੋਂ ਆਮ ਆਦਮੀ ਪਾਰਟੀ ਤੋਂ ਫੈਰੀ ਸੋਫ਼ਤ, ਬਹੁਜਨ ਸਮਾਜ ਪਾਰਟੀ ਤੋਂ ਡਾ. ਅਵਤਾਰ ਸਿੰਘ ਕਰੀਮਪੁਰੀ, ਭਾਰਤੀ ਜਨਤਾ ਪਾਰਟੀ ਤੋਂ ਐਨ.ਕੇ. ਵਰਮਾ, ਕਮਿਊਨਿਸਟ ਪਾਰਟੀ ਆਫ਼ ਇੰਡੀਆ (ਮਾਰਕਸਵਾਦੀ) ਆਰ.ਐਲ. ਮੋਦਗਿੱਲ ਅਤੇ ਰਣਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਡਾ. ਅਮਰ ਸਿੰਘ ਅਤੇ ਕੈਪਟਨ ਸੰਦੀਪ ਸੰਧੂ, ਸ਼੍ਰੋਮਣੀ ਅਕਾਲੀ ਦਲ ਤੋਂ ਡਾ. ਦਲਜੀਤ ਸਿੰਘ ਚੀਮਾ ਤੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਹਾਜ਼ਰ ਸਨ। ਇਸੇ ਤਰ੍ਹਾਂ, ਰਜਿਸਟਰਡ ਤੇ ਗੈਰ-ਮਾਨਤਾ ਪ੍ਰਾਪਤ ਪਾਰਟੀਆਂ ਵਿੱਚੋਂ ਜੈ ਜਵਾਨ ਜੈ ਕਿਸਾਨ ਪਾਰਟੀ ਦੇ ਮੇਜਰ ਆਰ.ਪੀ.ਐਸ. ਮਲਹੋਤਰਾ, ਨੈਸ਼ਨਲਿਸਟ ਜਸਟਿਸ ਪਾਰਟੀ ਤੋਂ ਪੀ. ਕੁਮਾਰ, ਸੱਚੋ ਸੱਚ ਪਾਰਟੀ ਤੋਂ ਸੁੱਚਾ ਲਾਲ, ਸਾਡਾ ਪੰਜਾਬ ਸਾਂਝਾ ਪੰਜਾਬ ਪਾਰਟੀ ਤੋਂ ਸੁਖਦੇਵ ਸਿੰਘ, ਸਮਾਜਿਕ ਸੰਘਰਸ਼ ਪਾਰਟੀ ਜਸਵਿੰਦਰ ਸਿੰਘ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) (ਸਿਮਰਨਜੀਤ ਸਿੰਘ ਮਾਨ) ਤੋਂ ਕੁਸ਼ਲਪਾਲ ਸਿੰਘ ਮਾਨ ਹਾਜ਼ਰ ਸਨ।

ਚੰਡੀਗੜ੍ਹ ਦੇ ਟ੍ਰਿਬਿਊਨ ਚੌਕ ਫਲਾਈਓਵਰ ਦਾ ਮਾਮਲਾ

ਹਾਈ ਕੋਰਟ ਵੱਲੋਂ ਰੁੱਖਾਂ ਦੀ ਕਟਾਈ 'ਤੇ ਰੋਕ, ਪ੍ਰੋਜੈਕਟ ਦਾ ਕੰਮ ਫਿਲਹਾਲ ਠੱਪ

ਚੰਡੀਗੜ੍ਹ, 15 ਮਈ (ਚ.ਨ.ਸ.): ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਪ੍ਰਸਤਾਵਿਤ ਟ੍ਰਿਬਿਊਨ ਚੌਕ ਫਲਾਈਓਵਰ ਪ੍ਰੋਜੈਕਟ ਲਈ ਰੁੱਖਾਂ ਦੀ ਕਟਾਈ 'ਤੇ ਰੋਕ ਲਗਾ ਦਿੱਤੀ ਹੈ, ਜਿਸ ਨਾਲ ਇਸ ਪ੍ਰਕਿਰਿਆ ਨੂੰ ਅਸਲ ਵਿੱਚ ਠੱਪ ਕਰ ਦਿੱਤਾ ਗਿਆ ਹੈ। ਸ਼ੁਰੂਆਤ ਵਿੱਚ, ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੇ ਡਿਵੀਜ਼ਨ ਬੈਂਚ ਨੇ ਦੇਖਿਆ ਕਿ ਮਾਮਲੇ ਦੀ ਪਹਿਲਾਂ ਹੀ ਸੁਣਵਾਈ ਹੋ ਚੁੱਕੀ ਹੈ ਅਤੇ ਜਲਦੀ ਹੀ ਕਿਸੇ ਤਰੀਕ 'ਤੇ ਅੰਤਿਮ ਫੈਸਲਾ ਹੋਣ ਦੀ ਸੰਭਾਵਨਾ ਹੈ। ਬੈਂਚ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੀ ਸਥਿਤੀ ਵਿੱਚ, ਇਹ ਉਚਿਤ ਹੋਵੇਗਾ ਕਿ ਯੂ.ਟੀ. ਪ੍ਰਸ਼ਾਸਨ ਅਤੇ ਹੋਰ ਜਵਾਬਦੇਹ ਧਿਰਾਂ ਨੂੰ ਟ੍ਰਿਬਿਊਨ ਚੌਕ ਦੇ ਨੇੜੇ-ਤੇੜੇ ਕਿਸੇ ਵੀ ਅੰਬ ਦੇ ਰੁੱਖ ਜਾਂ ਕਿਸੇ ਹੋਰ ਰੁੱਖ ਨੂੰ ਕੱਟਣ ਜਾਂ ਛਾਂਟਣ ਤੋਂ ਰੋਕਿਆ ਜਾਵੇ। ਅਦਾਲਤ ਨੇ ਉਸੇ ਸਮੇਂ, ਹੁਕਮ ਦੇ ਅਸਥਾਈ ਸੁਭਾਅ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ "ਅੰਤਿਮ ਨਿਰਦੇਸ਼, ਹਾਲਾਂਕਿ, ਪਟੀਸ਼ਨ ਦੇ ਅੰਤਿਮ ਨਤੀਜੇ ਦੇ ਅਧੀਨ ਰਹਿਣਗੇ। "ਇਹ ਹੁਕਮ ਟ੍ਰਿਬਿਊਨ ਚੌਕ ਵਿਖੇ ਪ੍ਰਸਤਾਵਿਤ ਫਲਾਈਓਵਰ ਨੂੰ ਚੁਣੌਤੀ ਦੇਣ ਵਾਲੀ ਇੱਕ ਪਟੀਸ਼ਨ 'ਤੇ ਆਇਆ ਹੈ, ਜਿਸ ਵਿੱਚ ਇਤਰਾਜ਼ ਜਤਾਇਆ ਗਿਆ ਸੀ ਕਿ ਇਹ ਪ੍ਰੋਜੈਕਟ ਸ਼ਹਿਰ ਦੇ ਵਿਰਾਸਤੀ ਚਰਿੱਤਰ ਅਤੇ ਯੋਜਨਾਬੰਦੀ ਦੇ ਢਾਂਚੇ ਦੀ ਉਲੰਘਣਾ ਕਰਦਾ ਹੈ।

ਸੁਣਵਾਈ ਦੌਰਾਨ ਪਟੀਸ਼ਨਰਾਂ ਦੇ ਵਕੀਲ, ਐਡਵੋਕੇਟ ਤਨੂ ਬੇਦੀ ਨੇ ਦਲੀਲ ਦਿੱਤੀ ਕਿ ਪ੍ਰਸਤਾਵਿਤ ਫਲਾਈਓਵਰ ਚੰਡੀਗੜ੍ਹ ਦੇ ਮਾਸਟਰ ਪਲਾਨ ਦੇ ਪਲਾਨ 2031 ਦਾ ਹਵਾਲਾ ਦਿੰਦੇ ਹੋਏ, ਪਟੀਸ਼ਨਰ ਦੇ ਵਕੀਲ ਨੇ ਕਿਹਾ ਸੀ ਕਿ ਚੰਡੀਗੜ੍ਹ ਨੂੰ ਪੈਦਲ ਚੱਲਣ ਵਾਲਿਆਂ ਅਤੇ ਸਾਈਕਲ ਸਵਾਰਾਂ ਦੇ ਅਨੁਕੂਲ ਸ਼ਹਿਰ ਵਜੋਂ ਯੋਜਨਾਬੱਧ ਕੀਤਾ ਗਿਆ ਸੀ ਅਤੇ ਫਲਾਈਓਵਰ ਸ਼ਹਿਰ ਦੇ ਦ੍ਰਿਸ਼ ਅਤੇ ਗੈਰ-ਮੋਟਰਾਈਜ਼ਡ ਆਵਾਜਾਈ ਨੂੰ ਪ੍ਰਭਾਵਿਤ ਕਰਦੇ ਹਨ। ਉਨ੍ਹਾਂ ਨੇ ਅੱਗੇ ਦਲੀਲ ਦਿੱਤੀ ਕਿ ਨਿੱਜੀ ਵਾਹਨਾਂ ਲਈ ਬੁਨਿਆਦੀ ਢਾਂਚੇ ਦਾ ਵਿਸਤਾਰ ਕਰਨ ਨਾਲ ਸਿਰਫ਼ ਭੀੜ ਇੱਕ ਬਿੰਦੂ ਤੋਂ ਦੂਜੇ ਬਿੰਦੂ ਤੱਕ ਤਬਦੀਲ ਹੋਵੇਗੀ ਅਤੇ ਪ੍ਰਸਤਾਵਿਤ ਫਲਾਈਓਵਰ ਨੂੰ ਚੰਡੀਗੜ੍ਹ ਦੀ ਵਿਰਾਸਤ ਲਈ ਮੌਤ ਦੀ ਘੰਟੀ ਦੱਸਿਆ। ਦੂਜੇ ਪਾਸੇ ਯੂ.ਟੀ. ਦੇ ਸੀਨੀਅਰ ਸਥਾਈ ਵਕੀਲ ਅਮਿਤ ਝਾਂਜੀ ਨੇ ਪਟੀਸ਼ਨ ਦਾ ਵਿਰੋਧ ਕੀਤਾ ਅਤੇ ਦਲੀਲ ਦਿੱਤੀ ਕਿ ਮਾਸਟਰ ਪਲਾਨ ਫਲਾਈਓਵਰਾਂ ਦੇ ਨਿਰਮਾਣ ਦੀ ਆਗਿਆ ਦਿੰਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਿਰਫ਼ ਸੈਕਟਰ 1 ਤੋਂ 30 ਤੱਕ ਦੇ ਖੇਤਰ ਨੂੰ ਹੀ ਹੈਰੀਟੇਜ ਜ਼ੋਨ ਵਜੋਂ ਮਾਨਤਾ ਦਿੱਤੀ ਗਈ ਹੈ, ਨਾ ਕਿ ਪੂਰੇ ਸ਼ਹਿਰ ਨੂੰ। ਝਾਂਜੀ ਨੇ ਕਿਹਾ ਕਿ ਇਹ ਪ੍ਰੋਜੈਕਟ ਪਹਿਲਾਂ ਹੀ ਨਿਆਂਇਕ ਸਮੀਖਿਆ ਵਿੱਚ ਬਚ ਚੁੱਕਾ ਹੈ। ਉਨ੍ਹਾਂ ਇਸ਼ਾਰਾ ਕੀਤਾ ਕਿ ਹਾਈ ਕੋਰਟ ਨੇ "ਗੁਣਾਂ ਦੀ ਵਿਆਪਕ ਸਮੀਖਿਆ" ਤੋਂ ਬਾਅਦ ਰੁੱਖਾਂ ਦੀ ਕਟਾਈ 'ਤੇ ਪਹਿਲਾਂ ਲੱਗੀ ਰੋਕ ਹਟਾ ਦਿੱਤੀ ਸੀ ਅਤੇ ਸੁਪਰੀਮ ਕੋਰਟ ਵਿੱਚ ਇਸ ਆਦੇਸ਼ ਵਿਰੁੱਧ ਚੁਣੌਤੀ ਬਾਕੀ ਨਹੀਂ ਰਹੀ ਕਿਉਂਕਿ ਸਪੈਸ਼ਲ ਲੀਵ ਪਟੀਸ਼ਨ ਸਤੰਬਰ, 2024 ਵਿੱਚ ਵਾਪਸ ਲੈ ਲਈ ਗਈ ਸੀ।

ਜ਼ਰੂਰਤ ਦੇ ਆਧਾਰ 'ਤੇ ਪ੍ਰੋਜੈਕਟ ਦਾ ਬਚਾਅ ਕਰਦੇ ਹੋਏ ਉਨ੍ਹਾਂ ਕਿਹਾ ਕਿ ਚੰਡੀਗੜ੍ਹ ਦੀ ਆਬਾਦੀ ਦੀ ਗਤੀਸ ਲਤਾ ਵਿੱਚ ਭਾਰੀ ਬਦਲਾਅ ਆਇਆ ਹੈ। ਉਨ੍ਹਾਂ ਦਲੀਲ ਦਿੱਤੀ, "ਜਦੋਂ ਕਿ ਸ਼ਹਿਰ ਪੰਜ ਲੱਖ ਲੋਕਾਂ ਲਈ ਯੋਜਨਾਬੱਧ ਕੀਤਾ ਗਿਆ ਸੀ, ਹੁਣ ਟ੍ਰਾਈ-ਸਿਟੀ ਦੀ ਆਬਾਦੀ 15 ਲੱਖ ਤੋਂ ਵੱਧ ਹੈ।" ਉਨ੍ਹਾਂ ਨੇ ਅੱਗੇ ਕਿਹਾ ਕਿ ਬੁਨਿਆਦੀ ਢਾਂਚਾ "1950 ਦੇ ਦਹਾਕੇ ਦੇ ਸੰਕਲਪਾਂ ਵਿੱਚ ਜੰਮਿਆ ਹੋਇਆ" ਨਹੀਂ ਰਹਿ ਸਕਦਾ। ਫਲਾਈਓਵਰ ਨੂੰ "ਕਾਰਜਸ਼ੀਲ ਲੋੜ" ਦੱਸਦੇ ਹੋਏ, ਝਾਂਜੀ ਨੇ ਜ਼ੀਰਕਪੁਰ ਅਤੇ ਦਿੱਲੀ ਤੋਂ ਆਉਣ ਵਾਲੇ ਯਾਤਰੀਆਂ ਲਈ 1.5 ਘੰਟੇ ਤੱਕ ਲੱਗਣ ਵਾਲੇ ਟ੍ਰੈਫਿਕ ਜਾਮ ਵੱਲ ਇਸ਼ਾਰਾ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਫੇਜ਼-99 (ਸੈਕਟਰ 31 ਤੋਂ ਅੱਗੇ) ਦੇ ਅਧੀਨ ਆਉਂਦਾ ਹੈ, ਜਿਸ ਨੂੰ ਵਿਰਾਸਤ-ਸੰਵੇਦਨਸ਼ੀਲ ਫੇਜ਼-9 ਦੇ ਉਲਟ, ਉੱਚ ਘਣਤਾ ਅਤੇ ਆਧੁਨਿਕ ਬੁਨਿਆਦੀ ਢਾਂਚੇ ਲਈ ਤਿਆਰ ਕੀਤਾ ਗਿਆ ਸੀ। ਵਾਤਾਵਰਣ ਦੀਆਂ ਚਿੰਤਾਵਾਂ 'ਤੇ ਉਨ੍ਹਾਂ ਕਿਹਾ ਕਿ ਘੱਟ ਕਰਨ ਦੇ ਉਪਾਅ ਪਹਿਲਾਂ ਹੀ ਜਾਰੀ ਹਨ, ਜਿਸ ਵਿੱਚ 5:1 ਦੇ ਅਨੁਪਾਤ ਨਾਲ 2,799 ਪੌਦੇ ਲਗਾਉਣਾ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ 2019 ਤੋਂ ਚੱਲ ਰਹੀ ਲੰਮੀ ਮੁਕੱਦਮੇਬਾਜ਼ੀ ਨੇ "ਸ਼ਹਿਰ ਦੀ ਤਰੱਕੀ ਨੂੰ ਇੱਕ ਦਹਾਕੇ ਲਈ ਰੋਕ ਦਿੱਤਾ ਹੈ," ਜਿਸ ਨਾਲ ਲਾਗਤਾਂ ਵਿੱਚ ਵਾਧਾ ਹੋਇਆ ਅਤੇ ਜਨਤਾ ਨੂੰ ਅਸੁਵਿਧਾ ਹੋਈ, ਜਦਕਿ ਇਹ ਭਰੋਸਾ ਦਿੱਤਾ ਕਿ ਪ੍ਰੋਜੈਕਟ ਨੂੰ ਅਮਲ ਵਿੱਚ ਲਿਆਉਣ ਤੋਂ ਪਹਿਲਾਂ ਸਾਰੀਆਂ ਵਾਤਾਵਰਣ ਸੰਬੰਧੀ ਮਨਜ਼ੂਰੀਆਂ ਪ੍ਰਾਪਤ ਕੀਤੀਆਂ ਜਾਣਗੀਆਂ।

ਐਨ.ਐਚ.ਐਮ. ਪੰਜਾਬ ਤੇ ਈਕੋ ਇੰਡੀਆ ਵੱਲੋਂ ਰਾਜ ਪੱਧਰੀ ਐਂਟੀਬਾਇਓਟਿਕ ਸਟੀਵਰਡਸ਼ਿਪ ਮੁਹਿੰਮ ਦੀ ਸ਼ੁਰੂਆਤ

ਚੰਡੀਗੜ੍ਹ, 15 ਮਈ (ਚ.ਨ.ਸ.): ਐਂਟੀਮਾਈਕਰੋਬਾਇਲ ਰੋਧਕਤਾ ਦੇ ਵਧ ਰਹੇ ਵਿਸ਼ਵਵਿਆਪੀ ਖ਼ਤਰੇ ਦਾ ਟਾਕਰਾ ਕਰਨ ਲਈ ਇੱਕ ਅਹਿਮ ਕਦਮ

ਚੁੱਕਦਿਆਂ, ਨੈਸ਼ਨਲ ਹੈਲਥ ਮਿਸ਼ਨ (NHM) ਪੰਜਾਬ ਨੇ ਈਕੋ ਇੰਡੀਆ, ਦਿੱਲੀ ਸੋਸਾਇਟੀ ਫਾਰ ਪ੍ਰਮੋਸ਼ਨ ਆਫ ਰੈਸ਼ਨਲ ਯੂਜ਼ ਆਫ ਡਰੱਗਜ਼ (DSPRUD) ਤੇ ਸਰਕਾਰੀ ਮੈਡੀਕਲ ਕਾਲਜ ਪਟਿਆਲਾ ਦੇ ਸਹਿਯੋਗ ਨਾਲ 'ਪੰਜਾਬ ਰਾਜ ਐਂਟੀਮਾਈਕਰੋਬਾਇਲ ਸਟੀਵਰਡਸ਼ਿਪ (AMS) ਅਭਿਆਸ ਸਮਰੱਥਾ ਨਿਰਮਾਣ ਪ੍ਰੋਗਰਾਮ' ਦੀ ਅਧਿਕਾਰਤ ਤੌਰ 'ਤੇ ਸ਼ੁਰੂਆਤ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਐਨ.ਐਚ.ਐਮ. ਪੰਜਾਬ ਦੇ ਮਿਸ਼ਨ ਡਾਇਰੈਕਟਰ ਘਣਸ਼ਿਆਮ ਥੋਰੀ, ਆਈ.ਏ.ਐਸ. ਨੇ ਦੱਸਿਆ ਕਿ ਇਹ ਤਿੰਨ ਸਾਲਾ ਪਾਇਲਟ ਪ੍ਰੋਜੈਕਟ ਸੂਬੇ ਵਿੱਚ ਐਂਟੀਬਾਇਓਟਿਕਸ ਦੀ ਵਰਤੋਂ ਤੇ ਪ੍ਰਬੰਧਨ ਦੇ ਤਰੀਕੇ 'ਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਤਿਆਰ ਕੀਤਾ ਗਿਆ ਹੈ। ਇਹ ਰਵਾਇਤੀ ਸਿਖਲਾਈ ਤੋਂ ਅੱਗੇ ਵਧ ਕੇ ਇੱਕ ਨਿਰੰਤਰ, ਡਿਜੀਟਲ ਰੂਪ 'ਚ ਜੁੜਿਆ ਸਿੱਖਣ ਵਾਲਾ ਭਾਈਚਾਰਾ ਬਣਾਏਗਾ। ਈਕੋ (ECHO) ਦੇ ਸਿੱਧ 'ਹੱਬ-ਐਂਡ-ਸਪੋਕ' ਮੈਂਟਰਿੰਗ ਮਾਡਲ ਰਾਹੀਂ, ਇਹ ਪ੍ਰੋਗਰਾਮ ਜੀ.ਐਮ.ਸੀ. ਪਟਿਆਲਾ ਵਿਖੇ ਸਥਿਤ ਇੱਕ ਵਿਸ਼ੇਸ਼ 'ਸੈਂਟਰ ਆਫ ਐਕਸੀਲੈਂਸ' ਨੂੰ ਪੰਜ ਪ੍ਰਮੁੱਖ ਜ਼ਿਲ੍ਹਾ ਹਸਪਤਾਲਾਂ-ਲੁਧਿਆਣਾ, ਫਰੀਦਕੋਟ, ਬਠਿੰਡਾ, ਅੰਮ੍ਰਿਤਸਰ ਤੇ ਐਸ.ਏ.ਐਸ. ਨਗਰ-ਨਾਲ ਜੋੜਦਾ ਹੈ, ਤਾਂ ਜੋ ਮਾਹਿਰ ਡਾਕਟਰੀ ਗਿਆਨ ਮਰੀਜ਼ਾਂ ਦੀ ਦੇਖਭਾਲ ਦੀ ਮੂਹਰਲੀ ਕਤਾਰ ਤੱਕ ਪਹੁੰਚ ਸਕੇ।

ਘਣਸ਼ਿਆਮ ਥੋਰੀ ਨੇ ਅੱਗੇ ਦੱਸਿਆ ਕਿ ਇਹ ਪ੍ਰੋਗਰਾਮ ਲਗਭਗ 120 ਸਿਹਤ ਸੰਭਾਲ ਪੇਸ਼ੇਵਰਾਂ, ਜਿਨ੍ਹਾਂ 'ਚ ਕਲੀਨੀਸ਼ੀਅਨ, ਮਾਈਕਰੋਬਾਇਓਲੋਜਿਸਟ, ਨਰਸਾਂ ਅਤੇ ਲੈਬ ਟੈਕਨੀਸ਼ੀਅਨ ਸ਼ਾਮਲ ਹਨ, ਨੂੰ ਵਿਸ਼ੇਸ਼ ਸਿਖਲਾਈ ਦੇ ਕੇ "ਸੁਪਰਬੱਗਸ" ਦੀ ਗੰਭੀਰ ਚੁਣੌਤੀ ਦਾ ਹੱਲ ਕਰੇਗਾ। ਇਹ ਵਰਚੁਅਲ ਸਿਖਲਾਈ ਸੈਸ਼ਨ ਆਧੁਨਿਕ ਚਿਕਿਤਸਾ ਦੇ ਜ਼ਰੂਰੀ ਪਹਿਲੂਆਂ ਜਿਵੇਂ ਕਿ ਡਾਇਗਨੌਸਟਿਕ ਸਟੀਵਰਡਸ਼ਿਪ, 'ਆਖਰੀ-ਰਿਜ਼ੋਰਟ' ਐਂਟੀਬਾਇਓਟਿਕਸ ਨੂੰ ਬਚਾਉਣ ਲਈ ਸਬੂਤ-ਆਧਾਰਿਤ ਨੁਸਖ਼ੇ ਲਿਖਣ ਤੇ ਇਨਫੈਕਸ਼ਨ ਰੋਕਥਾਮ ਦੇ ਸਖ਼ਤ ਨਿਯਮਾਂ 'ਤੇ ਕੇਂਦਰਿਤ ਹੋਣਗੇ। ਲਾਂਚ ਈਵੈਂਟ ਦੌਰਾਨ, ਘਣਸ਼ਿਆਮ ਥੋਰੀ ਨੇ ਇੱਕ ਪ੍ਰਭਾਵਸ਼ਾਲੀ ਸਿਹਤ ਸੰਭਾਲ ਸਿਸਟਮ ਬਣਾਉਣ ਦੇ ਰਾਜ ਦੇ ਸੰਕਲਪ ਨੂੰ ਦੁਹਰਾਇਆ, ਜਿੱਥੇ ਹਰ ਮਰੀਜ਼ ਨੂੰ ਤਰਕਸੰਗਤ ਤੇ ਮਿਆਰੀ ਇਲਾਜ ਮਿਲੇ। ਇਸ ਮੌਕੇ ਈਕੋ ਇੰਡੀਆ ਦੇ ਵਾਈਸ

ਸੰਪਾਦਕੀ

ਯੋਗਰਾਜ ਸਿੰਘ ਵੱਲੋਂ ਔਰਤਾਂ ਬਾਰੇ ਵਿਵਾਦਿਤ ਟਿੱਪਣੀ

ਪੰਜਾਬੀ ਫ਼ਿਲਮ ਇੰਡਸਟਰੀ ਦੇ ਜਾਣੇ-ਪਛਾਣੇ ਅਦਾਕਾਰ ਅਤੇ ਸਾਬਕਾ ਭਾਰਤੀ ਕ੍ਰਿਕਟਰ ਯੁਵਰਾਜ ਸਿੰਘ ਦੇ ਪਿਤਾ ਯੋਗਰਾਜ ਸਿੰਘ ਇੱਕ ਵਾਰ ਫਿਰ ਗੰਭੀਰ ਵਿਵਾਦ ਦੇ ਘੇਰੇ ਵਿੱਚ ਆ ਗਏ ਹਨ। ਇੱਕ ਪੰਜਾਬੀ ਵੈੱਬ ਸੀਰੀਜ਼ ਵਿੱਚ ਔਰਤਾਂ ਵਿਰੁੱਧ ਅਪਮਾਨਜਨਕ ਅਤੇ ਇਤਰਾਜ਼ਯੋਗ ਭਾਸ਼ਾ ਵਰਤਣ ਕਾਰਨ ਪੰਜਾਬ ਮਹਿਲਾ ਕਮਿਸ਼ਨ ਨੇ ਇਸ ਮਾਮਲੇ ਦਾ ਖ਼ੁਦ ਨੋਟਿਸ ਲਿਆ। ਮਾਮਲਾ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋਇਆ ਅਤੇ ਦੇਖਦੇ ਹੀ ਦੇਖਦੇ ਕਾਨੂੰਨੀ ਰੂਪ ਧਾਰਨ ਕਰ ਗਿਆ। ਇਹ ਵਿਵਾਦਤ ਵੀਡੀਓ ਕਲਿੱਪ ਵੈੱਬ ਸੀਰੀਜ਼ 'ਲੁੱਕੇ' ਦੇ ਇੱਕ ਐਪੀਸੋਡ ਦੀ ਦੱਸੀ ਜਾ ਰਹੀ ਹੈ, ਜੋ 8 ਮਈ 2026 ਨੂੰ ਐਮਾਜ਼ਾਨ ਪ੍ਰਾਈਮ ਵੀਡੀਓ 'ਤੇ ਰਿਲੀਜ਼ ਹੋਈ ਸੀ। ਇਹ ਸੀਰੀਜ਼ ਪੰਜਾਬੀ ਦੇ ਨਾਲ-ਨਾਲ ਹਿੰਦੀ ਵਿੱਚ ਵੀ ਉਪਲਬਧ ਹੈ, ਜਿਸ ਕਾਰਨ ਇਹ ਵਿਵਾਦ ਸਿਰਫ਼ ਪੰਜਾਬ ਤੱਕ ਸੀਮਤ ਨਹੀਂ ਰਿਹਾ ਬਲਕਿ ਦੇਸ਼ ਭਰ ਵਿੱਚ ਚਰਚਾ ਦਾ ਵਿਸ਼ਾ ਬਣਿਆ। ਸੀਰੀਜ਼ ਦੇ ਇੱਕ ਦ੍ਰਿਸ਼ ਵਿੱਚ ਯੋਗਰਾਜ ਸਿੰਘ ਵੱਲੋਂ ਮਹਿਲਾ ਪੁਲਿਸ ਅਧਿਕਾਰੀ ਦੀ ਭੂਮਿਕਾ ਨਿਭਾ ਰਹੀ ਅਦਾਕਾਰਾ ਪ੍ਰਤੀ ਕਥਿਤ ਤੌਰ 'ਤੇ ਅਪਮਾਨਜਨਕ ਟਿੱਪਣੀ ਕੀਤੀ ਗਈ। ਇਹ ਕਲਿੱਪ ਸੋਸ਼ਲ ਮੀਡੀਆ 'ਤੇ ਵਾਇਰਲ ਹੁੰਦੇ ਹੀ ਲੋਕਾਂ ਵਿੱਚ ਗੁੱਸੇ ਦੀ ਲਹਿਰ ਫੈਲ ਗਈ। ਇਸ ਮਾਮਲੇ ਵਿੱਚ ਜਲਦੀ ਹੀ ਕਾਨੂੰਨੀ ਪ੍ਰਕਿਰਿਆ ਸ਼ੁਰੂ ਹੋ ਗਈ। ਵਕੀਲ ਉੱਜਵਲ ਭਸੀਨ ਨੇ ਸੀਰੀਜ਼ ਦੇ ਸੰਵਾਦਾਂ ਨੂੰ ਸਮਾਜਿਕ ਮਰਿਆਦਾ ਦੇ ਵਿਰੁੱਧ ਦੱਸਦਿਆਂ ਯੋਗਰਾਜ ਸਿੰਘ ਅਤੇ ਸੀਰੀਜ਼ ਦੇ ਨਿਰਮਾਤਾਵਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਇਸ ਤੋਂ ਇਲਾਵਾ ਐੱਸਐੱਸਪੀ ਚੰਡੀਗੜ੍ਹ ਕੋਲ ਵੱਖਰੀ ਸ਼ਿਕਾਇਤ ਵੀ ਦਰਜ ਕਰਾਈ ਗਈ। ਅਖ਼ੀਰ, ਚੰਡੀਗੜ੍ਹ ਪੁਲਿਸ ਨੇ ਦੋ ਵਕੀਲਾਂ ਦੀ ਸ਼ਿਕਾਇਤ 'ਤੇ ਯੋਗਰਾਜ ਸਿੰਘ ਵਿਰੁੱਧ ਕੇਸ ਦਰਜ ਕੀਤਾ, ਜੋ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ ਵਿੱਚ ਵਰਤੀ ਗਈ ਭਾਸ਼ਾ 'ਤੇ ਆਧਾਰਤ ਸੀ। ਇਸ ਵਿਵਾਦ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੰਜਾਬ ਮਹਿਲਾ ਕਮਿਸ਼ਨ ਨੇ ਵੀ ਦਖ਼ਲ ਦਿੱਤਾ। ਕਮਿਸ਼ਨ ਮੁਤਾਬਕ ਯੋਗਰਾਜ ਸਿੰਘ ਨੇ ਇਸ ਵੈੱਬ ਸੀਰੀਜ਼ ਦੌਰਾਨ ਔਰਤਾਂ ਵਿਰੁੱਧ ਅਪਮਾਨਜਨਕ ਅਤੇ ਗਲਤ ਭਾਸ਼ਾ ਦੀ ਵਰਤੋਂ ਕੀਤੀ ਹੈ। ਮਹਿਲਾ ਕਮਿਸ਼ਨ ਦਾ ਖ਼ੁਦ ਨੋਟਿਸ ਲੈਣਾ ਇਸ ਗੱਲ ਦਾ ਸੰਕੇਤ ਹੈ ਕਿ ਇਹ ਮਾਮਲਾ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਲਈ ਨਹੀਂ ਸਗੋਂ ਔਰਤਾਂ ਦੀ ਸਮੁੱਚੀ ਸਮਾਜਿਕ ਇੱਜ਼ਤ ਨਾਲ ਜੁੜਿਆ ਹੋਇਆ ਹੈ। ਇਸ ਪੂਰੇ ਮਾਮਲੇ 'ਤੇ ਯੋਗਰਾਜ ਸਿੰਘ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਸਪੱਸ਼ਟੀਕਰਨ ਜਾਂ ਜਵਾਬ ਸਾਹਮਣੇ ਨਹੀਂ ਆਇਆ। ਇਹ ਚੁੱਪ ਉਨ੍ਹਾਂ ਦੇ ਆਲੋਚਕਾਂ ਲਈ ਹੋਰ ਸਵਾਲ ਖੜ੍ਹੇ ਕਰਦੀ ਹੈ। ਕੁਝ ਲੋਕ ਇਹ ਵੀ ਤਰਕ ਦੇ ਰਹੇ ਹਨ ਕਿ ਫ਼ਿਲਮੀ ਸੰਵਾਦ ਕਲਪਨਾਤਮਕ ਕਲਾ ਦਾ ਹਿੱਸਾ ਹੁੰਦੇ ਹਨ, ਪਰ ਆਲੋਚਕਾਂ ਦਾ ਕਹਿਣਾ ਹੈ ਕਿ ਕਲਾ ਦੇ ਨਾਂ 'ਤੇ ਔਰਤਾਂ ਦੀ ਬੇਇੱਜ਼ਤੀ ਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਇਸ ਤਰ੍ਹਾਂ ਤਾਂ ਬਾਦਸ਼ਾਹ ਦੇ ਗੀਤ ਟਟੀਹਰੀ ਬਾਰੇ ਵੀ ਵਿਵਾਦ ਨਹੀਂ ਖੜ੍ਹਾ ਹੋਣਾ ਚਾਹੀਦਾ ਸੀ। ਇਹ ਵਿਵਾਦ ਸਿਰਫ਼ ਯੋਗਰਾਜ ਸਿੰਘ ਤੱਕ ਸੀਮਤ ਨਹੀਂ ਰਿਹਾ, ਸਗੋਂ ਇਸ ਨੇ ਪੰਜਾਬੀ ਮਨੋਰੰਜਨ ਸੰਸਾਰ ਵਿੱਚ ਔਰਤਾਂ ਦੀ ਤਸਵੀਰਕਾਰੀ ਉੱਪਰ ਵਿਆਪਕ ਬਹਿਸ ਛੇੜ ਦਿੱਤੀ ਹੈ। ਔਰਤਾਂ ਦੇ ਅਧਿਕਾਰਾਂ ਲਈ ਕੰਮ ਕਰਨ ਵਾਲੀਆਂ ਜਥੇਬੰਦੀਆਂ ਅਤੇ ਸੋਸ਼ਲ ਮੀਡੀਆ ਉਪਭੋਗਤਾਵਾਂ ਨੇ ਇਸ ਕਿਸਮ ਦੀ ਭਾਸ਼ਾ ਦੀ ਸਖ਼ਤ ਆਲੋਚਨਾ ਕੀਤੀ ਹੈ। ਸਵਾਲ ਉੱਠ ਰਿਹਾ ਹੈ ਕਿ ਜਦੋਂ ਕੋਈ ਮਸ਼ਹੂਰ ਹਸਤੀ ਅਜਿਹੀ ਭਾਸ਼ਾ ਵਰਤਦੀ ਹੈ ਤਾਂ ਉਸ ਦਾ ਨੌਜਵਾਨ ਪੀੜ੍ਹੀ 'ਤੇ ਕੀ ਅਸਰ ਪੈਂਦਾ ਹੈ। ਇਸ ਮਾਮਲੇ ਨੇ ਐਮਾਜ਼ਾਨ ਪ੍ਰਾਈਮ ਵਰਗੇ ਵੱਡੇ ਓਟੀਟੀ ਪਲੇਟਫਾਰਮਾਂ ਦੀ ਸਮੱਗਰੀ ਨਿਗਰਾਨੀ ਪ੍ਰਣਾਲੀ ਉੱਤੇ ਵੀ ਸਵਾਲ ਖੜ੍ਹੇ ਕੀਤੇ ਹਨ। ਵਕੀਲਾਂ ਨੇ ਸਿਰਫ਼ ਅਦਾਕਾਰ ਹੀ ਨਹੀਂ ਸਗੋਂ ਸੀਰੀਜ਼ ਦੇ ਨਿਰਦੇਸ਼ਕ ਅਤੇ ਪ੍ਰਸਾਰਕਾਂ ਵਿਰੁੱਧ ਵੀ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਹ ਮੰਗ ਸਹੀ ਦਿਸ਼ਾ ਵਿੱਚ ਹੈ, ਕਿਉਂਕਿ ਜਿੰਨਾ ਦੋਸ਼ ਅਦਾਕਾਰ ਦਾ ਹੈ, ਓਨੀ ਹੀ ਜ਼ਿੰਮੇਵਾਰੀ ਉਹਨਾਂ ਦੀ ਵੀ ਹੈ, ਜਿਨ੍ਹਾਂ ਨੇ ਅਜਿਹੀ ਸਮੱਗਰੀ ਨੂੰ ਮਨਜ਼ੂਰੀ ਦੇ ਕੇ ਪ੍ਰਸਾਰਿਤ ਕੀਤਾ। ਯੋਗਰਾਜ ਸਿੰਘ ਦਾ ਇਹ ਵਿਵਾਦ ਸਾਡੇ ਸਮਾਜ ਵਿੱਚ ਔਰਤਾਂ ਪ੍ਰਤੀ ਸੋਚ ਅਤੇ ਭਾਸ਼ਾ ਦੀ ਵਰਤੋਂ ਬਾਰੇ ਇੱਕ ਵੱਡਾ ਸਵਾਲ ਉਠਾਉਂਦਾ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਕਿਸੇ ਅਦਾਕਾਰ ਜਾਂ ਫਿਲਮੀ ਹਸਤੀ 'ਤੇ ਅਜਿਹੇ ਇਲਜ਼ਾਮ ਲੱਗੇ ਹੋਣ। ਮਨੋਰੰਜਨ ਸੰਸਾਰ ਨੂੰ ਇਹ ਸਮਝਣਾ ਜ਼ਰੂਰੀ ਹੈ ਕਿ ਕਲਾ ਦੀ ਆਜ਼ਾਦੀ ਅਤੇ ਔਰਤਾਂ ਦੀ ਇੱਜ਼ਤ ਦੋਵੇਂ ਇਕੱਠੇ ਚੱਲ ਸਕਦੇ ਹਨ। ਇਸ ਘਟਨਾ ਤੋਂ ਸਬਕ ਲੈਂਦਿਆਂ ਸਾਨੂੰ ਮੀਡੀਆ, ਸਮਾਜ ਅਤੇ ਸਰਕਾਰ ਤਿੰਨਾਂ ਪੱਧਰਾਂ 'ਤੇ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ ਮਿਲ ਕੇ ਕੰਮ ਕਰਨਾ ਹੋਵੇਗਾ।

-ਜਗਜੀਤ ਸਿੰਘ ਦਰਦੀ

ਪੰਜਾਬ ਦੇ ਕਿਸਾਨੀ ਮਸਲੇ ਸਿਆਸਤ ਦੀ ਸ਼ਤਰੰਜ ਵਿੱਚ ਉਲਝੇ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਕਰਜ਼ੇ ਤੇ ਖ਼ੁਦਕੁਸ਼ੀਆਂ ਵਿੱਚ ਡੁੱਬਦੇ ਹੋਏ ਕਿਸਾਨ, ਹੁਣ ਕਿੱਥੇ ਜਾਣ?

ਕਲ੍ਹ ਚੰਡੀਗੜ੍ਹ ਦੀਆਂ ਬਰੂਹਾਂ 'ਤੇ ਲਹੂ-ਲੁਹਾਨ ਹੁੰਦਾ 'ਅੰਨਦਾਤਾ' ਅਤੇ ਸਿਆਸੀ ਸ਼ਤਰੰਜ ਹੁਣ ਇੱਕ ਵਾਰ ਫ਼ਿਰ ਸੰਵਾਦ ਦੀ ਥਾਂ ਸਰਕਾਰੀ ਤਸ਼ੱਦਦ ਦਾ ਰੂਪ ਧਾਰ ਗਈ ਹੈ। ਅੱਜ ਇਹ ਬੇਹੱਦ ਮੰਦਭਾਗਾ ਹੈ ।

ਇੱਕ ਵਾਰ ਫ਼ਿਰ ਚੰਡੀਗੜ੍ਹ-ਮੋਹਾਲੀ ਬਾਰਡਰ ਜੰਗ ਦੇ ਮੈਦਾਨ ਵਿੱਚ ਤਬਦੀਲ ਹੋ ਗਿਆ। ਜਦੋਂ ਪੰਜਾਬ ਦੀਆਂ ਦੋ ਪ੍ਰਮੁੱਖ ਕਿਸਾਨ ਯੂਨੀਅਨਾਂ ਆਪਣੇ ਹੱਕਾਂ ਲਈ ਰਾਜਪਾਲ ਨੂੰ ਮਿਲਣ ਵਧੀਆਂ, ਤਾਂ ਉਹਨਾਂ ਦਾ ਸਵਾਗਤ ਗੱਲਬਾਤ ਨਾਲ ਨਹੀਂ, ਸਗੋਂ ਪਾਣੀ ਦੀਆਂ ਵਾਛੜਾਂ ਅਤੇ ਲੋਹੇ ਦੇ ਤਿੱਖੇ ਬੈਰੀਕੇਡਾਂ ਨਾਲ ਕੀਤਾ ਗਿਆ। ਇਹ ਦ੍ਰਿਸ਼ ਸਿਰਫ਼ ਇੱਕ ਰੋਸ ਪ੍ਰਦਰਸ਼ਨ ਨਹੀਂ ਹੈ, ਸਗੋਂ ਇਹ ਉਸ ਗਹਿਰੇ ਪਾੜੇ ਦਾ ਪ੍ਰਤੀਕ ਹੈ ਜੋ ਸਰਕਾਰਾਂ ਅਤੇ ਕਿਰਤੀਆਂ ਵਿਚਕਾਰ ਪੈ ਚੁੱਕਾ ਹੈ। ਜਦੋਂ ਦੇਸ਼ ਦੀ ਜੀ.ਡੀ.ਪੀ. ਵਿੱਚ ਅਹਿਮ ਯੋਗਦਾਨ ਪਾਉਣ ਵਾਲਾ ਕਿਸਾਨ ਆਪਣੀ ਹੀ ਰਾਜਧਾਨੀ ਵਿੱਚ ਬੇਗਾਨਾ ਕਰ ਦਿੱਤਾ ਜਾਵੇ, ਤਾਂ ਲੋਕਤੰਤਰ ਦੀਆਂ ਬੁਨਿਆਦਾਂ ਹਿੱਲ ਜਾਂਦੀਆਂ ਹਨ।

ਅੱਜ MSP ਇੱਕ ਭੱਦਾ ਮਜ਼ਾਕ ਜਾਂ ਆਰਥਿਕ ਮੌਤ ਦਾ ਵਾਰੰਟ ਬਣ ਗਿਆ ਹੈ। ਕਿਸਾਨਾਂ ਲਈ ਐਮ.ਐਸ.ਪੀ. (MSP) ਦਾ ਮੁੱਦਾ ਸਿਰਫ਼ ਮੰਗ ਨਹੀਂ, ਸਗੋਂ ਜ਼ਿੰਦਾ ਰਹਿਣ ਦੀ ਸ਼ਰਤ ਹੈ। ਪਰ ਮੌਜੂਦਾ ਅੰਕੜੇ ਦੱਸਦੇ ਹਨ ਕਿ ਇਹ ਕਿਸਾਨਾਂ ਲਈ ਇੱਕ ਭੱਦਾ ਮਜ਼ਾਕ ਕਿਉਂ ਬਣ ਗਿਆ ਹੈ ।

ਫ਼ਸਲਾਂ ਦੀ ਖਰੀਦ ਅਤੇ MSP ਦੀ ਹਕੀਕਤ ਅੰਦਾਜ਼ਨ ਆਂਕੜੇ ਵਾਰ ਇਸ ਤਰ੍ਹਾਂ ਹੈ। ਫ਼ਸਲ । ਸਰਕਾਰੀ MSP (ਪ੍ਰਤੀ ਕੁਇੰਟਲ) । ਮੰਡੀ ਵਿੱਚ ਅਸਲ ਖਰੀਦ (ਔਸਤ) ।ਨੁਕਸਾਨ (ਪ੍ਰਤੀ ਕੁਇੰਟਲ)

ਮੱਕੀ 2,090 । 1,200 – 1,500 । 600–800

ਮੂੰਗੀ 8,558 । 6,500–7,200 1,300–2,000

ਸੂਰਜਮੁਖੀ6,760 4,500–5,200 । 1,500 –2,200 ।

ਅੱਜ ਇਹ ਵਿਸ਼ਲੇਸ਼ਣ ਬਾਰੇ ਪੰਜਾਬ ਦਾ ਕਿਸਾਨ ਪੁੱਛਦਾ ਹੈ ਕਿ ਜੇਕਰ 23 ਫ਼ਸਲਾਂ 'ਤੇ MSP ਦਾ ਐਲਾਨ ਹੁੰਦਾ ਹੈ, ਤਾਂ ਸਿਰਫ਼ ਕਣਕ ਅਤੇ ਝੋਨੇ ਨੂੰ ਛੱਡ ਕੇ ਬਾਕੀ ਫ਼ਸਲਾਂ 'ਤੇ ਕਿਸਾਨ ਨੂੰ ਘਾਟਾ ਕਿਉਂ ਪੈਂਦਾ ਹੈ? ਸਰਕਾਰਾਂ ਫ਼ਸਲੀ ਵਿਭਿੰਨਤਾ (Crop Diversification) ਦੀ ਗੱਲ ਤਾਂ ਕਰਦੀਆਂ ਹਨ, ਪਰ ਜਦੋਂ ਕਿਸਾਨ ਝੋਨਾ ਛੱਡ ਕੇ ਮੱਕੀ ਬੀਜਦਾ ਹੈ, ਤਾਂ ਉਸ ਨੂੰ ਮੰਡੀ ਵਿੱਚ ਰੁਲਣਾ ਪੈਂਦਾ ਹੈ।

ਅੱਜ ਕਰਜ਼ੇ ਦਾ ਅਜਗਰ, ਪੰਜਾਬ ਦੀ ਕਿਸਾਨੀ ਦਾ ਦਮ ਘੁੱਟਦਾ ਹੈ। ਅੱਜ ਕੁੱਝ ਅੰਕੜੇ ਇਸ ਤਰ੍ਹਾਂ ਹਨ।

ਪੰਜਾਬ ਖੇਤੀਬਾੜੀ ਯੂਨੀਅਨ (PAU) ਅਤੇ ਵੱਖ-ਵੱਖ ਅਰਥਸ਼ਾਸਤਰੀਆਂ ਦੇ ਸਰਵੇਖਣਾਂ ਮੁਤਾਬਕ, ਪੰਜਾਬ ਦੀ ਕਿਸਾਨੀ ਸਿਰ ਚੜ੍ਹਿਆ ਕਰਜ਼ਾ ਹੁਣ ਬਰਦਾਸ਼ਤ ਤੋਂ ਬਾਹਰ ਹੋ ਚੁੱਕਾ ਹੈ।

ਅੱਜ ਕੁੱਲ ਕਰਜ਼ਾ- ਪੰਜਾਬ ਦੇ ਕਿਸਾਨਾਂ ਸਿਰ ਕੁੱਲ ਕਰਜ਼ਾ ਲਗਭਗ 1,00,000 ਕਰੋੜ (1 ਲੱਖ ਕਰੋੜ) ਨੂੰ ਪਾਰ ਕਰ ਚੁੱਕਾ ਹੈ।

ਪ੍ਰਤੀ ਏਕੜ ਕਰਜ਼ਾ ਛੋਟੇ ਕਿਸਾਨਾਂ (5 ਏਕੜ ਤੋਂ ਘੱਟ) ਸਿਰ ਪ੍ਰਤੀ ਏਕੜ ਕਰਜ਼ਾ ਲਗਭਗ 2.5 ਲੱਖ ਤੋਂ 3 ਲੱਖ ਹੈ। ਹਾਲਾਂਕਿ 80% ਕਰਜ਼ਾ ਬੈਂਕਾਂ ਤੋਂ ਹੈ, ਪਰ 20% ਕਰਜ਼ਾ ਅਜੇ ਵੀ ਆੜ੍ਹਤੀਆਂ ਅਤੇ ਨਿੱਜੀ ਸ਼ਾਹੂਕਾਰਾਂ ਦਾ ਹੈ, ਜਿਸ ਦੀ ਵਿਆਜ ਦਰ 18% ਤੋਂ 30% ਤੱਕ ਵਸੂਲੀ ਜਾਂਦੀ ਹੈ।

ਜਦੋਂ ਕਿਸਾਨ ਦੀ ਜੇਬ ਵਿੱਚ ਮੁਨਾਫ਼ਾ ਨਹੀਂ ਆਉਂਦਾ, ਤਾਂ ਉਹ ਅਗਲੀ ਫ਼ਸਲ ਬੀਜਣ ਲਈ ਫਿਰ ਕਰਜ਼ਾ ਲੈਂਦਾ ਹੈ। ਇਹ ਇੱਕ ਅਜਿਹਾ ਚੱਕਰਵਿਊ ਹੈ, ਜਿਸ ਵਿੱਚੋਂ ਨਿਕਲਣ ਦਾ ਰਸਤਾ ਸਿਰਫ਼ ਖੁਦਕੁਸ਼ੀ ਹੀ ਨਜ਼ਰ ਆਉਂਦਾ ਹੈ। ਅੱਜ. ਖੁਦਕੁਸ਼ੀਆਂ, ਇੱਕ ਅਣਐਲਾਨੀ ਮਹਾਂਮਾਰੀ ਹੈ।

ਅੱਜ ਪੰਜਾਬ ਵਿੱਚ ਖੁਦਕੁਸ਼ੀਆਂ ਦੇ ਅੰਕੜੇ ਕਿਸੇ ਵੀ ਸੱਭਿਅਕ ਸਮਾਜ ਲਈ ਸ਼ਰਮਨਾਕ ਹਨ।

ਅੱਜ PAU ਦੀ ਇੱਕ ਰਿਪੋਰਟ ਦੱਸਦੀ ਹੈ ਕਿ 2000 ਤੋਂ 2020 ਦੇ ਦਰਮਿਆਨ, ਪੰਜਾਬ ਵਿੱਚ ਲਗਭਗ 16,606 ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੇ ਖੁਦਕੁਸ਼ੀ ਕੀਤੀ।

ਅੱਜ ਰੋਜ਼ਾਨਾ ਦੀ ਤ੍ਰਾਸਦੀ ਹੈ ਕਿ ਔਸਤਨ ਪੰਜਾਬ ਵਿੱਚ ਹਰ ਰੋਜ਼ 2 ਤੋਂ 3 ਕਿਸਾਨ ਮੌਤ ਨੂੰ ਗਲੇ ਲਗਾ ਰਹੇ ਹਨ।

ਅੱਜ ਮੁੱਖ ਕਾਰਨਾਂ ਵਿੱਚ 87% ਖੁਦਕੁਸ਼ੀਆਂ ਦਾ ਕਾਰਨ ਸਿਰਫ਼ ਕਰਜ਼ੇ ਦਾ ਬੋਝ ਅਤੇ ਫ਼ਸਲ ਦੀ ਬਰਬਾਦੀ ਪਾਇਆ ਗਿਆ ਹੈ।

ਸਿਆਸਤ ਦੀ ਸ਼ਤਰੰਜ: ਵੋਟਾਂ ਦਾ ਵਪਾਰ ਅਤੇ ਕਿਸਾਨੀ ਦਾ ਘਾਣ ਇਲੈਕਸ਼ਨਾਂ ਦੇ ਇਸ ਦੌਰ ਵਿੱਚ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ (ਆਪ, ਕਾਂਗਰਸ, ਅਕਾਲੀ ਦਲ, ਭਾਜਪਾ) ਕਿਸਾਨੀ ਨੂੰ ਇੱਕ ਵੋਟ ਬੈਂਕ ਵਜੋਂ ਵਰਤ ਰਹੀਆਂ ਹਨ।

ਅੱਜ ਡਰਾਮੇਬਾਜ਼ੀ ਵਿੱਚ ਚੋਣਾਂ ਤੋਂ ਪਹਿਲਾਂ ਹਰ ਪਾਰਟੀ ਸੁਆਮੀਨਾਥਨ ਰਿਪੋਰਟ (32+50%) ਲਾਗੂ ਕਰਨ ਦਾ ਵਾਅਦਾ ਕਰਦੀ ਹੈ। ਪਰ ਸੱਤਾ ਵਿੱਚ ਆਉਂਦਿਆਂ ਹੀ, 'ਬਜਟ ਦੀ ਕਮੀ' ਦਾ ਬਹਾਨਾ ਬਣਾ ਕੇ ਪੱਲਾ ਝਾੜ ਲਿਆ ਜਾਂਦਾ ਹੈ।

ਅੱਜ ਪਾੜੋ ਅਤੇ ਰਾਜ ਕਰੋ ਦੀ ਨੀਤੀ ਕਿਸਾਨ ਜਥੇਬੰਦੀਆਂ ਨੂੰ ਵੱਖ-ਵੱਖ ਸਿਆਸੀ ਵਿਚਾਰਧਾਰਾਵਾਂ ਵਿੱਚ ਵੰਡ ਕੇ ਉਹਨਾਂ ਦੇ ਅੰਦੋਲਨ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ।

ਅੱਜ ਮੁਫ਼ਤ ਬਿਜਲੀ ਦਾ ਜਾਲ ਹੈ ਤੇ ਸਰਕਾਰਾਂ ਮੁਫ਼ਤ ਬਿਜਲੀ ਦੇ ਕੇ ਕਿਸਾਨ ਨੂੰ ਇਹ ਅਹਿਸਾਸ ਕਰਵਾਉਂਦੀਆਂ ਹਨ ਕਿ ਉਹ ਉਸ 'ਤੇ ਅਹਿਸਾਨ ਕਰ ਰਹੀਆਂ ਹਨ, ਜਦਕਿ ਹਕੀਕਤ ਵਿੱਚ ਫ਼ਸਲਾਂ ਦੀ ਲਾਗਤ ਦੇ ਮੁਕਾਬਲੇ ਇਹ ਰਾਹਤ ਊਠ ਦੇ ਮੂੰਹ ਵਿੱਚ ਜ਼ੀਰੇ ਸਮਾਨ ਹੈ।

ਅੱਜ ਖੇਤੀ ਲਾਗਤ ਵਿੱਚ ਵਾਧਾ ਇੱਕ ਅੰਕੜਾਤਮਕ ਵਿਸ਼ਲੇਸ਼ਣ ਇਸ ਤਰ੍ਹਾਂ ਹੈ। ਪਿਛਲੇ ਇੱਕ ਦਹਾਕੇ ਵਿੱਚ ਕਿਸਾਨ ਦੀ ਆਮਦਨ ਨਹੀਂ ਵਧੀ, ਪਰ ਖੇਤੀ ਦੇ ਖਰਚੇ ਅਸਮਾਨੀ ਚੜ੍ਹ ਗਏ ਹਨ।

ਵਸਤੂ	2014 ਵਿੱਚ ਕੀਮਤ (ਲਗਭਗ)	2026 ਵਿੱਚ ਕੀਮਤ (ਲਗਭਗ)	ਵਾਧਾ
ਡੀਜ਼ਲ (ਪ੍ਰਤੀ ਲੀਟਰ)** ।	55 – 60 ।	90–95 ।	60%
DAP ਖਾਦ (ਪ੍ਰਤੀ ਬੈਗ) ।	1,050 ।	1,350 ।	
ਖੇਤ ਮਜ਼ਦੂਰੀ (ਪ੍ਰਤੀ ਦਿਨ)** ।	250 ।	500–600 ।	100%
ਕਣਕ ਦੀ MSP ।	1,400 ।	2,275 ।	62%

ਅੱਜ ਜੇਕਰ ਲਾਗਤ 100% ਵਧ ਰਹੀ ਹੈ ਅਤੇ ਆਮਦਨ ਸਿਰਫ਼ 60%, ਤਾਂ ਕਿਸਾਨ ਘਾਟੇ ਵਿੱਚ ਕਿਉਂ ਨਹੀਂ ਜਾਵੇਗਾ?

ਅੱਜ ਪੰਜਾਬ ਦਾ ਭਵਿੱਖ ਕੀ ਹੋਵੇਗਾ ਤੇ ਕਿਧਰ ਨੂੰ ਜਾਵੇਗਾ ਕਿਸਾਨ?

ਅੱਜ ਦਾ ਕਿਸਾਨ ਬਾਰਡਰਾਂ 'ਤੇ ਇਸ ਲਈ ਬੈਠਾ ਹੈ ਕਿਉਂਕਿ ਉਸ ਨੂੰ ਪਤਾ ਹੈ ਕਿ ਜੇਕਰ ਉਹ ਅੱਜ ਨਾ ਲੜਿਆ, ਤਾਂ ਉਸ ਦੀਆਂ ਆਉਣ ਵਾਲੀਆਂ ਨਸਲਾਂ ਨੂੰ ਮਜ਼ਦੂਰੀ ਕਰਨੀ ਪਵੇਗੀ।

ਅੱਜ ਬ੍ਰੇਨ ਡਰੇਨ ਅਤੇ ਖੇਤੀ , ਪੰਜਾਬ ਦਾ ਨੌਜਵਾਨ ਕਿਸਾਨ ਖੇਤੀ ਛੱਡ ਕੇ 20-25 ਲੱਖ ਰੁਪਏ ਕਰਜ਼ਾ ਚੁੱਕ ਕੇ ਵਿਦੇਸ਼ (ਕੈਨੇਡਾ, ਆਸਟ੍ਰੇਲੀਆ) ਭੱਜ ਰਿਹਾ ਹੈ।

ਅੱਜ ਜ਼ਮੀਨ ਹੇਠਲਾ ਪਾਣੀ, ਪੰਜਾਬ ਦੇ 150 ਬਲਾਕਾਂ ਵਿੱਚੋਂ 117 'ਡਾਰਕ ਜ਼ੋਨ' ਵਿੱਚ ਹਨ। ਜੇਕਰ ਕਿਸਾਨ ਨੂੰ MSP ਦੀ ਗਾਰੰਟੀ ਮਿਲੇ ਤਾਂ ਹੀ ਉਹ ਘੱਟ ਪਾਣੀ ਵਾਲੀਆਂ ਫ਼ਸਲਾਂ (ਦਾਲਾਂ, ਮੱਕੀ) ਵੱਲ ਮੁੜੇਗਾ।

ਅੱਜ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਦਾ ਹੱਲ ਬੈਰੀਕੇਡਾਂ ਵਿੱਚ ਨਹੀਂ, ਨੀਤੀਆਂ ਵਿੱਚ ਹੈ। ਚੰਡੀਗੜ੍ਹ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਪਾਣੀ ਦੀਆਂ ਬੁਛਾੜਾਂ ਨਾਲ ਕਿਸਾਨਾਂ ਦੇ ਜਜ਼ਬੇ ਨੂੰ ਗਿੱਲਾ ਤਾਂ ਕੀਤਾ ਜਾ ਸਕਦਾ ਹੈ, ਪਰ ਮੁਕਾਇਆ ਨਹੀਂ ਜਾ ਸਕਦਾ।

ਅੱਜ ਸਰਕਾਰਾਂ ਨੂੰ ਤੁਰੰਤ ਇਹ ਕਦਮ ਚੁੱਕਣੇ ਚਾਹੀਦੇ ਹਨ।

MSP ਦੀ ਕਾਨੂੰਨੀ ਗਾਰੰਟੀ ਸਿਰਫ਼ ਐਲਾਨ ਨਹੀਂ, ਸਗੋਂ ਘੱਟ ਰੇਟ 'ਤੇ ਖਰੀਦਣ ਵਾਲੇ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ

ਕ੍ਰਿਕਟ ਦਾ ਸ਼ਹਿਨਸ਼ਾਹ ਵਿਰਾਟ ਕੋਹਲੀ

ਨਵਦੀਪ ਸਿੰਘ ਗਿੱਲ
97800-36216

ਇੰਡੀਅਨ ਪ੍ਰੀਮੀਅਰ ਲੀਗ ਦੀ ਸ਼ੁਰੂਆਤ ਤੋਂ ਮੌਜੂਦਾ 19ਵੇਂ ਐਡੀਸ਼ਨ ਤੱਕ ਲਗਾਤਾਰ ਖੇਡਣ ਵਾਲਾ ਰਾਇਲ ਚੈਲੰਜਰਜ਼ ਬੰਗਲੌਰ ਦਾ ਖਿਡਾਰੀ ਵਿਰਾਟ ਕੋਹਲੀ ਜਦੋਂ ਦੋ ਲਗਾਤਾਰ ਮੈਚਾਂ ਵਿੱਚ ਜ਼ੀਰੋ ਉਤੇ ਆਊਟ ਹੁੰਦਾ ਹੈ ਤਾਂ ਤੀਜੇ ਮੈਚ ਵਿੱਚ ਕੋਲਕਾਤਾ ਨਾਈਟ ਰਾਈਡਰਜ਼ ਖਿਲਾਫ਼ ਮੈਦਾਨ ਵਿੱਚ ਨਿੱਤਰਦਾ ਹੈ ਤਾਂ ਪਹਿਲੀ ਦੌੜ ਬਣਾਉਣ ਤੋਂ ਬਾਅਦ ਵੱਡੇ ਮੀਲ ਪੱਥਰ ਨੂੰ ਪਾਰ ਕਰਨ ਵਰਗੀ ਖੁਸ਼ੀ ਮਨਾਉਂਦਾ ਹੈ। ਹਾਲਾਂਕਿ ਵਿਰਾਟ ਨੇ ਲੀਗ ਵਿੱਚ ਪੌਣੇ ਚਾਰ ਸੌ ਦੌੜਾਂ ਬਣਾ ਲਈਆਂ ਸਨ ਪਰ ਦੋ ਵਾਰ ਜ਼ੀਰੋ ਉਤੇ ਆਊਟ ਹੋਣ ਤੋਂ ਬਾਅਦ ਇਕ ਦੌੜ ਨੂੰ ਬਣਾਉਣ ਦੀ ਮਨਾਈ ਖੁਸ਼ੀ 37 ਵਰ੍ਹਿਆਂ ਦੇ ਵਿਰਾਟ ਅੰਦਰ ਦੌੜਾਂ ਦੀ ਭੁੱਖ ਅਤੇ ਇਕ-ਇਕ ਦੌੜ ਦੀ ਮਹੱਤਤਾ ਨੂੰ ਸਾਬਤ ਕਰਦੀ ਹੈ। ਵਿਰਾਟ ਨੇ ਇਸੇ ਮੈਚ ਵਿੱਚ ਨਾਬਾਦ 105 ਦੌੜਾਂ ਦੀ ਪਾਰੀ ਖੇਡਦਿਆਂ ਆਈ.ਪੀ.ਐਲ. ਦਾ ਰਿਕਾਰਡ ਨੌਵਾਂ ਸੈਕੜਾ ਪੂਰਾ ਕੀਤਾ। ਇਸ ਦੇ ਨਾਲ ਹੀ ਟਵੰਟੀ-20 ਕ੍ਰਿਕਟ ਵਿੱਚ 14000 ਦੌੜਾਂ ਪਾਰ ਕੀਤੀਆਂ। ਆਈ.ਪੀ.ਐਲ. ਵਿੱਚ 9000 ਦੌੜਾਂ ਬਣਾਉਣ ਵਾਲਾ ਵੀ ਉਹ ਪਹਿਲਾ ਤੇ ਇਕਲੌਤਾ ਬੱਲੇਬਾਜ਼ ਹੈ।

ਭਾਰਤੀ ਕ੍ਰਿਕਟ ਵਿੱਚ ਭਗਵਾਨ ਦਾ ਦਰਜਾ ਹਾਸਲ ਸਚਿਨ ਤੇਂਦੁਲਕਰ ਦੇ ਖੇਡ ਛੱਡਣ ਤੋਂ ਬਾਅਦ ਵਿਰਾਟ ਕੋਹਲੀ ਨੇ ਭਾਰਤੀ ਕ੍ਰਿਕਟ ਨੂੰ ਨਾ ਸਿਰਫ ਸਾਂਭਿਆ ਬਲਕਿ ਸਚਿਨ ਦੇ ਸਟਾਰਡੱਮ ਦੇ ਬਾਵਜੂਦ ਪ੍ਰਸਿੱਧੀ ਖੱਟੀ। ਜਦੋਂ ਸਚਿਨ 12 ਸਾਲ ਪਹਿਲਾਂ ਰਿਟਾਇਰ ਹੋਇਆ ਸੀ ਤਾਂ ਉਦੋਂ ਸਚਿਨ ਨੂੰ ਪ੍ਰਸਿੱਧ ਕੁਮੈਂਟੇਟਰ ਹਰਸ਼ਾ ਭੋਗਲੇ ਨੇ ਪੁੱਛਿਆ ਕਿ ਭਵਿੱਖ ਵਿੱਚ ਕਿਹੜੇ ਖਿਡਾਰੀ ਉਸ ਦਾ ਰਿਕਾਰਡ ਤੋੜਨਗੇ ਤਾਂ ਸਚਿਨ ਦਾ ਜਵਾਬ ਰੋਹਿਤ ਤੇ ਵਿਰਾਟ ਹੀ ਸੀ। ਵਿਰਾਟ ਨੇ ਇੱਕ ਰੋਜ਼ਾ ਕ੍ਰਿਕਟ ਵਿੱਚ ਤਾਂ ਸੈਂਕੜਿਆਂ ਦਾ ਰਿਕਾਰਡ ਤੋੜ ਹੀ ਦਿੱਤਾ। ਕ੍ਰਿਕਟ ਦੇ ਇਤਿਹਾਸ ਵਿੱਚ ਵਿਰਾਟ ਗਿਣੇ ਚੁਣਵੇਂ ਖਿਡਾਰੀਆਂ ਵਿੱਚੋਂ ਇਕ ਹੈ। ਕੋਹਲੀ ਦਾ ਕ੍ਰਿਕਟ ਸਫ਼ਰ ਦ੍ਰਿੜਤਾ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਬੇਮਿਸਾਲ ਕਾਮਯਾਬੀ ਦੀ ਪ੍ਰੇਰਨਾਦਾਇਕ ਕਹਾਣੀ ਹੈ।

ਵਿਰਾਟ ਕੋਹਲੀ ਕ੍ਰਿਕਟ ਦੇ ਇਤਿਹਾਸ ਵਿੱਚ ਸਭ ਤੋਂ ਮਹਾਨ ਬੱਲੇਬਾਜ਼ਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਵਿਰਾਟ ਦਾ ਹੁਨਰ, ਉਸ ਦੀ ਖੇਡ ਪ੍ਰਤੀ ਸਮਰਪਣ ਭਾਵਨਾ, ਜਾਨੂੰਨ ਅਤੇ ਵੱਡੇ ਮੰਚ ਉਤੇ ਵੱਡਾ ਖਿਡਾਰੀ ਬਣ ਕੇ ਉਭਰਨ ਦੀ ਖੂਬੀ ਵਿਰਾਟ ਨੂੰ ਮਹਾਨਤਮ ਕ੍ਰਿਕਟਰ ਬਣਾਉਂਦੀ ਹੈ। ਉਸ ਨੂੰ ਕ੍ਰਿਕਟ ਦੀ ਦੁਨੀਆਂ ਵਿੱਚ ਕਿੰਗ ਕੋਹਲੀ, ਚੇਜ਼ ਮਾਸਟਰ ਅਤੇ ਰਨ ਮਸ਼ੀਨ ਆਖਿਆ ਜਾਂਦਾ ਹੈ। ਵਿਰਾਟ ਨੇ ਵਿਸ਼ਵ ਕ੍ਰਿਕਟ ਵਿੱਚ ਉਹ ਹਾਸਲ ਕਰ ਲਿਆ ਜੋ ਕੋਈ ਵੀ ਕ੍ਰਿਕਟਰ ਆਪਣੀ ਸ਼ੁਰੂਆਤ ਤੋਂ ਹਾਸਲ ਕਰਨ ਲਈ ਸੁਫਨਾ ਪਾਲਦਾ ਹੈ। ਵਿਰਾਟ ਵੱਡੀਆਂ ਟੀਮਾਂ ਅਤੇ ਵੱਡੇ ਮੁਲਕਾਂ ਵਿੱਚ ਵਧੀਆ ਪ੍ਰਦਰਸ਼ਨ ਲਈ ਜਾਣਿਆ ਜਾਂਦਾ ਹੈ, ਇਸੇ ਲਈ ਉਸ ਦਾ ਰਿਕਾਰਡ ਸੇਨਾ ਮੁਲਕ (ਦੱਖਣੀ ਅਫਰੀਕਾ, ਇੰਗਲੈਂਡ, ਨਿਊਜ਼ੀਲੈਂਡ ਅਤੇ ਆਸਟਰੇਲੀਆ) ਵਿੱਚ ਹੋਰ ਵੀ ਬਿਹਤਰ ਹੈ।

ਵਿਰਾਟ ਨੇ 2008 ਵਿੱਚ ਅੰਡਰ-19 ਵਿਸ਼ਵ ਕੱਪ ਵਿੱਚ ਭਾਰਤ ਦੀ ਕਪਤਾਨੀ ਕਰਦਿਆਂ ਭਾਰਤ ਨੂੰ ਜੂਨੀਅਰ ਵਿਸ਼ਵ ਚੈਂਪੀਅਨ ਬਣਾਇਆ। ਇਥੋਂ ਹੀ ਕੋਹਲੀ ਦੇ ਵਿਰਾਟ ਕਰੀਅਰ ਦਾ ਆਰੰਭ ਹੋਇਆ। 18 ਅਗਸਤ 2008 ਨੂੰ ਸ੍ਰੀਲੰਕਾ ਖਿਲਾਫ ਕੌਮਾਂਤਰੀ ਕ੍ਰਿਕਟ ਦੀ ਪਹਿਲੀ ਪੌੜੀ ਚੜ੍ਹਨ ਵਾਲੇ ਵਿਰਾਟ ਨੇ ਤਿੰਨ ਸਾਲ ਦੇ ਅੰਦਰ ਹੀ 2011 ਵਿੱਚ ਇਕ ਰੋਜ਼ਾ ਵਿਸ਼ਵ ਕੱਪ ਦਾ ਕੱਪ ਜਿੱਤ ਲਿਆ ਜਿਸ ਨੂੰ ਜਿੱਤਣ ਲਈ ਮਹਾਨ ਖਿਡਾਰੀ ਸਚਿਨ ਤੇਂਦੁਲਕਰ ਨੂੰ ਛੇ ਵਿਸ਼ਵ ਕੱਪ ਤੱਕ ਉਡੀਕ ਕਰਨੀ ਪਈ। 2013 ਤੇ 2025 ਵਿੱਚ ਦੋ ਵਾਰ ਚੈਂਪੀਅਨਜ਼ ਟਰਾਫੀ ਜਿੱਤੀ। 2024 ਵਿੱਚ ਟਵੰਟੀ-20 ਵਿਸ਼ਵ ਕੱਪ ਜਿੱਤਿਆ ਅਤੇ 2025 ਵਿੱਚ ਆਈ.ਪੀ.ਐਲ. ਟਰਾਫੀ ਜਿੱਤੀ। ਭਾਰਤ ਵਿੱਚ ਇਹ ਸਾਰੇ ਖਿਤਾਬ ਜਿੱਤਣ ਵਾਲੇ ਯੁਵਰਾਜ ਸਿੰਘ ਤੇ ਵਿਰਾਟ ਕੋਹਲੀ ਦੋ ਹੀ ਕ੍ਰਿਕਟਰ ਹਨ। ਇਸ ਤੋਂ ਇਲਾਵਾ ਉਸ ਨੇ ਦੋ ਵਾਰ ਟੈਸਟ ਰੈਂਕਿੰਗ ਵਿੱਚ ਭਾਰਤ ਨੂੰ ਨੰਬਰ ਇਕ ਬਣਾਉਂਦਿਆਂ ਗੁਰਜ ਵੀ ਜਿੱਤੀ। ਉਸ ਨੇ ਤਿੰਨ ਵਾਰ ਏਸ਼ੀਆ ਕੱਪ ਜਿੱਤਿਆ। ਉਪ ਜੇਤੂ ਬਣਨ ਦੀ ਗੱਲ ਕਰੀਏ ਤਾਂ ਵਿਰਾਟ 2023 ਦੇ ਇਕ ਰੋਜ਼ਾ ਵਿਸ਼ਵ ਕੱਪ, 2014 ਦੇ ਟਵੰਟੀ-20 ਵਿਸ਼ਵ ਕੱਪ, 2017 ਦੀ ਚੈਂਪੀਅਨਜ਼ ਟਰਾਫੀ ਅਤੇ 2021 ਤੇ 2023 ਦੀ ਵਿਸ਼ਵ ਟੈਸਟ ਚੈਂਪੀਅਨਸ਼ਿਪ ਦਾ ਉਪ ਜੇਤੂ ਰਿਹਾ ਹੈ। ਵਿਰਾਟ ਕੋਹਲੀ ਦੇ ਅੰਕੜਿਆਂ ਦੀ ਗੱਲ ਕੀਤੀ ਜਾਵੇ ਤਾਂ ਕ੍ਰਿਕਟ ਦੇ ਸਾਰੇ ਫਾਰਮੈਟਾਂ (ਇਕ ਰੋਜ਼ਾ ਕ੍ਰਿਕਟ, ਟਵੰਟੀ-20 ਕੌਮਾਂਤਰੀ ਕ੍ਰਿਕਟ) ਵਿੱਚ ਕੁੱਲ ਦੌੜਾਂ ਬਣਾਉਣ ਵਿੱਚ ਵਿਰਾਟ 28215 ਦੌੜਾਂ ਬਣਾ ਕੇ ਦੂਜੇ ਨੰਬਰ ਉਤੇ ਆਉਂਦਾ ਹੈ। ਇਕ ਰੋਜ਼ਾ ਕ੍ਰਿਕਟ ਵਿੱਚ ਸਭ ਤੋਂ ਵੱਧ ਸੈਂਕੜੇ ਬਣਾਉਣ ਦਾ ਰਿਕਾਰਡ ਉਸ ਦੇ ਨਾਮ ਹੈ, ਸਚਿਨ ਤੇਂਦੁਲਕਰ ਵੱਲੋਂ ਬੱਲੇਬਾਜ਼ੀ ਵਿੱਚ ਬਣਾਏ ਰਿਕਾਰਡਾਂ ਵਿੱਚੋਂ ਇਹ ਇਕੋ-ਇਕ ਰਿਕਾਰਡ ਹੈ ਜੋ ਵਿਰਾਟ ਕੋਹਲੀ ਨੇ ਤੋੜਿਆ ਹੈ। ਸਾਰੇ ਫਾਰਮੈਟ ਮਿਲਾ ਕੇ ਸੈਂਕੜਿਆਂ ਦੇ ਰਿਕਾਰਡ ਵਿੱਚ ਵਿਰਾਟ ਦੂਜੇ ਨੰਬਰ ਉਤੇ ਹੈ। ਵਿਰਾਟ ਕੋਹਲੀ ਭਾਰਤ ਦਾ ਸਭ ਤੋਂ ਸਫਲ ਟੈਸਟ ਕਪਤਾਨ ਵੀ ਹੈ ਜਿਸ ਨੇ ਆਪਣੀ ਕਪਤਾਨੀ ਹੇਠ ਦੋ ਵਾਰ ਟੈਸਟ ਰੈਂਕਿੰਗ ਵਿੱਚ ਭਾਰਤ ਨੂੰ ਵਿਸ਼ਵ ਦੀ ਨੰਬਰ ਇਕ ਟੀਮ ਬਣਾਉਂਦਿਆਂ ਦੋ ਵਾਰ ਟੈਸਟ ਗੁਰਜ ਜਿਤਾਈ ਅਤੇ ਭਾਰਤ ਨੂੰ ਸਭ ਤੋਂ ਵੱਧ ਜਿੱਤਾਂ ਦਿਵਾਈਆਂ। ਵਿਰਾਟ ਕ੍ਰਿਕਟ ਦੇ ਤਿੰਨੇ ਫਾਰਮੈਟ ਟੈਸਟ, ਇਕ ਰੋਜ਼ਾ ਅਤੇ ਟਵੰਟੀ-20 ਵਿੱਚ ਚੋਟੀ ਦਾ ਬੱਲੇਬਾਜ਼ ਰਿਹਾ ਅਤੇ ਤਿੰਨੋਂ ਫਾਰਮੈਟਾਂ ਵਿੱਚ 900 ਰੇਟਿੰਗ ਅੰਕ ਹਾਸਲ ਕਰਨ ਵਾਲਾ ਵਿਸ਼ਵ ਦਾ ਇਕਲੌਤਾ ਬੱਲੇਬਾਜ਼ ਹੈ। ਉਹ ਇੰਡੀਅਨ ਪ੍ਰੀਮੀਅਰ ਲੀਗ ਵਿੱਚ ਸਭ ਤੋਂ ਵੱਧ ਦੌੜਾਂ ਬਣਾਉਣ ਵਾਲਾ ਬੱਲੇਬਾਜ਼ ਹੈ। ਨਿੱਜੀ ਰਿਕਾਰਡਾਂ ਦੀ ਗੱਲ ਕਰੀਏ ਤਾਂ ਵਿਰਾਟ 2023 ਦੇ ਇਕ ਰੋਜ਼ਾ ਵਿਸ਼ਵ ਕੱਪ ਵਿੱਚ

ਪਲੇਅਰ ਆਫ਼ ਦਾ ਟੂਰਨਾਮੈਂਟ, 2014 ਤੇ 2016 ਵਿੱਚ ਦੋ ਵਾਰ ਟਵੰਟੀ-20 ਵਿਸ਼ਵ ਕੱਪ ਵਿੱਚ ਪਲੇਅਰ ਆਫ਼ ਦਾ ਟੂਰਨਾਮੈਂਟ ਬਣਿਆ ਹੈ। ਵਿਸ਼ਵ ਰੈਂਕਿੰਗ ਦੇ ਮਾਮਲੇ ਵਿੱਚ ਇਕ ਰੋਜ਼ਾ ਕ੍ਰਿਕਟ ਵਿੱਚ ਕੋਹਲੀ 2013 ਵਿੱਚ ਹੀ ਨੰਬਰ ਇਕ ਬੱਲੇਬਾਜ਼ ਬਣਿਆ, 2015 ਵਿੱਚ ਉਹ ਟਵੰਟੀ-20 ਅਤੇ 2018 ਵਿੱਚ ਟੈਸਟ ਕ੍ਰਿਕਟ ਵਿੱਚ ਵਿਸ਼ਵ ਦਾ ਨੰਬਰ ਇਕ ਬੱਲੇਬਾਜ਼ ਬਣਿਆ। ਤਿੰਨੇ ਫਾਰਮੈਟਾਂ ਵਿੱਚ ਇਹ ਸਿਖਰ ਹਾਸਲ ਕਰਨਾ ਉਸ ਦੇ ਹਿੱਸੇ ਹੀ ਆਇਆ। 2011 ਤੋਂ 2020 ਤੱਕ ਇਕ ਦਹਾਕੇ ਵਿੱਚ ਉਸ ਨੇ 20 ਹਜ਼ਾਰ ਦੌੜਾਂ ਬਣਾਈਆ ਅਤੇ ਇਕ ਦਹਾਕੇ ਵਿੱਚ ਇਹ ਪ੍ਰਾਪਤੀ ਹਾਸਲ ਕਰਨ ਵਾਲਾ ਵੀ ਉਹ ਪਹਿਲਾ ਕ੍ਰਿਕਟਰ ਹੈ।

ਵਿਰਾਟ ਕੋਹਲੀ ਨੇ 10 ਆਈ.ਸੀ.ਸੀ. ਐਵਾਰਡ ਹਾਸਲ ਕੀਤੇ ਅਤੇ ਕੌਮਾਂਤਰੀ ਕ੍ਰਿਕਟ ਵਿੱਚ ਇੰਨੇ ਐਵਾਰਡ ਹਾਸਲ ਕਰਨ ਵਾਲਾ ਉਹ ਪਹਿਲਾ ਕ੍ਰਿਕਟਰ ਹੈ। 2012, 2017, 2018 ਅਤੇ 2023 ਵਿੱਚ ਚਾਰ ਵਾਰ ਇੱਕ ਰੋਜ਼ਾ ਕ੍ਰਿਕਟ ਵਿੱਚ ਐਵਾਰਡ ਮਿਲਿਆ। 2017 ਅਤੇ 2018 ਵਿੱਚ ਦੋ ਵਾਰ ਕ੍ਰਿਕਟਰ ਆਫ਼ ਦ ਯੀਅਰ ਦਾ ਪੁਰਸਕਾਰ ਜਿੱਤਿਆ। 2018 ਵਿੱਚ ਉਸ ਨੇ ਤਿੰਨ ਐਵਾਰਡ ਹਾਸਲ ਕੀਤੇ। ਇਕ ਰੋਜ਼ਾ ਤੇ ਟੈਸਟ ਕ੍ਰਿਕਟ ਦੇ ਨਾਲ ਕ੍ਰਿਕਟਰ ਆਫ਼ ਦ ਯੀਅਰ ਪੁਰਸਕਾਰ ਵੀ ਹਾਸਲ ਕੀਤਾ। 2019 ਵਿੱਚ ਸਪਿਰਿਟ ਆਫ਼ ਕ੍ਰਿਕਟ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਅਤੇ 2020 ਵਿੱਚ ਦਹਾਕੇ ਦਾ ਕ੍ਰਿਕਟਰ ਆਫ਼ ਦ ਯੀਅਰ ਅਤੇ ਦਹਾਕੇ ਦਾ ਇੱਕ ਰੋਜ਼ਾ ਕ੍ਰਿਕਟਰ ਆਫ਼ ਦ ਯੀਅਰ ਦਿੱਤਾ ਗਿਆ। ਵਿਰਾਟ ਕੋਹਲੀ ਨੂੰ ਲਗਾਤਾਰ ਤਿੰਨ ਸਾਲਾਂ ਲਈ ਵਿਜ਼ਡਨ ਲੀਡਿੰਗ ਕ੍ਰਿਕਟਰ ਦਾ ਨਾਮ ਵੀ ਦਿੱਤਾ ਗਿਆ। ਵਿਰਾਟ ਕੋਹਲੀ ਕੋਲ ਤਿੰਨੇ ਫਾਰਮੈਟਾਂ ਵਿੱਚ ਸਭ ਤੋਂ ਵੱਧ ਪਲੇਅਰ ਆਫ਼ ਦਾ ਸੀਰੀਜ਼ ਅਤੇ ਦੂਜੇ ਨੰਬਰ ਉਤੇ ਸਭ ਤੋਂ ਵੱਧ ਪਲੇਅਰ ਆਫ਼ ਦਾ ਮੈਚ ਪੁਰਸਕਾਰ ਹਾਸਲ ਕਰਨ ਵਾਲਾ ਖਿਡਾਰੀ ਹੈ। ਹੋਰ ਮਾਣ-ਸਨਮਾਨਾਂ ਦੀ ਗੱਲ ਕਰੀਏ ਤਾਂ ਵਿਰਾਟ ਨੂੰ 2013 ਵਿੱਚ ਅਰਜੁਨਾ ਐਵਾਰਡ, 2017 ਵਿੱਚ ਪਦਮਾ ਸ਼੍ਰੀ ਅਤੇ 2018 ਵਿੱਚ ਭਾਰਤ ਦਾ ਸਭ ਤੋਂ ਵੱਡਾ ਖੇਡ ਸਨਮਾਨ ਖੇਲ ਰਤਨ ਪੁਰਸਕਾਰ ਹਾਸਲ ਕੀਤਾ। ਟਾਈਮ ਰਸਾਲੇ ਨੇ ਉਸ ਨੂੰ 2018 ਵਿੱਚ ਦੁਨੀਆ ਦੇ 100 ਸਭ ਤੋਂ ਪ੍ਰਭਾਵਸ਼ਾਲੀ ਲੋਕਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ।

ਵਿਰਾਟ ਕੋਹਲੀ ਨੇ ਕਪਤਾਨ ਵਜੋਂ ਖੇਡੇ 68 ਟੈਸਟ ਮੈਚਾਂ ਵਿੱਚੋਂ 40 ਜਿੱਤੇ ਹਨ ਜੋ ਕਿ ਸਭ ਤੋਂ ਵੱਧ ਟੈਸਟ ਜਿੱਤਣ ਵਾਲਾ ਭਾਰਤੀ ਕਪਤਾਨ ਹੈ। ਵਿਰਾਟ ਕੋਹਲੀ ਦੇ ਬਿਹਤਰੀਨ ਟੂਰਾਂ ਵਿੱਚੋਂ ਸਭ ਤੋਂ ਉੱਪਰ 2014-15 ਦਾ ਆਸਟਰੇਲੀਅਨ ਟੂਰ ਹੈ ਜਿਸ ਵਿੱਚ ਉਸ ਨੇ 86.50 ਦੀ ਔਸਤ ਨਾਲ ਕੁੱਲ 692 ਦੌੜਾਂ ਬਣਾਈਆਂ ਜਿਸ ਵਿੱਚ ਚਾਰ ਸੈਂਕੜੇ ਵੀ ਸ਼ਾਮਲ ਸਨ। ਵਿਰਾਟ ਦੀਆਂ ਕਈ ਬਿਹਤਰੀਨ ਪਾਰੀਆਂ ਹਨ ਜੋ ਖੇਡ ਪ੍ਰੇਮੀਆਂ ਨੂੰ ਸਦੀਵੀ ਯਾਦ ਰਹਿਣਗੀਆਂ। 2013 ਵਿੱਚ ਜੋਹਨਸਬਰਗ ਵਿਖੇ ਦੱਖਣੀ ਅਫ਼ਰੀਕਾ ਖਿਲਾਫ ਦੋਵੇਂ ਪਾਰੀਆਂ ਵਿੱਚ ਕ੍ਰਮਵਾਰ 119 ਤੇ 96 ਦੌੜਾਂ, 2014 ਵਿੱਚ ਐਡੀਲੇਡ ਵਿਖੇ ਆਸਟਰੇਲੀਆ ਖਿਲਾਫ਼ ਦੋਵੇਂ ਪਾਰੀਆਂ ਵਿੱਚ ਸੈਂਕੜਾ, 2016 ਵਿੱਚ ਮੁੰਬਈ ਵਿਖੇ ਇੰਗਲੈਂਡ ਖਿਲਾਫ 235 ਦੌੜਾਂ, 2018 ਵਿੱਚ ਬਰਮਿੰਘਮ ਵਿਖੇ ਇੰਗਲੈਂਡ ਖਿਲਾਫ 149 ਦੌੜਾਂ, 2016 ਵਿੱਚ ਸੈਂਚੁਰੀਅਨ ਵਿਖੇ ਦੱਖਣੀ ਅਫ਼ਰੀਕਾ ਖਿਲਾਫ 153 ਦੌੜਾਂ, 2019 ਵਿੱਚ ਪੁਣੇ ਵਿਖੇ ਦੱਖਣੀ ਅਫ਼ਰੀਕਾ ਖਿਲਾਫ ਆਪਣਾ ਸਰਵੋਤਮ ਸਕੋਰ ਨਾਬਾਦ 254 ਦੌੜਾਂ ਅਹਿਮ ਪਾਰੀਆਂ ਵਿੱਚੋਂ ਇਕ ਹਨ। ਕੋਹਲੀ ਨੇ ਆਪਣਾ ਆਖ਼ਰੀ ਸੈਂਕੜਾ ਪਿਛਲੇ ਸਾਲ ਆਸਟਰੇਲੀਆ ਦੌਰੇ ਉੱਤੇ ਪਰਥ ਵਿਖੇ ਬਣਾਇਆ ਜਿੱਥੇ ਉਸ ਦੀ ਨਾਬਾਦ 100 ਦੌੜਾਂ ਦੀ ਪਾਰੀ ਨੇ ਭਾਰਤ ਨੂੰ ਜਿੱਤ ਦਿਵਾਈ। ਪਰਥ ਵਿਖੇ ਉਸ ਦਾ ਇਹ ਦੂਜਾ ਸੈਂਕੜਾ ਸੀ। ਟੈਸਟ ਵਿੱਚ ਉਹ ਕਪਤਾਨ ਵਜੋਂ ਭਾਰਤ ਲਈ ਸਭ ਤੋਂ ਵੱਧ 5864 ਦੌੜਾਂ ਬਣਾਉਣ ਵਾਲਾ ਖਿਡਾਰੀ ਹੈ।

ਟੈਸਟ ਕ੍ਰਿਕਟ ਨੂੰ ਸਭ ਤੋਂ ਵੱਧ ਅਹਿਮੀਅਤ ਦੇਣ ਵਾਲੇ ਵਿਰਾਟ ਕੋਹਲੀ ਨੇ ਆਖਿਆ, "ਆਈ.ਪੀ.ਐਲ. ਜਿੱਤਣਾ ਮੇਰੇ ਕਰੀਅਰ ਦੇ ਸਭ ਤੋਂ ਵਧੀਆ ਪਲਾਂ ਵਿੱਚੋਂ ਹੈ ਪਰ ਇਹ ਅਜੇ ਵੀ ਟੈਸਟ ਕ੍ਰਿਕਟ ਤੋਂ ਪੰਜ ਦਰਜੇ ਹੇਠਾਂ ਹੈ। ਮੈਂ ਟੈਸਟ ਕ੍ਰਿਕਟ ਦੀ ਬਹੁਤ ਕਦਰ ਕਰਦਾ ਹਾਂ ਅਤੇ ਟੈਸਟ ਕ੍ਰਿਕਟ ਨੂੰ ਬਹੁਤ ਪਿਆਰ ਕਰਦਾ ਹਾਂ। ਇਸ ਲਈ ਮੈਂ ਆਉਣ ਵਾਲੇ ਨੌਜਵਾਨਾਂ ਨੂੰ ਬੇਨਤੀ ਕਰਾਂਗਾ ਕਿ ਉਹ ਉਸ ਫਾਰਮੈਟ ਨੂੰ ਸਤਿਕਾਰ ਨਾਲ ਵਰਤਣ। ਕਿਉਂਕਿ ਜੇਕਰ ਤੁਸੀਂ ਟੈਸਟ ਕ੍ਰਿਕਟ ਵਿੱਚ ਪ੍ਰਦਰਸ਼ਨ ਕਰਦੇ ਹੋ, ਤਾਂ ਤੁਸੀਂ ਆਪਣੇ ਆਪ ਨੂੰ ਸਾਬਤ ਕਰੋਗੇ। ਜੇਕਰ ਤੁਸੀਂ ਪੂਰੀ ਦੁਨੀਆ ਵਿੱਚ ਵਿਸ਼ਵ ਕ੍ਰਿਕਟ ਵਿੱਚ ਸਤਿਕਾਰ ਕਮਾਉਣਾ ਚਾਹੁੰਦੇ ਹੋ, ਤਾਂ ਟੈਸਟ ਕ੍ਰਿਕਟ ਨੂੰ ਅਪਣਾਓ।" ਵਿਰਾਟ ਨੇ ਆਪਣੇ ਕਰੀਅਰ ਦੇ ਪਹਿਲੇ ਹੀ ਸਾਲ ਜੂਨੀਅਰ ਵਿਸ਼ਵ ਕੱਪ ਅਤੇ ਤੀਜੇ ਹੀ ਸਾਲ ਇਕ ਰੋਜ਼ਾ ਵਿਸ਼ਵ ਕੱਪ ਜਿੱਤ ਲਿਆ। ਆਈ.ਪੀ.ਐਲ. ਜਿੱਤਣ ਲਈ ਉਸ ਨੂੰ 18 ਸਾਲ ਲੱਗੇ ਜਿਸ ਨੂੰ ਜਿੱਤਣ ਤੋਂ ਬਾਅਦ ਉਸ ਵੱਲੋਂ ਸਭ ਤੋਂ ਪਹਿਲੀ ਕੀਤੀ ਇੰਟਰਵਿਊ ਦੌਰਾਨ ਆਖਿਆ ਗਿਆ, "ਮੈਂ ਆਰ.ਬੀ.ਬੀ. ਨੂੰ ਆਪਣੀ ਜਵਾਨੀ, ਆਪਣਾ ਸਿਖਰ ਅਤੇ ਆਪਣਾ ਤਜ਼ਰਬਾ ਦਿੱਤਾ ਹੈ ਅਤੇ ਮੈਂ ਹਰ ਸੀਜ਼ਨ ਵਿੱਚ ਇਸ ਨੂੰ ਜਿਤਾਉਣ ਦੀ ਕੋਸ਼ਿਸ਼ ਕੀਤੀ ਹੈ ਅਤੇ ਮੈਂ ਉਹ ਸਭ ਕੁਝ ਦਿੱਤਾ ਜੋ ਮੇਰੇ ਕੋਲ ਹੈ। ਅੰਤ ਵਿੱਚ ਇਸ ਪਲ ਦਾ ਆਉਣਾ, ਇਹ ਇੱਕ ਅਵਿਸ਼ਵਾਸ਼ਯੋਗ ਅਹਿਸਾਸ ਹੈ। ਮੈਂ ਕਦੇ ਨਹੀਂ ਸੋਚਿਆ ਸੀ ਕਿ ਇਹ ਦਿਨ ਆਵੇਗਾ। ਆਖ਼ਰੀ ਗੇਂਦ ਸੁੱਟਦੇ ਹੀ ਮੈਂ ਭਾਵਨਾਵਾਂ ਨਾਲ ਭਰ ਗਿਆ ਅਤੇ ਇਹ ਮੇਰੇ ਲਈ ਬਹੁਤ ਮਾਇਨੇ ਰੱਖਦਾ ਹੈ। ਮੈਂ ਇਸ ਟੀਮ ਪ੍ਰਤੀ ਵਫ਼ਾਦਾਰ ਰਿਹਾ ਹਾਂ, ਭਾਵੇਂ ਕੁਝ ਵੀ ਹੋਵੇ, ਅਤੇ ਮੈਂ ਹਮੇਸ਼ਾ ਉਨ੍ਹਾਂ ਨਾਲ ਜਿੱਤਣ ਦਾ ਸੁਪਨਾ ਦੇਖਿਆ ਹੈ। ਮੇਰਾ ਦਿਲ ਬੰਗਲੁਰੂ ਨਾਲ ਹੈ, ਮੇਰੀ ਆਤਮਾ ਬੰਗਲੁਰੂ ਨਾਲ ਹੈ। ਅਤੇ ਜਿਵੇਂ ਕਿ ਮੈਂ ਪਹਿਲਾਂ ਕਿਹਾ ਸੀ, ਇਹ ਉਹ ਟੀਮ ਹੈ ਜਿਸ ਲਈ ਮੈਂ ਆਖ਼ਰੀ ਦਿਨ ਤੱਕ ਖੇਡਾਂਗਾ ਜਦੋਂ ਮੈਂ ਆਈ.ਪੀ.ਐਲ. ਖੇਡਦਾ ਹਾਂ। ਇਹ ਇੱਕੋ ਖਿਤਾਬ ਮਿਸ ਕਰ ਰਿਹਾ ਸੀ ਅਤੇ ਅੱਜ ਰਾਤ, ਮੈਂ ਇੱਕ ਬੱਚੇ ਵਾਂਗ ਸੌਣ ਜਾ ਰਿਹਾ ਹਾਂ। ਮੇਰੇ ਕਰੀਅਰ ਦੀ ਇੱਕ ਦਿਨ ਸਮਾਪਤੀ ਹੋਣੀ ਹੈ ਅਤੇ ਜਦੋਂ ਮੈਂ ਆਪਣੇ ਬੂਟ ਲਟਕਾਵਾਂਗਾ, ਮੈਂ ਘਰ ਬੈਠ ਕੇ ਕਹਿਣਾ ਚਾਹੁੰਦਾ ਹਾਂ ਕਿ ਮੈਂ ਇਸਨੂੰ ਉਹ ਸਭ ਕੁਝ ਦੇ ਦਿੱਤਾ ਜੋ ਮੇਰੇ ਕੋਲ ਸੀ। ਪਰਮਾਤਮਾ ਦਾ ਧੰਨਵਾਦੀ ਹਾਂ ਕਿ, ਮੈਨੂੰ ਇਹ ਟਰਾਫੀ ਦਿੱਤੀ ਅਤੇ ਮੈਂ ਆਪਣਾ ਸਿਰ ਨੀਵਾਂ ਕੀਤਾ, ਨਿਮਰ ਰਿਹਾ, ਅਤੇ ਜਿੰਨਾ ਹੋ ਸਕੇ ਮਿਹਨਤ ਕਰਾਂ।"

5 ਨਵੰਬਰ 1988 ਨੂੰ ਦਿੱਲੀ ਵਿਖੇ ਜਨਮੇ ਵਿਰਾਟ ਕੋਹਲੀ ਨੂੰ ਬਚਪਨ ਤੋਂ ਹੀ ਕ੍ਰਿਕਟ ਨਾਲ ਖਾਸ ਲਗਾਅ ਸੀ। ਉਨ੍ਹਾਂ ਨੇ ਵੈਸਟ ਦਿੱਲੀ ਕ੍ਰਿਕਟ ਅ

ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਭਾਜਪਾ 'ਚ ਸ਼ਾਮਲ ਹੋਣ ਦੀਆਂ ਕਨਸੋਆਂ

ਅੰਮ੍ਰਿਤਸਰ, 15 ਮਈ (ਚ.ਨ.ਸ): ਆਮ ਆਦਮੀ ਪਾਰਟੀ ਵੱਲੋਂ ਮੁਅੱਤਲ ਚੱਲ ਰਹੇ ਅੰਮ੍ਰਿਤਸਰ ਦੇ ਹਲਕਾ ਉਤਰੀ ਤੋਂ ਚਰਚਿਤ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਅੱਜ ਇੱਕ ਸਰਕਾਰੀ ਸਮਾਗਮ ਦੌਰਾਨ ਜਨਤਕ ਮੰਚ 'ਤੇ ਭਾਜਪਾ ਦੇ ਸੀਨੀਅਰ ਆਗੂ ਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਦੀਆਂ ਸਾਹਮਣੇ ਆਈਆਂ ਤਸਵੀਰਾਂ ਨੇ ਸਿਆਸੀ ਹਲਕਿਆਂ 'ਚ ਨਵੀਂ ਚਰਚਾ ਛੇੜ ਦਿੱਤੀ ਹੈ। ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਨਿਊ ਜਲਪਾਈਗੁੜੀ ਲਈ 'ਅੰਮ੍ਰਿਤ ਭਾਰਤ ਐਕਸਪ੍ਰੈਸ' ਟਰੇਨ ਨੂੰ ਹਰੀ ਝੰਡੀ ਦਿਖਾਉਣ ਦੇ ਸਮਾਗਮ ਦੌਰਾਨ ਕੁੰਵਰ ਵਿਜੇ ਪ੍ਰਤਾਪ ਸਿੰਘ ਤੇ ਰਵਨੀਤ ਸਿੰਘ ਬਿੱਟੂ ਮੁੱਖ ਸਟੇਜ ਤੋਂ ਇਲਾਵਾ ਪੱਤਰਕਾਰ ਮਿਲਣੀ ਦੌਰਾਨ ਵੀ ਇਕੱਠੇ ਦਿਖਾਈ ਦਿੱਤੇ। ਇਸ ਸਰਕਾਰੀ ਸਮਾਗਮ 'ਚ ਉਨ੍ਹਾਂ ਦੇ ਨਾਲ ਭਾਜਪਾ ਦੀ ਸੀਨੀਅਰ ਆਗੂ ਲਕਸ਼ਮੀ ਕਾਂਤਾ ਚਾਵਲਾ ਸਮੇਤ ਹੋਰ ਸੀਨੀਅਰ ਆਗੂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਬਿੱਟੂ ਵੱਲੋਂ ਇਸ ਮੌਕੇ ਵਿਧਾਇਕ ਦੇ ਜਿਥੇ ਖੁੱਲ੍ਹ ਕੇ ਕਸੀਦੇ ਪੜ੍ਹੇ ਉਥੇ ਇਸ ਮਿਲਣੀ ਨਾਲ ਪਿਛਲੇ ਸਮੇਂ ਤੋਂ ਚੱਲ ਰਹੀਆਂ ਉਨ੍ਹਾਂ ਕਨਸੋਆਂ ਨੂੰ ਵੀ ਭਾਰੀ ਬਲ ਮਿਲਿਆ ਕਿ ਕੁੰਵਰ ਦੀਆਂ ਭਾਜਪਾ ਨਾਲ ਨਜ਼ਦੀਕੀਆਂ ਹਨ ਤੇ ਭਾਜਪਾ ਉਨ੍ਹਾਂ ਨੂੰ ਆਪਣੇ ਪ੍ਰੋਗਰਾਮਾਂ 'ਚ ਅਹਿਮ ਥਾਂ ਦੇ ਰਹੀ ਹੈ। ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਕੁੰਵਰ ਵਿਜੇ ਪ੍ਰਤਾਪ ਸਿੰਘ ਅੱਜ ਜਿਸ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਉਕਤ ਸਮਾਗਮ 'ਚ ਸ਼ਾਮਲ ਹੋਣ ਲਈ ਆਏ ਸਨ ਉਹ ਉਨ੍ਹਾਂ ਦੇ ਵਿਧਾਨ ਸਭਾ ਹਲਕੇ ਉਤਰੀ ਦੀ ਬਜਾਏ ਹਲਕਾ ਕੇਂਦਰੀ ਨਾਲ ਸਬੰਧਤ ਹੈ।

7.8 ਕਿਲੋ ਹੈਰੋਇਨ ਸਣੇ ਮਾਂ-ਪੁੱਤ ਤੇ ਚਾਰ ਕਾਬੂ

☛ਨਾਬਾਲਗ ਦੀ ਮੌਤ ਮਾਮਲੇ 'ਚ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸਖ਼ਤ ਨੋਟਿਸ

ਫ਼ਿਰੋਜ਼ਪੁਰ/ਫ਼ਾਜ਼ਿਲਕਾ, 15 ਮਈ (ਚ.ਨ.ਸ): ਪੰਜਾਬ ਵਿੱਚ ਨਸ਼ਿਆਂ ਦੇ ਵੱਧਦੇ ਪ੍ਰਕੋਪ ਤੇ ਸਰਹੱਦੀ ਖੇਤਰਾਂ ਵਿੱਚ ਸਰਗਰਮ ਤਸਕਰਾਂ ਖ਼ਿਲਾਫ਼ ਪੁਲਿਸ ਨੇ ਸ਼ਿਕੰਜਾ ਕੱਸਦਿਆਂ ਦੋ ਵੱਖ-ਵੱਖ ਮਾਮਲਿਆਂ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਫ਼ਿਰੋਜ਼ਪੁਰ ਪੁਲਿਸ ਨੇ ਇੱਕ ਵੱਡੇ ਨਸ਼ਾ ਤਸਕਰੀ ਰੈਕਟ ਦਾ ਪਰਦਾਫਾਸ਼ ਕਰਦਿਆਂ ਇੱਕ ਔਰਤ ਤੇ ਉਸ ਦੇ 15 ਸਾਲਾ ਨਾਬਾਲਗ ਪੁੱਤਰ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ 7.8 ਕਿਲੋਗ੍ਰਾਮ ਹੈਰੋਇਨ ਤੇ ਤਿੰਨ ਮੋਬਾਈਲ ਬ੍ਰਾਮਦ ਕੀਤੇ ਹਨ। ਦੂਜੇ ਪਾਸੇ, ਫ਼ਾਜ਼ਿਲਕਾ ਵਿੱਚ ਇੱਕ 16 ਸਾਲਾ ਨਾਬਾਲਗ ਨੂੰ ਜ਼ਬਰਦਸਤੀ ਨਸ਼ੇ ਦਾ ਟੀਕਾ ਲਗਾ ਕੇ ਮੌਤ ਦੇ ਘਾਟ ਉਤਾਰਨ ਦੇ ਮਾਮਲੇ ਵਿੱਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਸੂਓ ਮੋਟੂ ਨੋਟਿਸ ਲਿਆ ਹੈ। ਫ਼ਿਰੋਜ਼ਪੁਰ ਦੇ ਸੀਨੀਅਰ ਪੁਲਿਸ ਕਪਤਾਨ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਜ਼ੀਰਾ ਦੀ ਟੀਮ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਕੁਝ ਤਸਕਰ ਫ਼ਿਰੋਜ਼ ਸ਼ਾਹ ਬੱਸ ਅੱਡੇ ਨੇੜੇ ਗ੍ਰਾਹਕਾਂ ਦੀ ਉਡੀਕ ਕਰ ਰਹੇ ਹਨ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਨਾਕਾਬੰਦੀ ਦੌਰਾਨ ਅਕਾਸ਼ਦੀਪ ਉਰਫ਼ ਅਕਾਸ਼ ਵਾਸੀ ਬੇਟੂ ਕਦੀਮ ਤੇ ਗੌਬਿਨ ਕੁਮਾਰ ਵਾਸੀ ਪੰਜੇ ਕੇ ਉਤਰ ਨੂੰ ਕਾਬੂ ਕੀਤਾ। ਤਲਾਸ਼ੀ ਦੌਰਾਨ ਪਹਿਲਾਂ ਇਨ੍ਹਾਂ ਕੋਲੋਂ 1.5 ਕਿਲੋ ਹੈਰੋਇਨ ਤੇ ਦੋ ਮੋਬਾਈਲ ਬ੍ਰਾਮਦ ਹੋਏ। ਪੁੱਛਗਿੱਛ ਦੌਰਾਨ ਮੁਲਜ਼ਮ ਗੌਬਿਨ ਨੇ ਖੁਲਾਸਾ ਕੀਤਾ ਕਿ ਉਸ ਦੇ ਘਰ ਹੋਰ ਵੀ ਨਸ਼ੀਲੇ ਪਦਾਰਥ ਛੁਪਾਏ ਹੋਏ ਹਨ ਤੇ ਇਸ ਧੰਦੇ ਵਿੱਚ ਸੋਢੇ ਵਾਲਾ ਦੀ ਰਹਿਣ ਵਾਲੀ ਇੱਕ ਔਰਤ ਸੰਤੋਸ਼ ਰਾਣੀ ਤੇ ਉਸ ਦਾ ਨਾਬਾਲਗ ਪੁੱਤਰ ਵੀ ਸ਼ਾਮਲ ਹਨ। ਇਸ ਤੋਂ ਬਾਅਦ ਹੋਈਆਂ ਛਾਪੇਮਾਰੀਆਂ ਵਿੱਚ 6.3 ਕਿਲੋ ਹੋਰ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ ਨਾਲ ਕੁੱਲ ਬ੍ਰਾਮਦਗੀ 7.8 ਕਿਲੋਗ੍ਰਾਮ ਤੱਕ ਪਹੁੰਚ ਗਈ। ਐਸ.ਐਸ.ਪੀ. ਮੁਤਾਬਿਕ ਇਹ ਗਿਰੋਹ ਪਿਛਲੇ ਕਾਫੀ ਸਮੇਂ ਤੋਂ ਸਰਗਰਮ ਸੀ ਤੇ ਪਾਕਿਸਤਾਨੀ ਸਮੱਗਲਰ ਸ਼ਾਹ ਪਠਾਨ ਨਾਲ ਸਿੱਧੇ ਸੰਪਰਕ ਵਿੱਚ ਸੀ। ਪੁਲਿਸ ਹੁਣ ਫੋਨਾਂ ਦੀ ਫੋਰੈਂਸਿਕ ਜਾਂਚ ਕਰ ਰਹੀ ਹੈ ਤਾਂ ਜੋ ਅੱਗੇ ਤੇ ਪਿੱਛੇ ਦੇ ਸਬੰਧਾਂ ਦਾ ਪਤਾ ਲਗਾਇਆ ਜਾ ਸਕੇ। ਮੁਲਜ਼ਮਾਂ ਖ਼ਿਲਾਫ਼ ਥਾਣਾ ਘੱਲ ਖੁਰਦ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ।

ਸਬੂਤ ਮਿਟਾਉਣ ਦੇ ਦੋਸ਼ 'ਚ ਮਹਿਲਾ ਅਧਿਆਪਕਾ ਗ੍ਰਿਫ਼ਤਾਰ

☛ਪ੍ਰਾਈਵੇਟ ਸਕੂਲ 'ਚ 3 ਸਾਲਾ ਮਾਸੂਮ ਨਾਲ ਜਬਰ-ਜਨਾਹ ਦਾ ਮਾਮਲਾ

ਨਵੀਂ ਦਿੱਲੀ, 15 ਮਈ (ਚ.ਨ.ਸ): ਪੱਛਮੀ ਦਿੱਲੀ ਦੇ ਜਨਕਪੁਰੀ ਇਲਾਕੇ ਵਿੱਚ ਸਥਿਤ ਇੱਕ ਨਾਮੀ ਪ੍ਰਾਈਵੇਟ ਸਕੂਲ ਵਿੱਚ ਤਿੰਨ ਸਾਲ ਦੀ ਮਾਸੂਮ ਬੱਚੀ ਨਾਲ ਹੋਈ ਦਰਿੰਦਗੀ ਦੇ ਮਾਮਲੇ ਵਿੱਚ ਪੁਲਿਸ ਨੇ ਇੱਕ ਵੱਡੀ ਕਾਰਵਾਈ ਕਰਦਿਆਂ ਸਕੂਲ ਦੀ ਮਹਿਲਾ ਅਧਿਆਪਕਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦੋਸ਼ ਹੈ ਕਿ ਉਕਤ ਮਹਿਲਾ ਅਧਿਆਪਕਾ ਨੇ ਨਾ ਸਿਰਫ ਇਸ ਘਿਨੌਣੀ ਵਾਰਦਾਤ ਨੂੰ ਲੁਕਾਉਣ ਦੀ ਕੋਸ਼ਿਸ਼ ਕੀਤੀ, ਸਗੋਂ ਸਬੂਤ ਮਿਟਾਉਣ ਵਿੱਚ ਵੀ ਮੁੱਖ ਭੂਮਿਕਾ ਨਿਭਾਈ। ਅਦਾਲਤ ਨੇ ਮਹਿਲਾ ਅਧਿਆਪਕਾ ਨੂੰ ਇੱਕ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਬੀਤੀ 30 ਅਪ੍ਰੈਲ ਦੀ ਹੈ, ਜਦੋਂ ਨਰਸਰੀ ਕਲਾਸ ਵਿੱਚ ਪੜ੍ਹਨ ਵਾਲੀ 3 ਸਾਲਾ ਬੱਚੀ ਸਕੂਲ ਗਈ ਸੀ। ਪਰਿਵਾਰ ਅਨੁਸਾਰ ਬੱਚੀ ਨੇ ਘਰ ਆ ਕੇ ਦਰਦ ਦੀ ਸ਼ਿਕਾਇਤ ਕੀਤੀ ਤੇ ਦੱਸਿਆ ਕਿ ਉਸ ਨਾਲ ਗਲਤ ਕੰਮ ਹੋਇਆ ਹੈ। 1 ਮਈ ਨੂੰ ਜਨਕਪੁਰੀ ਥਾਣੇ ਵਿੱਚ ਮਾਮਲਾ ਦਰਜ ਕਰਵਾਇਆ ਗਿਆ ਸੀ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਸਕੂਲ ਦੇ 57 ਸਾਲਾ ਕੇਅਰਟੇਕਰ (ਸੇਵਾਦਾਰ) ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਹਾਲਾਂਕਿ, ਕੁਝ ਦਿਨ ਪਹਿਲਾਂ ਹੀ ਦੁਆਰਕਾ ਦੀ ਇੱਕ ਸੈਸ਼ਨ ਅਦਾਲਤ ਨੇ ਕੇਅਰਟੇਕਰ ਨੂੰ ਜ਼ਮਾਨਤ ਦੇ ਦਿੱਤੀ ਸੀ, ਜਿਸ ਤੋਂ ਬਾਅਦ ਪੁਲਿਸ ਦੀ ਕਾਰਵਾਈ 'ਤੇ ਸਵਾਲ ਖੜ੍ਹੇ ਹੋ ਰਹੇ ਸਨ।ਜਾਂਚ ਦੌਰਾਨ ਤੇ ਬੱਚੀ ਦੇ ਪਰਿਵਾਰ ਵੱਲੋਂ ਲਗਾਏ ਗਏ ਦੋਸ਼ਾਂ ਅਨੁਸਾਰ, ਮਹਿਲਾ ਅਧਿਆਪਕਾ ਦੀ ਭੂਮਿਕਾ ਸ਼ੱਕੀ ਪਾਈ ਗਈ। ਜਾਂਚ ਅਧਿਕਾਰੀਆਂ ਨੇ ਦੱਸਿਆ ਕਿ ਵਾਰਦਾਤ ਤੋਂ ਬਾਅਦ ਜਦੋਂ ਬੱਚੀ ਰੋ ਰਹੀ ਸੀ ਤਾਂ ਮਹਿਲਾ ਅਧਿਆਪਕਾ ਨੇ ਮਦਦ ਕਰਨ ਜਾਂ ਮਾਪਿਆਂ ਨੂੰ ਸੂਚਿਤ ਕਰਨ ਦੀ ਬਜਾਏ ਬੱਚੀ ਨੂੰ ਸਾਫ਼ ਕੀਤਾ ਤਾਂ ਜੋ ਕੋਈ ਨਿਸ਼ਾਨ ਨਾ ਰਹਿ ਜਾਵੇ। ਦੋਸ਼ ਹੈ ਕਿ ਉਸ ਨੇ ਮਾਸੂਮ ਨੂੰ ਇਸ ਬਾਰੇ ਕਿਸੇ ਨੂੰ ਵੀ ਨਾ ਦੱਸਣ ਲਈ ਡਰਾਇਆ-ਧਮਕਾਇਆ ਵੀ ਸੀ। ਪੁਲਿਸ ਅਨੁਸਾਰ ਅਧਿਆਪਕਾ ਨੇ ਜਾਣਬੁੱਝ ਕੇ ਇਸ ਅਪਰਾਧ ਨੂੰ ਛੁਪਾਇਆ ਤੇ ਪੁਲਿਸ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਸੀਨੀਅਰ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਅਧਿਆਪਕਾ ਵਿਰੁੱਧ ਪੁਖ਼ਤਾ ਸਬੂਤ ਇਕੱਠੇ ਕਰਨ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੁਲਿਸ ਵੱਲੋਂ ਡਕੈਤੀ ਦੀ ਯੋਜਨਾ ਨਾਕਾਮ 22 ਕਿੱਲੋ ਤੋਂ ਵੱਧ ਡੋਡੇ ਚੂਰਾ ਪੋਸਤ ਸਣੇ ਐਕਟਿਵਾ ਸਵਾਰ ਕਾਬੂ

☛6 ਦੋਸ਼ੀ 1 ਪਿਸਟਲ 30 ਬੋਰ ਸਮੇਤ ਮੈਗਜ਼ੀਨ, 4 ਰੌਂਦ ਜ਼ਿੰਦਾ ਤੇ ਤੇਜ਼ਧਾਰ ਹਥਿਆਰਾਂ ਸਮੇਤ ਕਾਬੂ

ਗੁਰਦਾਸਪੁਰ, 15 ਮਈ (ਜਗੀਰ ਸਿੰਘ ਮੰਡ): ਐਸ.ਐਸ.ਪੀ. ਗੁਰਦਾਸਪੁਰ, ਆਦਿੱਤਿਆ ਵੱਲੋਂ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਗਿਆ ਕਿ ਗੁਰਦਾਸਪੁਰ ਪੁਲਿਸ ਵੱਲੋਂ ਡਕੈਤੀ ਦੀ ਯੋਜਨਾ ਨਾਕਾਮ ਕਰਦਿਆਂ 6 ਦੋਸ਼ੀਆਂ ਨੂੰ 1 ਪਿਸਟਲ 30 ਬੋਰ ਸਮੇਤ ਮੈਗਜ਼ੀਨ, 4 ਰੌਂਦ ਜ਼ਿੰਦਾ ਤੇ ਤੇਜ਼ਧਾਰ ਹਥਿਆਰਾਂ ਸਮੇਤ ਕਾਬੂ ਕੀਤਾ ਗਿਆ ਹੈ। ਇਸ ਮੌਕੇ ਡੀ.ਐਸ.ਪੀ. ਦੀਨਾਨਗਰ ਰਜਿੰਦਰ ਸਿੰਘ ਮਿਨਹਾਸ ਵੀ ਮੌਜੂਦ ਸਨ। ਐਸ.ਐਸ.ਪੀ. ਗੁਰਦਾਸਪੁਰ ਆਦਿੱਤਿਆ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਵੱਲੋਂ ਗੈਂਗਸਟਰ ਖ਼ਿਲਾਫ ਚਲਾਈ ਗਈ ਮੁਹਿੰਮ ਤਹਿਤ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦਾਸਪੁਰ ਪੁਲਿਸ ਵੱਲੋਂ ਗੈਰ ਕਾਨੂੰਨੀ ਅਨਸਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਥਾਣਾ ਦੀਨਾਨਗਰ ਦੀ ਪੁਲਿਸ ਨੂੰ ਮਿਤੀ 14.05.2026 ਨੂੰ ਗੁਪਤ ਸੂਚਨਾ ਮਿਲੀ ਕਿ ਮੜੀਆਂ ਪਿੰਡ ਕੰਟਾ ਵਿਖੇ ਇੱਕ ਕਾਰ ਨੰਬਰ PB 18 P 1700 ਮਾਰਕਾ ਵਰਨਾ ਵਿੱਚ ਸਵਾਰ ਵਿਅਕਤੀ ਡਕੈਤੀ ਦੀ ਯੋਜਨਾ ਬਣਾ ਰਹੇ ਹਨ। ਜਿਸ 'ਤੇ ਪੁਲਿਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਇਆ ਡਕੈਤੀ ਦੀ ਯੋਜਨਾ ਬਣਾ ਰਹੇ 6 ਦੋਸ਼ੀਆਂ ਯੂਸਫ ਮਸੀਹ ਉਰਫ ਐਮ.ਪੀ.. ਮਲੂਕ ਮਸੀਹ, ਕਮਲਜੀਤ ਉਰਫ ਦਾਤਰ, ਹਨੀ, ਮਹਿਕਪ੍ਰੀਤ ਸਿੰਘ ਤੇ ਸੰਦੀਪ ਮਸੀਹ ਨੂੰ ਕਾਰ ਨੰਬਰ ਮਾਰਕਾ ਵਰਨਾ ਸਮੇਤ ਕਾਬੂ ਕੀਤਾ। ਇਸ ਤੋਂ ਇਲਾਵਾ ਕਾਰ ਦੀ ਤਲਾਸ਼ੀ ਦੌਰਾਨ ਇੱਕ ਬੇਸਬਾਲ ਬੈਟ, ਇੱਕ ਕਿਰਪਾਨ ਤੇ ਇੱਕ ਦਾਤਰ ਵੀ ਬ੍ਰਾਮਦ ਹੋਇਆ। ਜਿਸ 'ਤੇ ਦੋਸ਼ੀਆਂ ਦੇ ਖ਼ਿਲਾਫ ਮੁਕੱਦਮਾ ਨੰਬਰ 118, ਮਿਤੀ 14.05.2026 ਜੁਰਮ 310(4), 310(5) BNS 25-54-59 ਅਸਲ੍ਹਾ ਐਕਟ ਥਾਣਾ ਦੀਨਾਨਗਰ ਵਿਖੇ ਦਰਜ ਕੀਤਾ ਗਿਆ।

ਨਗਰ ਕੌਂਸਲ ਦੀ ਇੰਪਲਾਈ ਯੂਨੀਅਨ ਵੱਲੋਂ ਹੜਤਾਲ 10ਵੇਂ ਦਿਨ ਵੀ ਜਾਰੀ

ਦਸੂਹਾ, 15 ਮਈ (ਰਾਜਿੰਦਰ ਸਿੰਘ ਦਸੂਹਾ): ਅੱਜ ਨਗਰ ਕੌਂਸਲ ਦਸੂਹਾ ਦੀ ਇੰਪਲਾਈ ਯੂਨੀਅਨ ਵੱਲੋਂ ਹੜਤਾਲ 'ਤੇ ਬੈਠਿਆਂ 10ਵਾਂ ਦਿਨ ਹੋ ਗਿਆ ਹੈ। ਇਸ ਮੌਕੇ ਮੁਲਾਜ਼ਮ ਯੂਨੀਅਨ ਦੇ ਲੀਡਰ ਸਿਕੰਦਰ ਮਲਿਕ, ਸਿਕੰਦਰ ਸਹੋਤਾ ਨੇ ਕਿਹਾ ਕਿ ਦੇਖ ਲਓ, ਇਸ ਸਰਕਾਰ ਦੀ ਪਤਾ ਵੀ ਸੀ ਕਿ ਪੰਜਾਬ ਵਿੱਚ ਪੂਰੇ ਪੰਜਾਬ ਦੀਆਂ ਸਾਰੀਆਂ ਹੀ ਸਫਾਈ ਜਥੇਬੰਦੀਆਂ ਨੇ ਹੜਤਾਲ ਕੀਤੀ ਹੋਈ ਹੈ। ਉਨ੍ਹਾਂ ਨੂੰ ਇਹ ਵੀ ਪਤਾ ਸੀ ਕਿ ਪੂਰੇ ਪੰਜਾਬ ਵਿੱਚ ਨਗਰ ਕੌਂਸਲ, ਨਗਰ ਪੰਚਾਇਤ ਤੇ ਕਾਰਪੋਰੇਸ਼ਨ ਦੀਆਂ ਚੋਣਾਂ ਵੀ ਸਿਰ 'ਤੇ ਹਨ ਪਰ ਫਿਰ ਵੀ ਹੜਤਾਲ ਤੋਂ ਪਹਿਲਾਂ ਮੁਲਾਜ਼ਮਾਂ ਪ੍ਰਤੀ ਕੋਈ ਹੱਲ ਨਹੀਂ ਕੱਢਿਆ ਜਾ ਰਿਹਾ। ਹੁਣ ਇਲੈਕਸ਼ਨ ਵੀ ਆ ਗਏ ਹਨ ਤੇ ਸਰਕਾਰ ਨੂੰ ਹੁਣ ਪਤਾ ਲੱਗੇਗਾ ਮੁਲਾਜ਼ਮਾਂ ਦੀ ਏਕਤਾ ਤੇ ਜ਼ੋਰ ਦਾ। ਮੁਲਾਜ਼ਮ ਲੀਡਰ ਸਿਕੰਦਰ ਮਲਿਕ, ਸਿਕੰਦਰ ਸਹੋਤਾ, ਸਰਵਣ ਸਿੰਘ, ਦੀਪਕ ਥਾਪਰ ਨੇ ਦੱਸਿਆ ਕਿ ਸਰਕਾਰ ਜਦੋਂ ਤੱਕ ਸਾਡੀਆਂ ਮੰਗਾ ਮੰਨ ਕੇ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕਰਦੀ ਉਦੋਂ ਤੱਕ ਇਹ ਹੜਤਾਲ ਪੂਰੇ ਹੀ ਪੰਜਾਬ ਵਿੱਚ ਹੋਰ ਵੀ ਤੇਜ਼ੀ ਨਾਲ ਜਾਰੀ ਰਹੇਗੀ। ਇਸ ਹੜਤਾਲ ਵਿੱਚ ਪੱਕੇ ਤੇ ਕੱਚੇ ਸਫਾਈ ਮੁਲਾਜ਼ਮ, ਸੀਵਰ ਮੈਨ, ਪੰਪ ਉਪਰੇਟਰ, ਐਲੇਕਰੀਸ਼ਨ, ਕੰਪਿਊਟਰ ਓਪਰੇਟਰ, ਮਾਲੀ ਚੌਕੀਦਾਰ ਤੇ ਦਫ਼ਤਰੀ ਸਟਾਫ਼ ਮੌਜੂਦ ਸਨ।

ਨਗਰ ਪੰਚਾਇਤ ਚੋਣ ਲਈ 'ਆਪ' ਦੇ ਸਾਰੇ 13 ਉਮੀਦਵਾਰਾਂ ਨੇ ਵਿਕਾਸ ਕਾਰਜਾਂ ਨੂੰ ਲੈ ਕੇ ਦੌਰੇ ਸਿਆਸੀ ਧਿਰਾਂ ਆਹਮੋ-ਸਾਹਮਣੇ ਵਿਧਾਇਕ ਫੋਸ ਦੀ ਅਗਵਾਈ ਹੇਠ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ

ਕੋਟ ਈਸੇ ਖਾਂ, 15 ਮਈ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਨਗਰ ਪੰਚਾਇਤ ਕੋਟ ਈਸੇ ਖਾਂ ਦੀ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਨੇ ਅੱਜ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਪਾਰਟੀ ਵੱਲੋਂ ਇਨ੍ਹਾਂ ਨਗਰ ਪੰਚਾਇਤ ਚੋਣਾਂ ਵਿੱਚ ਹਿੱਸਾ ਲੈ ਰਹੇ ਸਾਰੇ 13 ਉਮੀਦਵਾਰਾਂ ਤੇ ਉਨ੍ਹਾਂ ਦੇ ਵੱਡੀ ਗਿਣਤੀ ਸਮਰਥਕਾਂ ਨਾਲ ਵਿਧਾਇਕ ਢੋਸ ਇੱਥੇ ਐਸਡੀਐਮ ਦਫ਼ਤਰ ਪੁੱਜੇ ਤੇ ਸਾਰੇ ਉਮੀਦਵਾਰਾਂ ਦੇ ਕਾਗਜ਼ ਦਾਖਲ ਕਰਵਾਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਢੋਸ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਹ ਚੋਣਾਂ ਵਿਕਾਸ ਕਾਰਜਾਂ ਦੇ ਏਜੰਡੇ ਨਾਲ ਲੜੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਮੁਕੰਮਲ ਹੋ ਚੁੱਕੇ ਚਾਰ ਸਾਲਾਂ ਕਾਰਜ ਕਾਲ ਦੌਰਾਨ ਸੂਬੇ ਦੇ ਸਰਬਪੱਖੀ ਵਿਕਾਸ ਵੱਲ ਧਿਆਨ ਦਿੱਤਾ ਹੈ। ਵਿਧਾਇਕ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਵਿਕਾਸ ਸ਼ਬਦ ਨੇੜੇ ਦੀ ਵੀ ਨਹੀਂ ਲੰਘਿਆ ਸੀ, ਇਸ ਲਈ ਪੰਜਾਬ ਹਰੇਕ ਪੱਖ ਤੋਂ ਪੱਛੜ ਚੁੱਕਿਆ ਸੀ। ਆਮ ਆਦਮੀ ਪਾਰਟੀ ਨੇ ਆਪਣੇ ਚੋਣ ਵਾਅਦੇ ਮੁਤਾਬਿਕ ਪੂਰੀ ਸੂਝਬੂਝ ਨਾਲ ਪੰਜਾਬ ਨੂੰ ਵਿਕਾਸ ਦੀ ਪੱਟੜੀ ਉਤੇ ਚਾੜ੍ਹ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਭ ਦੀਆਂ ਸਾਂਝੀਆਂ ਕੋਸ਼ਿਸ਼ਾਂ ਸਦਕਾ ਹਲਕਾ ਧਰਮਕੋਟ ਤੋਂ ਪੱਛੜਿਆ ਸ਼ਬਦ ਲਹਿ ਗਿਆ ਹੈ। ਪਿੰਡ ਪਿੰਡ ਆਧੁਨਿਕ ਪਾਰਕ, ਖੇਡ ਮੈਦਾਨਾਂ ਸਮੇਤ ਸਿਹਤ ਤੇ ਸਿੱਖਿਆ ਦਾ ਮਜ਼ਬੂਤ ਢਾਂਚੇ ਤਿਆਰ ਕਰਕੇ ਕਰਕੇ ਮਾਡਲ ਪਿੰਡ ਵਿਕਸ

ਪੱਛਮੀ ਬੰਗਾਲ ’ਚ ਸਕੂਲਾਂ ਦੀ ਸਵੇਰ ਦੀ ਸਭਾ ਦੌਰਾਨ ‘ਵੰਦੇ ਮਾਤਰਮ’ ਗਾਉਣਾ ਲਾਜ਼ਮੀ

ਕੋਲਕਾਤਾ, 15 ਮਈ (ਚ.ਨ.ਸ): ਪੱਛਮੀ ਬੰਗਾਲ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਇੱਕ ਅਧਿਕਾਰਤ ਆਦੇਸ਼ ਦੇ ਅਨੁਸਾਰ, ਰਾਜ ਭਰ ਦੇ ਸਾਰੇ ਸਰਕਾਰੀ ਤੇ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਰਾਸ਼ਟਰੀ ਗੀਤ ‘ਵੰਦੇ ਮਾਤਰਮ’ ਗਾਉਣਾ ਲਾਜ਼ਮੀ ਹੋਵੇਗਾ। ਨਿਰਦੇਸ਼ ਵਿੱਚ ਕਿਹਾ ਗਿਆ ਹੈ ਕਿ ਸਕੂਲ ਸ਼ੁਰੂ ਹੋਣ ’ਤੇ ਹੋਣ ਵਾਲੀ ਅਸੈਂਬਲੀ ਦੌਰਾਨ ਹਰੇਕ ਵਿਦਿਆਰਥੀ ਨੂੰ ਰਾਸ਼ਟਰੀ ਗੀਤ ਗਾਉਣ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਸੰਸਥਾਵਾਂ ਦੇ ਮੁਖੀਆਂ ਨੂੰ ਇਸ ਹੁਕਮ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨੇ ਵਿਧਾਨ ਸਭਾ ਕੰਪਲੈਕਸ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਅਗਲੇ ਸੋਮਵਾਰ ਤੋਂ ‘ਵੰਦੇ ਮਾਤਰਮ’ ਨੂੰ ਰਾਜ ਭਰ ਦੇ ਸਾਰੇ ਸਕੂਲਾਂ ਵਿੱਚ ਪ੍ਰਾਰਥਨਾ ਗੀਤ ਵਜੋਂ ਪੇਸ਼ ਕੀਤਾ ਜਾਵੇਗਾ। ਮੈਂ ਅੱਜ ਨਬੰਨਾ (ਸਕੱਤਰੇਤ) ਜਾਵਾਂਗਾ ਤੇ ਉਨ੍ਹਾਂ ਨੂੰ ਇਸ ਬਾਰੇ ਸੂਚਿਤ ਕਰਾਂਗਾ। ਸਿੱਖਿਆ ਨਿਰਦੇਸ਼ਕ ਵੱਲੋਂ 13 ਮਈ ਨੂੰ ਸਰਕਾਰੀ ਤੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਮੁਖੀਆਂ ਨੂੰ ਭੇਜੇ ਗਏ ਇੱਕ ਪੱਤਰ ਵਿੱਚ ਸਪੱਸ਼ਟ ਕੀਤਾ ਗਿਆ ਸੀ ਕਿ ਕਲਾਸਾਂ ਸ਼ੁਰੂ ਹੋਣ ਤੋਂ ਪਹਿਲਾਂ ਸਵੇਰ ਦੀ ਸਭਾ ਵਿੱਚ ‘ਵੰਦੇ ਮਾਤਰਮ’ ਗਾਉਣਾ ਤੁਰੰਤ ਪ੍ਰਭਾਵ ਨਾਲ ਲਾਜ਼ਮੀ ਕੀਤਾ

ਜਾਣਾ ਚਾਹੀਦਾ ਹੈ ਤੇ ਰਾਜ ਭਰ ਦੇ ਸਾਰੇ ਸਕੂਲਾਂ ਦੇ ਸਾਰੇ ਬੱਚਿਆਂ ਨੂੰ ਇਹ ਗਾਉਣਾ ਚਾਹੀਦਾ ਹੈ।ਇਹ ਕਦਮ ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਚਿੰਨ੍ਹਾਂ ਦੇ ਸਤਿਕਾਰ ਨਾਲ ਸਬੰਧਤ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ ਇੱਕ ਪਹਿਲ ਸ਼ੁਰੂ ਕਰਨ ਤੋਂ ਥੋੜ੍ਹੀ ਦੇਰ ਬਾਅਦ ਆਇਆ ਹੈ। ਕੇਂਦਰ ਸਰਕਾਰ ਨੇ ਰਾਸ਼ਟਰੀ ਸਨਮਾਨ ਦੇ ਅਪਮਾਨ ਰੋਕਥਾਮ ਐਕਟ 1971 ਵਿੱਚ ਸੋਧਾਂ ਦਾ ਪ੍ਰਸਤਾਵ ਰੱਖਿਆ ਹੈ, ਜਿਸ ਨਾਲ ਵੰਦੇ ਮਾਤਰਮ ਗਾਉਣ ਵਿੱਚ ਰੁਕਾਵਟ ਪਾਉਣਾ ਸਜ਼ਾਯੋਗ ਅਪਰਾਧ ਬਣ ਗਿਆ ਹੈ। ਸਕੂਲ ਸਿੱਖਿਆ ਵਿਭਾਗ ਦੇ ਇੱਕ ਅਧਿਕਾਰੀ ਨੇ ਵੀਰਵਾਰ ਨੂੰ ਸੰਕੇਤ ਦਿੱਤਾ ਕਿ ਸ਼ੁਰੂਆਤ ਸਭਾ ਦੌਰਾਨ ਰਾਸ਼ਟਰੀ ਗੀਤ ਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਕੂਲ ਅਧਿਕਾਰੀਆਂ ਨੂੰ ਇਸ ਲਾਗੂ ਕਰਨ ਦੇ ਸਬੂਤ ਵਜੋਂ ਵੀਡੀਓ ਰਿਕਾਰਡਿੰਗ ਸਮੇਤ ਪੂਰੀ ਕਾਰਵਾਈ ਦਾ ਦਸਤਾਵੇਜ਼ੀਕਰਨ ਕਰਨ ਲਈ ਵੀ ਕਿਹਾ ਗਿਆ ਹੈ।ਪਹਿਲਾਂ, ਸਿਰਫ਼ ਰਬਿੰਦਰਨਾਥ ਟੈਗੋਰ ਦੁਆਰਾ ਰਚਿਤ ਰਾਸ਼ਟਰੀ ਗੀਤ ‘ਜਨ ਗਣ ਮਨ’ ਰਵਾਇਤੀ ਤੌਰ ’ਤੇ ਰਾਜ ਦੇ ਸਕੂਲਾਂ ਵਿੱਚ ਗਾਇਆ ਜਾਂਦਾ ਸੀ। ਪਿਛਲੀ ਤ੍ਰਿਣਮੂਲ ਕਾਂਗਰਸ ਸਰਕਾਰ ਨੇ ਹਾਲ ਹੀ ਦੇ ਸਾਲਾਂ ਵਿੱਚ ਟੈਗੋਰ ਦੁਆਰਾ 1905 ਵਿੱਚ ਬੰਗਾਲ ਦੀ ਵੰਡ ਦੇ ਵਿਰੋਧ ਵਿੱਚ ਲਿਖੇ ਗਏ ਗੀਤ ‘ਬੰਗਲਾਰ ਮਿੱਟੀ ਬੰਗਲਾਰ ਜਲ’ ਨੂੰ ਰਾਜ ਗੀਤ ਵਜੋਂ ਪੇਸ਼ ਕੀਤਾ ਸੀ। ਇਸ ਸੂਚੀ ਵਿੱਚ ਬੰਕਿਮ ਚੰਦਰ ਚੈਟਰਜੀ ਦੁਆਰਾ ਰਚਿਤ ਰਾਸ਼ਟਰੀ ਗੀਤ ‘ਵੰਦੇ ਮਾਤਰਮ’ ਨੂੰ ਸ਼ਾਮਲ ਕਰਨ ਤੇ ਰਾਜ ਦੇ ਸਕੂਲਾਂ ਵਿੱਚ ਇਸਨੂੰ ਗਾਉਣਾ ਲਾਜ਼ਮੀ ਬਣਾਉਣ ਨਾਲ ਅਧਿਆਪਕਾਂ ਦੇ ਇੱਕ ਹਿੱਸੇ ਵਿੱਚ ਸਵੇਰ ਦੀ ਸਭਾ ਦੇ ਸੀਮਿਤ ਸਮੇਂ ਵਿੱਚ ਇਨ੍ਹਾਂ ਸਾਰੇ ਗੀਤਾਂ ਦੇ ਗਾਉਣ ਦੀ ਮਿਆਦ ਤੇ ਕ੍ਰਮ ਬਾਰੇ ਸਵਾਲ ਖੜ੍ਹੇ ਹੋ ਗਏ ਹਨ।

ਰੂਸ ਵੱਲੋਂ ਕੀਵ ’ਤੇ ਜ਼ੋਰਦਾਰ ਹਮਲੇ ’ਚ 7 ਦੀ ਮੌਤ, ਦਰਜਨਾਂ ਜ਼ਖ਼ਮੀ

ਕੀਵ, 15 ਮਈ (ਚ.ਨ.ਸ): ਰੂਸ ਨੇ ਲਗਾਤਾਰ ਤੀਜੇ ਦਿਨ ਯੂਕ੍ਰੇਨ ’ਤੇ ਡਰੋਨਾਂ ਤੇ ਮਿਜ਼ਾਈਲਾਂ ਨਾਲ ਜ਼ੋਰਦਾਰ ਹਮਲੇ ਕੀਤੇ। ਹਮਲੇ ਦੌਰਾਨ ਕੀਵ ’ਚ ਇੱਕ ਅਪਾਰਟਮੈਂਟ ਢਹਿ-ਢੇਰੀ ਹੋ ਗਿਆ, ਜਿਸ ’ਚ ਸੱਤ ਵਿਅਕਤੀ ਮਾਰੇ ਗਏ ਤੇ ਦਰਜਨਾਂ ਹੋਰ ਜ਼ਖ਼ਮੀ ਹੋ ਗਏ। ਦੇਸ਼ ’ਚ ਹੋਰ ਥਾਵਾਂ ’ਤੇ ਹੋਏ ਹਮਲਿਆਂ ’ਚ ਦੋ ਦਰਜਨ ਤੋਂ ਵੱਧ ਆਮ ਨਾਗਰਿਕ ਜ਼ਖ਼ਮੀ ਹੋਏ ਹਨ। ਮੇਅਰ ਵਿਤਾਲੀ ਕਲਿਤਸ਼ਕੋ ਨੇ ਕਿਹਾ ਕਿ ਮ੍ਰਿਤਕਾਂ ’ਚ 12 ਸਾਲ ਦੀ ਬੱਚੀ ਵੀ ਸ਼ਾਮਲ ਹੈ। ਯੂਕ੍ਰੇਨੀ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ ਨੇ ਦਾਅਵਾ ਕੀਤਾ ਕਿ 20 ਵਿਅਕਤੀ ਲਾਪਤਾ ਹਨ। ਯੂਕ੍ਰੇਨੀ ਹਵਾਈ ਫ਼ੌਜ ਨੇ ਕਿਹਾ ਕਿ ਉਸ ਦੀਆਂ ਹਵਾਈ ਰੱਖਿਆ ਪ੍ਰਣਾਲੀਆਂ ਨੇ 41 ਮਿਜ਼ਾਈਲਾਂ ਤੇ 652 ਡਰੋਨ ਫੁੰਡ ਦਿੱਤੇ ਜਾਂ ਉਨ੍ਹਾਂ ਨੂੰ ਨਕਾਰਾ ਬਣਾ ਦਿੱਤਾ। ਜ਼ੇਲੈਂਸਕੀ ਨੇ ਕਿਹਾ ਕਿ ਜਿਹੜੇ ਜੰਗ ਖ਼ਤਮ ’ਚ ਯਕੀਨ ਰੱਖਦੇ ਹਨ, ਉਨ੍ਹਾਂ ਤੋਂ ਅਜਿਹੇ ਹਮਲੇ ਦੀ ਉਮੀਦ ਨਹੀਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕੌਮਾਂਤਰੀ ਭਾਈਵਾਲਾਂ ਨੂੰ ਅਪੀਲ ਕੀਤੀ ਕਿ ਉਹ ਯੂਕ੍ਰੇਨ ਦੀ ਹਵਾਈ ਰੱਖਿਆ ਨੂੰ ਹਮਾਇਤ ਦਿੰਦੇ ਰਹਿਣ। **ਹੰਗਰੀ ਸਰਹੱਦ ਨੇੜੇ ਹਮਲੇ ਦੇ ਰੋਸ ਵਜੋਂ ਰੂਸੀ ਬੁਡਾਪੈਸਟ:** ਯੂਕ੍ਰੇਨ ਨਾਲ ਲੱਗਦੀ ਸਰਹੱਦ ਨੇੜੇ ਡਰੋਨ ਹਮਲੇ ਦੇ ਮਾਮਲੇ ’ਚ ਹੰਗਰੀ ਨੇ ਅੱਜ ਰੂਸੀ ਸਫ਼ੀਰ ਨੂੰ ਤਲਬ ਕਰਕੇ ਆਪਣਾ ਰੋਸ ਜਤਾਇਆ। ਇਸ ਨਾਲ ਨਵੇਂ ਪ੍ਰਧਾਨ ਮੰਤਰੀ ਪੀਟਰ ਮੈਗਯਾਰ ਦੇ ਰੂਸ ਵਿਰੋਧੀ ਸੁਰ ਵੀ ਸਾਹਮਣੇ ਆ ਗਏ ਹਨ, ਜਦਕਿ ਪਹਿਲਾਂ ਵਿਕਟਰ ਓਰਬਾਨ ਦੀ ਅਗਵਾਈ ਹੇਠ ਕ੍ਰੈਮਲਿਨ ਨਾਲ ਸਬੰਧ ਸੁਖਾਵੇਂ ਰਹੇ ਸਨ। ਪ੍ਰਧਾਨ ਮੰਤਰੀ ਨੇ ਤ੍ਰਾਂਸਕਾਰਪਾਥੀਆ ’ਤੇ ਰੂਸੀ ਹਮਲੇ ਦੀ ਸਖ਼ਤ ਸ਼ਬਦਾਂ ’ਚ ਨਿਖੇਧੀ ਕੀਤੀ ਹੈ। ਯੂਕ੍ਰੇਨੀ

ਡਰੋਨ ਵਿਵਾਦ ’ਤੇ ਲਾਤਵੀਆ ਦੀ ਪ੍ਰਧਾਨ ਮੰਤਰੀ ਵੱਲੋਂ ਅਸਤੀਫ਼ਾ ਗੀਗਾ: ਯੂਕ੍ਰੇਨ ਦੇ ਡਰੋਨ ਮੁਲਕ ਅੰਦਰ ਦਾਖ਼ਲ ਹੋਣ ਦੀਆਂ ਘਟਨਾਵਾਂ ਨਾਲ ਸਿੱਝਣ ਦੇ ਢੰਗ ਨੂੰ ਲੈ ਕੇ ਪੈਦਾ ਹੋਏ ਵਿਵਾਦ ਮਗਰੋਂ ਲਾਤਵੀਆ ਦੀ ਪ੍ਰਧਾਨ ਮੰਤਰੀ ਏਵਿਕਾ ਸਿਲਿਨਾ ਨੇ ਅੱਜ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਹੁਕਮਰਾਨ ਗੱਠਜੋੜ ਦਾ ਹਿੱਸਾ ਰਹੀ ਖੱਬੇ ਪੱਖੀ ਪ੍ਰੋਗਰੈਸਿਵਸ ਪਾਰਟੀ ਨੇ ਬੁੱਧਵਾਰ ਨੂੰ ਸਰਕਾਰ ਤੋਂ ਹਮਾਇਤ ਵਾਪਸ ਲੈਣ ਦਾ ਐਲਾਨ ਕੀਤਾ ਸੀ। ਇਸ ਮਗਰੋਂ ਸਰਕਾਰ ਬਹੁਮਤ ਗੁਆ ਬੈਠੀ, ਜਿਸ ਕਾਰਨ ਸਿਲਿਨਾ ਨੂੰ ਅਸਤੀਫ਼ਾ ਦੇਣਾ ਪਿਆ। ਪਿਛਲੇ ਹਫ਼ਤੇ ਪ੍ਰੋਗਰੈਸਿਵ ਪਾਰਟੀ ਦੇ ਆਗੂ ਤੇ ਲਾਤਵੀਆ ਦੇ ਰੱਖਿਆ ਮੰਤਰੀ ਐਂਡਰੀਸ ਸਪ੍ਰੂਡਸ ਨੂੰ ਵੀ ਅਸਤੀਫ਼ਾ ਦੇਣ ਲਈ ਮਜਬੂਰ ਹੋਣਾ ਪਿਆ ਸੀ।

ਜ਼ਮੀਨ ’ਤੇ ਕਬਜ਼ੇ ਦੇ ਦੋਸ਼ ਹੇਠ ‘ਆਪ’ ਦਾ ਬੁਲਾਰਾ ਗ੍ਰਿਫ਼ਤਾਰ

ਪਾਇਲ, 15 ਮਈ (ਚ.ਨ.ਸ): ਇੱਥੋਂ ਦੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਰਮਨ ਕੁਮਾਰ ਚਾਂਦੀ ਨੂੰ ਜ਼ਮੀਨ ਨਾਲ ਸਬੰਧਤ ਮਾਮਲੇ ਵਿੱਚ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਿਸ ਨੇ ਚਾਂਦੀ ਵਿਰੁੱਧ ਪਰਚਾ ਦਰਜ ਕੀਤਾ ਹੈ ਤੇ ਅਦਾਲਤ ਨੇ ਉਸ ਨੂੰ ਜੇਲ੍ਹ ਭੇਜ ਦਿੱਤਾ ਹੈ। ਥਾਣਾ ਪਾਇਲ ਦੇ ਮੁੱਖ ਅਫ਼ਸਰ ਤਰਵਿੰਦਰ ਕੁਮਾਰ ਬੇਦੀ ਨੇ ਦੱਸਿਆ ਕਿ ਸ਼ਿਕਾਇਤਕਰਤਾ ਹਰਚੰਦ ਸਿੰਘ ਚੀਮਾ ਵਾਸੀ ਪਾਇਲ ਦਾ ਰਮਨ ਕੁਮਾਰ ਚਾਂਦੀ ਨਾਲ ਜ਼ਮੀਨੀ ਵਿਵਾਦ ਹੈ। ਲੜਾਈ-ਝਗੜੇ ਦੇ ਖ਼ਦਸ਼ੇ ਕਾਰਨ ਪੁਲਿਸ ਨੇ ਰਮਨ ਕੁਮਾਰ ਚਾਂਦੀ ਖ਼ਿਲਾਫ਼ ਧਾਰਾ 107/51 ਦਾ ਪਰਚਾ ਦਰਜ ਕੀਤਾ ਹੈ ਤੇ ਉਸ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ। ਦੂਜੇ ਪਾਸੇ ਰਮਨ ਕੁਮਾਰ ਚਾਂਦੀ ਨੇ ਸ਼ਿਕਾਇਤਕਰਤਾ ਵੱਲੋਂ ਜ਼ਮੀਨ ’ਤੇ ਕਬਜ਼ਾ ਕਰਨ ਦੇ ਲਗਾਏ ਇਲਜ਼ਾਮਾਂ ਤੋਂ ਇਨਕਾਰ ਕੀਤਾ ਹੈ। ਇਸ ਤੋਂ ਪਹਿਲਾਂ ਜਿਸ ਜ਼ਮੀਨ ਦਾ ਵਿਵਾਦ ਚੱਲ ਰਿਹਾ ਹੈ, ਉਸ ਦੀ ਮੋਟਰ ’ਤੇ ਖੜ੍ਹ ਕੇ ਪਰਿਵਾਰ ਸਮੇਤ ਰਮਨ ਕੁਮਾਰ ਚਾਂਦੀ ਨੇ ਸੋਸ਼ਲ ਮੀਡੀਆ ਉਤੇ ਪਾਈ ਵੀਡੀਓ ਵਿੱਚ ਮੁੱਖ ਮੰਤਰੀ ਨੂੰ ‘ਆਪ’ ਦਾ ਮੁੱਖ ਬੁਲਾਰਾ ਹੋਣ ਦੇ ਨਾਤੇ ਅਪੀਲ ਕੀਤੀ ਹੈ ਕਿ ਉਸ ਨੂੰ ਇਨਸਾਫ਼ ਦਿਵਾਇਆ ਜਾਵੇ। ਉਸ ਨੇ ਕਿਹਾ ਕਿ ਉਸ ਦੇ ਪਰਿਵਾਰ ਦਾ ਗੁਜ਼ਾਰਾ ਇਸ ਜ਼ਮੀਨ ਤੋਂ ਹੁੰਦਾ ਹੈ, ਜਿਸ ਦੀ 70 ਸਾਲਾਂ ਤੋਂ ਗਿਰਦਾਵਰੀ ਉਸ ਦੇ ਨਾਂ ਹੈ ਪਰ ਪ੍ਰਸ਼ਾਸਨ ਵੱਲੋਂ ਇਨਸਾਫ਼ ਨਹੀਂ ਦਿੱਤਾ ਜਾ ਰਿਹਾ। ਚਾਂਦੀ ਨੇ ਪੁਲਿਸ ਦੇ ਉਚ ਅਧਿਕਾਰੀ ਅੱਗੇ ਪੇਸ਼ ਹੋਣ ਦਾ ਦਾਅਵਾ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਮੀਨ ਦੇ ਕਾਗਜ਼ਾਤ ਲੈ ਕੇ ਪੁਲਿਸ ਦੇ ਉਚ ਅਧਿਕਾਰੀਆਂ ਤੱਕ ਪਹੁੰਚ ਕਰ ਚੁੱਕਿਆ ਹੈ ਪਰ ਕਿਸੇ ਨੇ ਕੋਈ ਇਨਸਾਫ਼ ਨਹੀਂ ਦਿੱਤਾ।

ਸ਼੍ਰੋਮਣੀ ਕਮੇਟੀ ਵੱਲੋਂ ਪਾਕਿ ਜੱਥਾ ਭੇਜਣ ਦੇ ਐਲਾਨ ’ਤੇ ਪਾਕਿ ਸਿੱਖਾਂ ਨੇ ਜਤਾਈ ਖ਼ੁਸ਼ੀ

ਅੰਮ੍ਰਿਤਸਰ, 15 ਮਈ (ਚ.ਨ.ਸ): ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਿਛਲੇ ਕਈ ਵਰ੍ਹਿਆਂ ਤੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੂਰਬ ਮੂਲ ਨਾਨਕਸ਼ਾਹੀ ਕੈਲੰਡਰ ਮੁਤਾਬਿਕ 16 ਜੂਨ ਨੂੰ ਲਾਹੌਰ ਦੇ ਗੁਰਦੁਆਰਾ ਡੇਰਾ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦੀ ਦਿਹਾੜੇ ਮੌਕੇ 10 ਜੂਨ ਨੂੰ ਜੱਥਾ ਭੇਜਣ ਦੇ ਕੀਤੇ ਐਲਾਨ ਤੋਂ ਬਾਅਦ ਪਾਕਿ ਸਿੱਖ ਆਗੂਆਂ ਤੇ ਹੋਰ ਸਿੱਖਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਲਹਿੰਦੇ ਪੰਜਾਬ ਦੇ ਘੱਟ-ਗਿਣਤੀ ਮਾਮਲਿਆਂ ਬਾਰੇ ਸੂਬਾਈ ਮੰਤਰੀ ਰਮੇਸ਼ ਸਿੰਘ ਅਰੋੜਾ ਨੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਪਾਕਿ ਜੱਥਾ ਭੇਜਣ ਦੇ ਫ਼ੈਸਲੇ ਦਾ ਸਵਾਗਤ ਕੀਤਾ। ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੇ ਵਧੀਕ ਸਕੱਤਰ-(ਸ਼ਰਾਈਨਜ਼) ਨਾਸਿਰ ਮੁਸ਼ਤਾਕ ਨੇ ਇੱਕ ਅਖਬਾਰ ਨਾਲ ਸ਼ਹੀਦੀ ਦਿਹਾੜੇ ਤੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਦਾ ਯਾਤਰਾ ਸ਼ਡਿਊਲ ਜਾਰੀ ਕੀਤਾ।

ਹੁਸੈਨਪੁਰਾ ਤੋਂ ਆਦਮਪੁਰ ਤੱਕ ਬਣਨ ਵਾਲੀ ਸੜਕ ਦਾ ਕੰਮ ਸ਼ੁਰੂ ਕਰਵਾਇਆ

ਸ੍ਰੀ ਫਤਹਿਗੜ੍ਹ ਸਾਹਿਬ, 15 ਮਈ (ਨਰਿੰਦਰ ਸਿੰਘ): ਵਿਧਾਇਕ ਲਖਬੀਰ ਸਿੰਘ ਰਾਏ ਨੇ ਬਲਾਕ ਸਰਹਿੰਦ ਦੇ ਅਧੀਨ ਆਉਂਦੇ ਪਿੰਡ ਹੁਸੈਨਪੁਰਾ ਵਿਖੇ ਹੁਸੈਨਪੁਰਾ ਤੋਂ ਆਦਮਪੁਰ ਤੱਕ 2 ਕਿਲੋਮੀਟਰ ਲੰਬੀ ਸੜਕ ’ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ। ਇਸ ਕਾਰਜ ਦੇ ਸ਼ੁਰੂ ਹੋਣ ਨਾਲ ਇਲਾਕੇ ਦੇ ਦਰਜਨ ਪਿੰਡਾਂ ਨੂੰ ਫਾਇਦਾ ਮਿਲੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਬੇਹਤਰੀ ਦੇ ਲਈ ਕੰਮ ਕਰ ਰਹੀ ਹੈ, ਜਿੱਥੇ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉਥੇ ਹੀ ਸੜਕੀ ਸਿਸਟਮ ਨੂੰ ਠੀਕ ਕਰਨ ਦੇ ਲਈ ਸੂਬੇ ਦੀਆਂ 90 ਫੀਸਦੀ ਸੜਕਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਗਏ ਕੰਮਾਂ ਦੀ ਲੋਕ ਆਪ ਮੁਹਾਰੇ ਸ਼ਲਾਘਾ ਕਰ ਰਹੇ ਹਨ। ਫਤਹਿਗੜ੍ਹ ਸਾਹਿਬ ਦੀਆਂ ਬਹੁਤ ਸਾਰੀਆਂ ਸੜਕਾਂ

ਦੀ ਹਾਲਤ ਖਸਤਾ ਹੋ ਚੁੱਕੀ ਸੀ, ਉਨ੍ਹਾਂ ਦਾ ਨਵੀਨੀਕਰਨ ਕਰਵਾਇਆ ਗਿਆ ਹੈ। ਜਿਨ੍ਹਾਂ ਵਿੱਚ ਬਹੁਤ ਸਾਰੀਆਂ ਸੜਕਾਂ ਬਣ ਗਈਆਂ ਹਨ ਤੇ ਬਾਕੀ ਰਹਿੰਦੀਆਂ ਸੜਕਾਂ ਦਾ ਕਾਰਜ ਦੀ ਜਲਦ ਪੂਰਾ ਕਰ ਲਿਆ ਜਾਵੇਗਾ। ਪੱਤਰਕਾਰਾਂ ਦੇ ਸਵਾਲ ਦੇ ਜਵਾਬ ਵਿੱਚੋਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਸਬੰਧੀ ਜੋ ਕਾਨੂੰਨ ਬਣਾਇਆ ਗਿਆ ਹੈ, ਸੂਬੇ ਦਾ ਇੱਕ ਪਰਿਵਾਰ ਉਸ ਨੂੰ ਮੰਨਣ ਲਈ ਤਿਆਰ ਨਹੀਂ, ਪ੍ਰੰਤੂ ਵਿਸ਼ਵ ਭਰ ’ਚ ਉਸ ਕਾਨੂੰਨ ਦੀ ਸ਼ਲਾਘਾ ਹੋ ਰਹੀ ਹੈ।ਇਸ ਮੌਕੇ ਗ੍ਰਾਮ ਪੰਚਾਇਤ ਹੁਸੈਨ ਭਰਾ ਵੱਲੋਂ ਆਏ ਮਹਿਮਾਨਾਂ ਨੂੰ ਸਿਰੋਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਵਿੰਦਰ ਸਿੰਘ ਘੁੰਮਣ, ਬਲਜਿੰਦਰ ਆਦਮਪੁਰ, ਕਰਮਜੀਤ ਸਿੰਘ ਜੌਗੀ, ਸਰਪੰਚ ਰਾਜਵਿੰਦਰ ਕੌਰ, ਗੁਰਬਾਜ ਸਿੰਘ, ਜਸਵੰਤ ਸਿੰਘ, ਕਰਮਜੀਤ ਸਿੰਘ, ਕਰਨੈਲ ਸਿੰਘ, ਜਗਤਾਰ ਸਿੰਘ, ਜਗਦੀਪ ਸਿੰਘ, ਅਵਤਾਰ ਸਿੰਘ, ਲਖਬੀਰ ਸਿੰਘ, ਸਾਧੂ ਸਿੰਘ, ਅਨੋਖ ਸਿੰਘ, ਰਣਜੀਤ ਸਿੰਘ ਹਾਜ਼ਰ ਸਨ।

ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਦੇ ਦੂਜੇ ਦਿਨ 25 ਨਾਮਜ਼ਦਗੀ ਪੱਤਰ ਦਾਖ਼ਲ: ਜ਼ਿਲ੍ਹਾ ਚੋਣ ਅਫ਼ਸਰ

☛ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦਾ ਅੱਜ ਆਖਰੀ ਦਿਨ

ਫ਼ਿਰੋਜ਼ਪੁਰ, 15 ਮਈ (ਤਿਵਾੜੀ): ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਚੋਣ ਸ਼ਡਿਊਲ ਅਨੁਸਾਰ ਜ਼ਿਲ੍ਹਾ ਫਿਰੋਜ਼ਪੁਰ ਅਧੀਨ ਆਉਂਦੀਆਂ ਨਗਰ ਕੌਂਸਲ ਫ਼ਿਰੋਜ਼ਪੁਰ, ਜ਼ੀਰਾ, ਤਲਵੰਡੀ ਭਾਈ ਤੇ ਨਗਰ ਪੰਚਾਇਤ ਮੁੱਦਕੀ ਦੀਆਂ 26 ਮਈ 2026 ਨੂੰ ਹੋਣ ਵਾਲੀਆਂ ਚੋਣਾਂ ਲਈ ਦੂਜੇ ਦਿਨ 25 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ, ਜਦਕਿ ਪਹਿਲੇ ਦਿਨ 5 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਸਨ। ਹੁਣ ਤੱਕ ਕੁਲ 30 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਜਾ ਚੁੱਕੇ ਹਨ।

ਪੁਲਿਸ ਵੱਲੋਂ ਵੱਡੀ ਕਾਰਵਾਈ ਤਹਿਤ ਅੰਤਰਰਾਸ਼ਟਰੀ ਸਾਈਬਰ ਧੋਖਾਧੜੀ ਸਿੰਡੀਕੇਟ ਦਾ ਪਰਦਾਫਾਸ਼

ਲੁਧਿਆਣਾ, 15 ਮਈ (ਵਿਸ਼ਾਲ ਸ਼ਰਮਾ): ਇੱਕ ਵੱਡੀ ਕਾਰਵਾਈ ਵਿੱਚ ਲੁਧਿਆਣਾ ਪੁਲਿਸ ਨੇ ਇੱਕ ਅੰਤਰਰਾਸ਼ਟਰੀ ਸਾਈਬਰ ਧੋਖਾਧੜੀ ਸਿੰਡੀਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਹੁਣ ਤੱਕ ਦਾ ਸਭ ਤੋਂ ਵੱਡਾ ਸਾਈਬਰ ਧੋਖਾਧੜੀ ਮਾਮਲਾ ਦੱਸਿਆ ਜਾ ਰਿਹਾ ਹੈ, ਜਿਸਦਾ ਨੈੱਟਵਰਕ ਯੂਰਪ ਅਤੇ ਉੱਤਰੀ ਅਮਰੀਕਾ ਵਿੱਚ ਫੈਲਿਆ ਹੋਇਆ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਕੁੱਲ 132 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਛਾਪੇਮਾਰੀ ਦੌਰਾਨ ਲੱਗਭੱਗ 17 ਲੱਖ ਰੁਪਏ ਦੀ ਭਾਰਤੀ ਕਰੰਸੀ, 98 ਲੈਪਟਾਪ, 229 ਮੋਬਾਈਲ ਫੋਨ ਅਤੇ 19 ਵਾਹਨ ਬਰਾਮਦ ਕੀਤੇ ਗਏ ਹਨ। ਇਸ ਤੋਂ ਇਲਾਵਾ 300 ਤੋਂ ਵੱਧ ਬੈਂਕ ਖਾਤੇ ਫ੍ਰੀਜ਼ ਕਰ ਦਿੱਤੇ ਗਏ ਹਨ ਅਤੇ ਹੋਰ ਖਾਤਿਆਂ ਦੀ ਜਾਂਚ ਜਾਰੀ ਹੈ। ਆਮਦਨ ਕਰ ਵਿਭਾਗ ਨੂੰ ਵੀ ਸੂਚਿਤ ਕੀਤਾ ਗਿਆ ਹੈ ਅਤੇ ਜਾਂਚ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਮਾਮਲਾ ਐਫਆਈਆਰ ਨੰਬਰ 37, ਮਿਤੀ 13-05-2026, ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ, ਲੁਧਿਆਣਾ ਵਿਖੇ ਭਾਰਤੀ ਦੰਡ ਸੰਹਿਤਾ ਅਤੇ ਆਈਟੀ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤਾ ਗਿਆ ਹੈ। ਇੱਕ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਪੁਲਿਸ ਨੇ ਸੰਧੂ ਟਾਵਰ ਅਤੇ ਸਿਲਵਰ ਓਕ ਦੇ ਨੇੜੇ ਸਥਿਤ ਕਈ ਗੈਰ-ਕਾਨੂੰਨੀ ਕਾਲ ਸੈਂਟਰਾਂ 'ਤੇ ਇੱਕੋ ਸਮੇਂ ਛਾਪੇਮਾਰੀ ਕੀਤੀ। ਜਿੱਥੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਵਿੱਚ ਪਤਾ ਲੱਗਾ ਕਿ ਮੁਲਜ਼ਮਾਂ ਨੇ ਵਿਦੇਸ਼ੀ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ। ਉਹ ਲੋਕਾਂ ਨੂੰ ਉਨ੍ਹਾਂ ਦੇ ਕੰਪਿਊਟਰ ਸਕ੍ਰੀਨਾਂ 'ਤੇ ਜਾਅਲੀ ਵਾਇਰਸ ਅਲਰਟ ਦਿਖਾ ਕੇ ਕਾਲ ਕਰਨ ਲਈ ਧੋਖਾ ਦਿੰਦੇ ਸਨ ਅਕਸਰ ਮਾਈਕ੍ਰੋਸਾਫਟ ਦੇ ਨਾਮ 'ਤੇ ਜਾਂ ਫਿਰ ਕਾਲਾਂ ਨੂੰ ਇੰਟਰਨੈੱਟ-ਅਧਾਰਤ ਸਾਫਟਵੇਅਰ ਰਾਹੀਂ ਧੋਖਾਧੜੀ ਟੀਮ ਨੂੰ ਭੇਜਿਆ ਜਾਂਦਾ ਸੀ। ਮੁਲਜ਼ਮਾਂ ਨੇ ਪੀੜਤਾਂ ਨੂੰ ਰਿਮੋਟ ਐਕਸੈਸ ਸਾਫਟਵੇਅਰ ਡਾਊਨਲੋਡ ਕਰਨ ਉਨ੍ਹਾਂ ਦੇ ਸਿਸਟਮਾਂ ਤੱਕ ਪਹੁੰਚ ਪ੍ਰਾਪਤ ਕਰਨ ਅਤੇ ਫਿਰ ਬੈਂਕਿੰਗ ਜਾਣਕਾਰੀ ਪ੍ਰਾਪਤ ਕਰਨ ਲਈ ਜਾਅਲੀ ਸਕੈਨ ਦੀ ਵਰਤੋਂ ਕਰਨ ਲਈ ਧੋਖਾ ਦਿੱਤਾ ਜਾਂਦਾ ਸੀ। ਬਾਅਦ ਵਿੱਚ ਉਨ੍ਹਾਂ ਨੇ ਬੈਂਕ ਅਧਿਕਾਰੀਆਂ ਵਜੋਂ ਪੇਸ਼ ਕੀਤਾ ਅਤੇ ਪੀੜਤਾਂ ਨੂੰ ਪੈਸੇ ਟ੍ਰਾਂਸਫਰ ਕਰਨ ਲਈ ਧੋਖਾ ਦਿੱਤਾ ਜਾਂਦਾ ਸੀ। ਧੋਖਾਧੜੀ ਨਾਲ ਕੀਤੇ ਫੰਡਾਂ ਨੂੰ ਫਿਰ ਹਵਾਲਾ, ਕ੍ਰਿਪਟੋਕਰੰਸੀ ਅਤੇ ਹੋਰ ਗੈਰ-ਕਾਨੂੰਨੀ ਤਰੀਕਿਆਂ ਰਾਹੀਂ ਭਾਰਤ ਲਿਆਂਦਾ ਗਿਆ, ਪੁਲਿਸ ਇਸ ਸਮੇਂ ਡਿਜੀਟਲ ਸਬੂਤ ਇਕੱਠੇ ਕਰਨ ਅਤੇ ਹੋਰ ਮੁਲਜ਼ਮਾਂ ਦੀ ਪਛਾਣ ਕਰਨ ਲਈ ਪੂਰੀ ਜਾਂਚ ਕਰ ਰਹੀ ਹੈ।

ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ

ਲੁਧਿਆਣਾ, 15 ਮਈ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਬਲਦੇਵ ਸਿੰਘ ਹਜੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ । ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਕੀਰਤਨੀ ਜੱਥੇ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਅੰਦਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ. ਇੰਦਰਜੀਤ ਸਿੰਘ ਮੱਕੜ, ਅੰਮ੍ਰਿਤ ਸਾਗਰ ਕੰਪਨੀ ਦੇ ਮਾਲਕ ਬਲਬੀਰ ਸਿੰਘ ਭਾਟੀਆ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਹਰਮੀਤ ਸਿੰਘ ਡੰਗ, ਹਰਵਿੰਦਰ ਸਿੰਘ ਕੋਹਲੀ, ਗੁਰਦੀਪ ਸਿੰਘ ਡੀਮਾਰਟ, ਸੁਰਿੰਦਰਪਾਲ ਸਿੰਘ ਭੁਟੀਆਨੀ, ਨਰਿੰਦਰਪਾਲ ਸਿੰਘ ਕਥੂਰੀਆ, ਭੁਪਿੰਦਰ ਸਿੰਘ ਅਰੋੜਾ, ਦਾਨ ਸਿੰਘ, ਪ੍ਰੇਮ ਸਿੰਘ, ਜੋਗਿੰਦਰ ਸਿੰਘ ਸਲੂਜਾ, ਅਵਤਾਰ ਸਿੰਘ ਬੀ.ਕੇ, ਅਵਤਾਰ ਸਿੰਘ ਮਿੱਡਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਗੁਲਪੁਰ ਮੱਲਾ ਦੀ ਸੜਕ ਦਾ ਨਵੀਨੀਕਰਨ ਦਾ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਕੀਤਾ ਉਦਘਾਟਨ

ਜਗਰਾਓਂ, 15 ਮਈ (ਵਿਸ਼ਾਲ ਅੱਤਰੇ):ਪਿੰਡ ਗਸੂਲਪੁਰ ਮੱਲਾ ਵਿੱਚ ਲੋਕਾਂ ਨੂੰ ਬਿਹਤਰ ਆਵਾਜਾਈ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਕਰੀਬ 30 ਲੱਖ ਰੁਪਏ ਦੀ ਲਾਗਤ ਨਾਲ 2.5 ਕਿਲੋਮੀਟਰ ਲੰਬੀ ਸੜਕ ਦਾ ਨਵੀਨੀਕਰਨ ਕਰਵਾਇਆ ਗਿਆ, ਜਿਸ ਦਾ ਉਦਘਾਟਨ ਹਲਕਾ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਵੀਨੀਕਰਨ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸੁਵਿਧਾ ਮਿਲੇਗੀ ਅਤੇ ਖੇਤਰ ਦੀ ਤਰੱਕੀ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪਹਿਲ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਪ੍ਰੀਤ ਕੌਰ,

ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਹਿਨੀਨ ਕੌਰ ਖਾਲਸਾ, ਬਲਾਕ ਸੰਮਤੀ ਮੈਂਬਰ ਦਲਜੀਤ ਸਿੰਘ ਗਸੂਲਪੁਰ, ਗੁਰਜੰਟ ਸਿੰਘ ਖਾਲਸਾ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਡਾਂਗੀਆ, ਕੁਲਤਰ ਸਿੰਘ, ਵੀਰ ਸਿੰਘ, ਤੇਜਪਾਲ ਸਿੰਘ, ਜੋਰਾ ਸਿੰਘ, ਦਲਜੀਤ ਸਿੰਘ ਖਾਲਸਾ, ਜਸਵਿੰਦਰ ਕੌਰ ਪੰਚਾਇਤ ਮੈਂਬਰ ਅਤੇ ਜਗਸੀਰ ਸਿੰਘ ਸਮੇਤ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

ਜਗਰਾਓਂ ਨਗਰ ਕੌਂਸਲ ਚੋਣਾਂ : ਵਾਰਡ 12 ਤੇ 14 ਵਿੱਚ ਅਕਾਲੀ ਦਲ ਦੇ ਉਮੀਦਵਾਰਾਂ ਦਾ ਐਲਾਨ : ਕਲੇਰ, ਮੱਲ੍ਹਾ, ਡੱਲਾ

ਜਗਰਾਓਂ, 15 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ):ਵਿਧਾਨ ਸਭਾ ਹਲਕਾ ਜਗਰਾਓਂ ਅਧੀਨ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਵਾਰਡ ਨੰਬਰ 12 ਅਤੇ 14 ਵਿੱਚ ਰੱਖੇ ਗਏ ਠਾਠਾਂ ਮਾਰਦੇ ਇਕੱਠ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਵਾਰਡ ਵਾਸੀਆਂ ਵੱਲੋਂ ਵਾਰਡ ਨੰਬਰ 12 ਤੋਂ ਧਰਮ ਸਿੰਘ ਅਤੇ ਵਾਰਡ ਨੰਬਰ 14 ਤੋਂ ਧਰਮਿੰਦਰ ਸਿੰਘ ਆਸ਼ਾ ਨੂੰ ਪਾਰਟੀ ਉਮੀਦਵਾਰ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ। ਇਸ ਦੌਰਾਨ ਹਲਕਾ ਇੰਚਾਰਜ ਐੱਸ.ਆਰ. ਕਲੇਰ ਸਾਬਕਾ ਵਿਧਾਇਕ ਨੇ ਦੋਨੋਂ ਵਾਰਡਾਂ ਲਈ ਪਾਰਟੀ ਉਮੀਦਵਾਰਾਂ ਦੇ ਨਾਮਾਂ ਦਾ ਅਧਿਕਾਰਿਕ ਐਲਾਨ ਕੀਤਾ। ਉਮੀਦਵਾਰਾਂ ਨੇ ਭਰੋਸਾ ਦਿਵਾਇਆ

ਕਿ ਉਹ ਦੋਨੋਂ ਸੀਟਾਂ 'ਤੇ ਸ਼ਾਨਦਾਰ ਜਿੱਤ ਦਰਜ ਕਰਕੇ ਪਾਰਟੀ ਦੀ ਝੋਲੀ ਵਿੱਚ ਪਾਉਣਗੇ ਅਤੇ ਵਾਰਡ ਵਾਸੀਆਂ ਨਾਲ ਕੀਤੇ ਹਰ ਵਾਅਦੇ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸਾਬਕਾ ਚੇਅਰਮੈਨ ਸ. ਕਮਲਜੀਤ ਸਿੰਘ ਮੱਲਾ, ਜ਼ਿਲ੍ਹਾ ਪ੍ਰਧਾਨ ਸ. ਚੰਦ ਸਿੰਘ ਡੱਲਾ, ਜੱਥੇਦਾਰ ਸ. ਗੁਰਚਰਨ ਸਿੰਘ ਗਰੇਵਾਲ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਯੂਥ ਆਗੂ ਜੱਟ ਗਰੇਵਾਲ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੋਬੀ ਸਮੇਤ ਹੋਰ ਅਕਾਲੀ ਆਗੂ ਅਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

ਜੇਠ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ

ਲੁਧਿਆਣਾ, 15 ਮਈ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਕ ਵਿਖੇ ਜੇਠ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹਜੂਰੀ ਰਾਗੀ ਜੱਥਿਆਂ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਪਰਮਵੀਰ ਸਿੰਘ ਲੁਧਿਆਣਾ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਮੇਲ ਸਿੰਘ ਤੋਂ ਇਲਾਵਾ ਭਾਈ ਜੋਗਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਕਰਮਜੀਤ ਸਿੰਘ ਅਤੇ ਉਹਨਾਂ ਦੇ ਜੱਥਿਆਂ ਨੇ ਰਸਭਿੰਨਾ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਭਾਈ ਮਨਪ੍ਰੀਤ ਸਿੰਘ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੱਚ, ਸੇਵਾ ਅਤੇ ਨਾਮ ਸਿਮਰਨ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਆਖਿਆ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਸੰਗਤਾਂ ਗੁਰੂ ਘਰ ਪਹੁੰਚ ਕੇ ਗੁਰਬਾਣੀ ਸਰਵਣ ਕਰਦੀਆਂ ਹਨ ਅਤੇ ਸੇਵਾ ਵਿੱਚ ਆਪਣਾ ਯੋਗਦਾਨ ਪਾਉਂਦੀਆਂ ਹਨ। ਗੁਰੂ ਕੇ ਅਤੁੱਟ ਲੰਗਰ ਵਰਤੇ। ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਟੌਨੀ ਗਿੱਲ ਐਨਆਰਆਈ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੂਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਅਰਜੁਨ ਸਿੰਘ ਚੀਮਾ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ, ਦਵਿੰਦਰ ਕੌਰ ਸੋਹਲ, ਜਸਮੇਲ ਕੌਰ ਖੇੜੀਕਲਾਂ, ਰਵਨੀਤ ਕੌਰ ਖੇੜੀਕਲਾਂ, ਅਰਵਿੰਦਰ ਕੌਰ ਆਦਿ ਨੇ ਵੀ ਗੁਰੂ ਘਰ ਹਾਜ਼ਰੀ ਭਰੀ।

ਬਾਰ੍ਹਵੀਂ ਦੇ ਨਤੀਜਿਆਂ ਵਿੱਚ ਜੀ. ਏ. ਡੀ. ਕਾਨਵੈਂਟ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

ਲੁਧਿਆਣਾ, 15 ਮਈ (ਰਵਿੰਦਰ ਸਿੰਘ ਨਿੱਝਰ): ਜੀ. ਏ. ਡੀ. ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਕਾਮਰਸ ਸਟ੍ਰੀਮ ਵਿੱਚ ਸਬਾ ਪਰਵੀਨ ਨੇ 94.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਨਾਨ-ਮੈਡੀਕਲ ਸਟ੍ਰੀਮ ਵਿੱਚ ਗੁਰਵੀਰ ਕੌਰ ਨੇ 93.6% ਅੰਕ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਮੈਡੀਕਲ ਸਟ੍ਰੀਮ ਦੀ ਵਿਦਿਆਰਥਣ ਆਰੁਸ਼ੀ ਬਾਲਾ ਨੇ 93.2% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਆਰਟਸ ਸਟ੍ਰੀਮ ਵਿੱਚ ਸ਼ੈਲੀ ਨੇ 91.6% ਅੰਕ ਨਾਲ ਚੌਥਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਰਿੰਦਰ ਪਾਲ ਗਰਗ ਅਤੇ ਮੈਨੇਜਿੰਗ ਡਾਇਰੈਕਟਰ ਗੌਰਵ ਗਰਗ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਸਕੂਲ ਦੀ ਪ੍ਰਿੰਸੀਪਲ ਮਨਪ੍ਰੀਤ ਕੌਰ ਭੱਠਲ ਨੇ ਵੀ ਵਿਦਿਆਰਥੀਆਂ ਦੀ ਇਸ ਕਾਮਯਾਬੀ 'ਤੇ ਖੁਸ਼ੀ ਜਤਾਈ ਅਤੇ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹੈ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਇਲ ਨਗਰ ਕੌਂਸਲ ਦੇ 11 ਵਾਰਡਾਂ ਲਈ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ

ਪਾਇਲ, 15 ਮਈ (ਸੰਜੀਵ ਲਹਿਲ) : ਪੰਜਾਬ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਅੱਜ ਪਾਇਲ ਨਗਰ ਕੌਂਸਲ ਦੇ ਸਾਰੇ 11 ਵਾਰਡਾਂ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਆਪਣੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਅਬਜ਼ਰਵਰ ਅਤੇ ਸਾਬਕਾ ਕੈਬਨਿਟ ਮੰਤਰੀ ਸਰਨਜੀਤ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਇੰਜੀਨੀਅਰ ਜਗਦੇਵ ਸਿੰਘ ਬੱਪਾਰਾਏ ਅਤੇ ਪਾਇਲ ਸਰਕਲ ਦੇ ਇੰਚਾਰਜ ਮਨਜੀਤ ਸਿੰਘ ਮਦਨੀਪੁਰ ਵੀ ਮੌਜੂਦ ਸਨ।

ਇਸ ਦੌਰਾਨ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰਾਂ ਨੂੰ ਸਿਰੋਪੇ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਆਉਣ ਵਾਲੀਆਂ ਚੋਣਾਂ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰਣ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਆਗੂ ਮੌਜੂਦ ਰਹੇ।

ਇਕੱਠ ਨੂੰ ਸੰਬੋਧਨ ਕਰਦਿਆਂ ਸਰਨਜੀਤ ਸਿੰਘ ਢਿੱਲੋਂ ਨੇ ਪੰਜਾਬ ਦੀ ਮੌਜੂਦਾ ਸਰਕਾਰ ਉੱਤੇ ਕਈ ਧੱਕੇਸ਼ਾਹੀਆਂ ਦੇ ਦੋਸ਼ ਲਗਾਏ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਗੁਰੂ ਮਹਾਰਾਜ ਦੀ ਬੇਅਦਬੀ ਸਬੰਧੀ ਬਣਾਏ ਕਾਨੂੰਨ 'ਤੇ ਵੀ ਚਿੰਤਾ ਜਾਹਿਰ ਕੀਤੀ। ਉਨ੍ਹਾਂ ਕਿਹਾ ਕਿ ਜੇ ਕਿਸੇ ਦੇ ਘਰ ਵਿੱਚ

ਗੁਟਕਾ ਸਾਹਿਬ ਜਾਂ

ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
(Under Guardian and Ward act)
In The Court of Ms. Dipti Goyal Principal Judge, Family Court, Mansa
CNR NO. PBMN01-001863-2026
Next Date: 30.05.2026
Parmjit Kaur
Versus
General Public
Petition Under Section 8 Of Hindu Minorities And Guardianship Act For Permission To Sell The Share Of Guntas Singh Minor Son Of Lovedeep Singh Son Of Ajaib Singh R/O Mansa.
Notice to: General Public:- General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 30.05.2026 at 10:00 A.M.
For details logon to https://highcourtchd.gov.in/?mod=district_notice &district=mogacourt
Dated this day of 15-04-2026
Sd/- Principal Judge, Family Court, Mansa

(U/o 5 Rule 20 CPC)
In The Court of Hon'ble Garima Gupta Civil Judge (Junior Division), Amritsar
CNR No.PBAS02-003491-2025
Next Date: 30.05.2026
CS/2199/2025
Sukhpreet Kaur Alias Myra Arora & Another
Versus
Sakshi Arora & Another
Notice to: Parshotam Arora S/O Hansraj Arora R/O H.No. 258, SG Enclave, Majitha Byepass Amritsar.
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 30.05.2026 at 10:00 am.
For details logon to https://highcourtchd.gov.in/?trs=district_notice&district=Amritsar
Dated this day of 23.04.2026
Sd/- Civil Judge (Junior Division), Amritsar

(U/o 5 Rule 20 CPC)
In The Court of Hon'ble Gaurav Mittal Civil Judge (Junior Division), Gidderbaha
CNR No.PBSMA0-000715-2025
Next Date: 30.05.2026
Baljit Singh
Versus
Gurmeet Kaur
Notice to: Gurmeet Kaur Spouse::- Rajinder Singh R/O W. No. 12, Preet Nagar, Malout
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 22-04-2026
Sd/- Civil Judge (Junior Division),

(U/o 5 Rule 20 CPC)
In The Court of Sh. Palwinder Singh Additional Civil Judge (Senior Division), Ajnala
CNR No.PBASA0-000374-2025
Next Date: 30.05.2026
State Bank of India
Versus
Amar Singh
Notice to: Amar Singh S/O Naranjan Singh(Since Died) R/O Village Chak Fateh Khan P.O Bhindi Saidan, Tehsil Rajasansi, District Amritsar Through Legal Heirs 1.Harjit Singh S/O Late Sh Amar Singh 2.Jugraj Singh 3.Gursahib Singh Sons Avtar Singh S/O Amar Singh, All R/O Village Chak Fateh Khan P.O Bhindi Saidan, Tehsil Rajasansi, District Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 01-05-2026
Sd/- Additional Civil Judge (Senior Division), Ajnala

(U/o 5 Rule 20 CPC)
In The Court of Ms. Balvinder Kaur Dhaliwal Additional Civil Judge (Senior Division), Jagraon
CNR No.PBLDB0-001399-2023
Next Date: 29.05.2026
Central Bank of India
Versus
Jasvir Singh Sivia
Notice to: 1. Jasvir Singh Sivia S/o Nachattar Singh R/o Ward No. 7, VPO Agwar Lopon, Tehsil Jagraon, Distt.Ludhiana.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.**05.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 07-01-2026
Sd/- Additional Civil Judge (Senior Division), Jagraon

(U/o 5 Rule 20 CPC)
In The Court of Sh. Neeraj Kumar Singla Civil Judge Senior Division, Muktsar
CNR No.PBSM02-000619-2025
Next Date: 29.05.2026
CS/359/2025
Publication be effected till 26-04-2026
IDBI Bank Ltd.
Versus
Lakhveer Kaur
Notice to: Lakhveer Kaur Spouse Of Sarabjeet Singh Resident Of Kirat Nagar, Gali No. 5, Ward No. 13, Muktsar Sole Prop. Of M/S. Muktsar Building Material Store, Malout Road, Muktsar Mobile No. 80549-00997
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.**05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 23-04-2026
Sd/- Civil Judge Senior Division, Muktsar

(U/o 5 Rule 20 CPC)
In The Court of Ms. Jatinder Kaur District and Sessions Judge, Amritsar
CNR No.PBAS01-003379-2026
Next Date: 29.05.2026
Case No. MACP/25/2026
Sukhwinder Kaur
Versus
Lakhwinder Singh
Notice to: 1) Lakhwinder Singh S/O Gurpal Singh R/O Vpo Amrike, Tehsil Patti, District Tarn Taran (Owner Of Offending Vehicle I.E. Scorpio Car Bearing Registration No. PB46-AD-9926). 2) Kimti Lal Singh S/O Sukhwinder Singh, R/O Kalsian Kaler, Tehsil Patti, District Tarn Taran (Driver Of Vehicle Scorpio Car Bearing Rc No PB46-AD-9926)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **29.**05.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 23-04-2026
Sd/- District and Sessions Judge, Amritsar

(U/o 5 Rule 20 CPC)
In The Court of Sh. Amar Jeet Singh Additional District and Sessions Judge-1, Moga
CNR NO. PBMO01-002662-2026
Next Date: 29.05.2026
Mandeep Singh Gill
Versus
General Public
Notice to: General Public Moga General Public
In above titled case the defendant(s)/respondent(s) that defendant(s)/respondent(s) should appear in person or through counsel on 29.05.2026 at 10:00 A.M.
for details logon to https://highcourtchd.gov.in/?mod=district_notice &district=mogacourt
Dated this day of 13-05-2026
Sd/- Additional District and Sessions Judge-1, Moga

(U/o 5 Rule 20 CPC)
In The Court of Ms. Niharika Singla Civil Judge Junior Division-15, Patiala
CNR No.PBPT02-001615-2026
Next Date: 30.05.2026
Harminder Kaur
Versus
General Public
Notice to: General Public:- GP
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 30.05.2026 at 10:00 am.
For details logon to https://highcourtchd.gov.in/?mod=district_notice&district=Patiala
Dated this day of 12.05.2026
Sd/- Civil Judge Junior Division-15, Patiala

In The Court of Ms. Lavleen Sandhu Judicial Magistrate First Class-3, Moga
CNR No.PBMO03-004077-2023
Next Date: 15.06.2026
Kuldeep Kaur
Versus
Karamjit Kaur
Notice to: Karamjit Kaur Spouse::- Sukhmander Singh R/O Saiyan Wali Basti Village Dala Distt Moga
In above titled case the accused could not be served. It is ordered that accused should appear in person or through counsel on **15.**06.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 13-05-2026
Sd/- Judicial Magistrate First Class-3, Moga

(U/o 5 Rule 20 CPC)
In The Court of Ms. Yogita Civil Judge (Junior Division), Dera Bassi
CNR No.PBSAB0-000305-2023
Next Date: 18.07.2026
CS/241/2023
Mukesh Kumar Gupta
Versus
M/s Sky Infra Pvt.Ltd
Notice to: 1.M/S Sky Infra Pvt. Ltd. 2. Sanjeev Bindal 3. Payal Bindal 4. Ajay Goel 5. Rajni Goel All Directors Of M/S Sky Infrastructure P. Ltd. Office No..2,, First Floor, Bindal Times Square, Kishanpura, Zirakpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.**07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 14-05-2026
Sd/- Civil Judge (Junior Division), Dera Bassi

(U/o 5 Rule 20 CPC)
In The Court of Ms. Yogita Civil Judge (Junior Division), Dera Bassi
CNR No.PBSAB0-001627-2023
Next Date: 04.08.2026
UCO Bank
Versus
M/s RG Store
Notice to: M/S RG Store :- Shop No 4,Motia Royal City Zirakpur Thorough Prop Ankit Kumar C/O Yogendra Kumar Gupta Flat No402 Block 5 Maya Garden Ph 1 Zirakpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **04.**08.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 14-05-2026
Sd/- Civil Judge (Junior Division), Dera Bassi

(U/o 5 Rule 20 CPC)
In The Court of Sh. Gurinder Singh Civil Judge (Junior Division), Ludhiana
CNR No.PBLD02-005767-2025
Next Date: 26.05.2026
CS 3193/2025
UCO Bank
Versus
M/s HBMS Traders
Notice to: M/S HBMS Traders Through Its Sole Propreitor Ms Jyoti Mehta Civil City Near Jairath Dharamshala Plot No 20 St No 2 Chander Nagar Ludhiana (2) Ms Jyoti Mehta Sole Proprietor M/S H.S.M.S. Traders Block -D B.R.S. Nagar Rajguru Nagar Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26.**05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 12-05-2026
Sd/- Civil Judge (Junior Division), Ludhiana

ਪਬਲਿਕ ਨੋਟਿਸ

ਸਕੂਲ ਮੈਨੇਜਮੈਂਟ ਕਮੇਟੀ ਸਮੱਗਰਾ ਸਿੱਖਿਆ ਅਭਿਆਨ ਮਹਿੰਦੀਪੁਰ ਅਤੇ ਗ੍ਰਾਮ ਪੰਚਾਇਤ ਮਹਿੰਦੀਪੁਰ ਤਹਿਸੀਲ ਖੰਨਾ ਜ਼ਿਲ੍ਹਾ ਲੁਧਿਆਣਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਹਿੰਦੀਪੁਰ ਦੇ ਦੋ ਕਲਾਸ ਰੂਮ, ਦਫਤਰ, ਸਟੋਰ, ਛੋਟੇ ਕਮਰੇ ਅਤੇ ਬਰਾਂਡੇ ਨੂੰ ਅਣਸੁਰੱਖਿਅਤ ਹੋਣ ਕਰਕੇ ਢਾਹਿਆ ਜਾਣਾ ਹੈ, ਜਿਸ ਨੂੰ ਢਾਹੁਣ ਸੰਬੰਧੀ ਖੁੱਲ੍ਹੀ ਬੋਲੀ ਮਿਤੀ 21-5-26 ਨੂੰ 11 ਵਜੇ ਮਹਿੰਦੀਪੁਰ ਵਿਖੇ ਕੀਤੀ ਜਾਵੇਗੀ। ਬਾਕੀ ਸ਼ਰਤਾਂ ਮੌਕੇ ਉਪਰ ਦੱਸੀਆਂ ਜਾਣਗੀਆਂ ।

Change of Name

I Akash S/o Paramjit Kumar Village Chanthu Brahmnan, PO Kalewal Bhagtan, Distt: Hoshiarpur, Punjab have changed my name from Akash to Akash Reehal Concerned.Note.

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਪਿੰਡ ਸਹੋਤਾ ਤੋਂ ਫਿਰੋਜ਼ਪੁਰ ਤੱਕ ਸੜਕ ਨਾ ਬਣਾ ਕੇ, ਲੋਕਾਂ ਨਾਲ ਜਾ ਰਿਹਾ ਹੈ ਮਤਰੇਈਆਂ ਮਾਂ ਵਾਲਾ ਸਲੂਕ

ਮੁਕੇਰੀਆਂ, 15 ਮਈ (ਧਰਮ ਚੰਦ): ਰੰਗਾ ਮੋੜ ਭੰਗਾਲਾ ਤੋਂ ਪਿੰਡ ਰਾਜਪੁਰ ਗੜ੍ਹੀ, ਸਹੋਤਾ, ਫਿਰੋਜ਼ਪੁਰ, ਮਹਿਮੂਦਪੁਰ ਬਟਾਲਾ ਅਤੇ ਇਸ ਤੋਂ ਪਰੇ ਦਰਜਨਾਂ ਪਿੰਡਾਂ ਤੱਕ ਲਿੰਕ ਸੜਕ ਦਾ ਕੰਮ ਦਿਨ-ਰਾਤ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ, ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਇਸ ਸੜਕ ਦਾ ਕੰਮ ਸਿਰਫ਼ ਪਿੰਡ ਰੰਗਾ ਤੋਂ ਸਹੋਤਾ ਤੱਕ ਹੀ ਚੱਲ ਰਿਹਾ ਹੈ, ਉਸ ਤੋਂ ਪਰੇ ਕੰਮ ਬੰਦ ਕਰ ਦਿੱਤਾ ਗਿਆ ਹੈ। ਇਸਦਾ ਮਤਲਬ ਹੈ ਕਿ ਸਰਕਾਰ ਪਿੰਡ ਸਹੋਤਾ ਅਤੇ ਫਿਰੋਜ਼ਪੁਰ ਨਾਲ ਮਤਰੇਈ ਮਾਂ ਵਰਗਾ ਸਲੂਕ ਕਰ ਰਹੀ ਹੈ। ਇਸ ਸੜਕ ਨੂੰ ਪਿੰਡ ਸਹੋਤਾ ਤੋਂ ਪਿੰਡ ਫਿਰੋਜ਼ਪੁਰ ਤੱਕ ਕਿਉਂ ਨਹੀਂ ਜੋੜਿਆ ਜਾ ਰਿਹਾ? ਇਹ ਦੋ ਕਿਲੋਮੀਟਰ ਦਾ ਪਾੜਾ ਕਿਉਂ ਨਹੀਂ ਭਰਿਆ ਜਾ ਰਿਹਾ? ਇਹ ਇੱਕ ਰਹੱਸ ਬਣਿਆ ਹੋਇਆ ਹੈ ਅਤੇ ਲੋਕਾਂ ਵਿੱਚ ਬਹੁਤ ਗੁੱਸਾ ਹੈ। ਇਸ ਸਬੰਧੀ ਹਰਦੇਵ ਸਿੰਘ, ਸੁਰਿੰਦਰ ਸਿੰਘ, ਰਵਿੰਦਰ ਸਿੰਘ, ਰਜਿੰਦਰ ਸਿੰਘ, ਕੁਲਦੀਪ ਸਿੰਘ ਰੰਧਾਵਾ, ਗੁਰਮੀਤ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਸਾਰੇ ਫਿਰੋਜ਼ਪੁਰ ਦੇ ਵਸਨੀਕ ਅਤੇ ਤਰਨਜੀਤ ਸਿੰਘ, ਧਨਵੰਤ ਸਿੰਘ, ਕਸ਼ਮੀਰ ਸਿੰਘ ਸੁਨੀਲ ਠਾਕੁਰ, ਸਾਰੇ ਸਹੋਤਾ ਦੇ ਵਸਨੀਕਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਯੋਜਨਾ ਤਹਿਤ ਜੋ ਸੜਕ ਬਣਾਈ ਜਾ ਰਹੀ ਹੈ, ਉਹ ਸੜਕ ਹਰਦੋਖੁਦਪੁਰ, ਖੁਸ਼ਨਗਰ, ਮਹਿਮੂਦਪੁਰ ਬਟਾਲਾ, ਫਿਰੋਜ਼ਪੁਰ ਤੋਂ ਮੁਕੇਰੀਆਂ ਜਾਂਦੀ ਹੈ, ਸਹੋਤਾ ਲਿੰਕ ਸੜਕ ਨੂੰ ਇਸ ਸੜਕ ਨਾਲ ਕਿਉਂ ਨਹੀਂ ਜੋੜਿਆ ਗਿਆ? ਪਿੰਡ ਸਹੋਤਾ ਅਤੇ ਇਸ ਤੋਂ ਅੱਗੇ ਦੇ ਪਿੰਡਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ। ਇਹ 2 ਕਿਲੋਮੀਟਰ ਸੜਕ ਦਾ ਇਹ ਟੁੱਟਿਆ ਹੋਇਆ ਹਿੱਸਾ ਕਿਉ ਛੱਡਿਆ ਜਾ ਰਿਹਾ ਹੈ, ਜਿਸਦੀ ਮੁਰੰਮਤ ਵੀ ਨਹੀਂ ਕੀਤੀ ਜਾ ਰਹੀ। ਉਸ ਸੜਕ ਦੀ ਹਾਲਤ ਇੰਨੀ ਮਾੜੀ ਹੈ ਕਿ ਇਸ @ਤੇ , ਵਾਹਨ ਚਲਾਉਣਾ ਤਾਂ ਮੁਸ਼ਕਲ ਹੈ ਹੀ ਪਰ ਪੈਦਲ ਚੱਲਣਾ ਵੀ ਮੁਸ਼ਕਲ ਹੈ । ਹਰ ਰੋਜ਼ ਕੋਈ ਨਾ ਕੋਈ ਹਾਦਸਾ ਵਾਪਰਦਾ ਰਹਿੰਦਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਇਸ ਦੋ ਕਿਲੋਮੀਟਰ ਸੜਕ @ਤੇ ਛੋਟੇ ਬੱਚਿਆਂ ਲਈ ਇੱਕ ਸਕੂਲ ਵੀ ਸਥਿਤ ਹੈ। ਬੱਚਿਆਂ ਲਈ ਇੱਥੇ ਆਉਣਾ-ਜਾਣਾ ਬਹੁਤ ਮੁਸ਼ਕਲ ਹੁੰਦਾ ਹੈ। ਸਥਾਨਕ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜੇਕਰ ਇਸ 2 ਕਿਲੋਮੀਟਰ ਸੜਕ ਦੀ ਮੁਰੰਮਤ ਹੋਰ ਬਣ ਰਹੀਆਂ ਸੜਕਾਂ ਦੇ ਨਾਲ ਪੂਰਾ ਨਾ ਕੀਤਾ ਤਾਂ ਉਹ ਵਿਰੋਧ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।

ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬਾਰਵੀਂ ਜਮਾਤ ਦੇ ਸ਼ਾਨਦਾਰ ਨਤੀਜੇ

ਚੌਂਕ ਮਹਿਤਾ, 15 ਮਈ (ਬਲਜਿੰਦਰ ਸਿੰਘ ਰੰਧਾਵਾ)ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਦੇ ਨਤੀਜਿਆਂ ਵਿੱਚ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ। ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਚੌਂਕ ਦੇ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਦੇ ਵਿਦਿਆਰਥੀਆਂ ਨੇ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ। ਸਾਰੇ ਵਿਦਿਆਰਥੀਆਂ ਦੀ ਮਿਹਨਤ ਸਲਾਘਾਯੋਗ ਰਹੀ। ਮੈਡੀਕਲ ਸਟਰੀਮ ਵਿੱਚੋਂ ਸ਼ੁਭਨੀਤ ਕੌਰ, ਮਨਸੁਖਵਿੰਦਰ ਸਿੰਘ, ਸ਼ਿਵਪ੍ਰਤਾਪ ਸਿੰਘ, ਨਾਨ ਮੈਡੀਕਲ ਦੇ ਨਵਰਾਜ ਸਿੰਘ, ਜੁਗਰਾਜ ਸਿੰਘ, ਪਰਮਪ੍ਰੀਤ ਸਿੰਘ ਅਰੁਣਪ੍ਰੀਤ ਸਿੰਘ, ਕਾਮਰਸ ਦੀ ਸੰਦੀਪ ਕੌਰ, ਨਵਜੀਤ ਕੌਰ, ਰਵਜੋਤ ਸਿੰਘ, ਆਰਟਸ ਵਿੱਚੋਂ ਮਨਪ੍ਰੀਤ ਕੌਰ, ਰਮਨੀਕ ਸਿੰਘ, ਯੁਵਰਾਜ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਰਦਾਰ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕਦੇ ਸਿਤਾਰਿਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਵਿਦਿਆਰਥੀਆਂ ਦੀ ਅਥੱਕ ਮਿਹਨਤ ਅਤੇ ਅਧਿਆਪਕਾਂ ਦੀ ਨਿਸ਼ਠਾ ਨੇ ਇਸ ਸਫਲਤਾ ਨੂੰ ਸੰਭਵ ਬਣਾਇਆ ਹੈ ।

ਜਨਤਕ ਸੂਚਨਾ

ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਜਾਇਦਾਦ ਅਫ਼ਸਰ, ਯੂ.ਟੀ., ਚੰਡੀਗੜ੍ਹ

ਵਿਸ਼ਾ: ਵਪਾਰਕ ਬੂਥ ਨੰਬਰ 196, ਸੈਕਟਰ 28-ਡੀ, ਚੰਡੀਗੜ੍ਹ (ਸੀ.ਪੀ. 2027) ਦੇ ਸੰਬੰਧ ਵਿੱਚ




ਮਾਲਕੀ ਦਾ ਤਬਾਦਲਾ ਸਵਰਗੀ ਸ਼੍ਰੀਮਤੀ ਅਨੀਤਾ ਸਾਹਿਬ ਦੀ ਮੌਤ ਦੇ ਆਧਾਰ 'ਤੇ 100.00% ਹਿੱਸੇ ਦੀ ਹੱਦ ਤੱਕ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਸ਼੍ਰੀਮਤੀ ਅਨੀਤਾ ਸਹਿਦੇਵ ਵਪਾਰਕ ਬੂਥ ਨੰਬਰ 196, ਸੈਕਟਰ 28-ਡੀ, ਚੰਡੀਗੜ੍ਹ ਦੇ 100.00% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ।

ਮੀਨੂੰ ਸਹਿਦੇਵ, ਪਾਰਸ ਸਹਿਦੇਵ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ/ਸ਼੍ਰੀਮਤੀ ਸ਼੍ਰੀਮਤੀ ਅਨੀਤਾ ਸਹਿਦੇਵ ਦੀ ਮੌਤ 29/02/2024 ਨੂੰ ਹੋ ਗਈ ਸੀ ਅਤੇ ਉਸਨੇ/ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

ਕਾਨੂੰਨੀ ਵਾਰਸ ਦਾ ਨਾਮ - ਮ੍ਰਿਤਕ ਨਾਲ ਸਬੰਧ
1. ਮੀਨੂੰ ਸਹਿਦੇਵ -ਪੁੱਤਰੀ
2. ਪਾਰਸ ਸਹਿਦੇਵ -ਪੁੱਤਰ

ਹੁਣ, ਮੀਨੂੰ ਸਹਿਦੇਵ, ਪਾਰਸ ਸਹਿਦੇਵ ਨੇ ਵਪਾਰਕ ਬੂਥ ਨੰਬਰ 196, ਸੈਕਟਰ 28-ਡੀ, ਚੰਡੀਗੜ੍ਹ ਦੇ ਸੰਬੰਧ ਵਿੱਚ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ/ਦੇ ਦਿੱਤੀ ਹੈ, ਜੋ ਕਿ ਸਵਰਗੀ ਸ਼੍ਰੀਮਤੀ ਅਨੀਤਾ ਸਹਿਦੇਵ ਦੁਆਰਾ ਆਪਣੇ/ਆਪਣੇ ਹੱਕ ਵਿੱਚ 100.00% ਹਿੱਸੇਦਾਰੀ ਹੈ, ਜੋ ਕਿ ਗੈਰ-ਵਸਨੀ ਮੌਤ ਦੇ ਆਧਾਰ 'ਤੇ ਹੈ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ(ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।

ਜੇਕਰ ਕਿਸੇ ਨੂੰ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ, ਉਹ/ਉਹ/ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦਾ ਇੰਤਕਾਲ ਉਪਰੋਕਤ ਲਾਭਪਾਤਰੀਆਂ/ਵਿਅਕਤੀਆਂ ਦੇ ਨਾਮ 'ਤੇ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

ਉਤਰ ਰੇਲਵੇ

ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਤੋਂ ਉਪ ਮੁੱਖ ਇੰਜੀਨੀਅਰ/ਉਸਾਰੀ, ਉਤਰ ਰੇਲਵੇ, ਅੰਬਾਲਾ ਛਾਉਣੀ ਦੁਆਰਾ ਹੇਠਾਂ ਲਿਖਤ ਕੰਮ ਦੇ ਲਈ ਦੋ ਪੈਕੇਟ ਪ੍ਰਣਾਲੀ ਦੇ ਤਹਿਤ ਈ-ਨਿਵਿਦਾ ਪ੍ਰਣਾਲੀ ਦੁਆਰਾ ਖੁੱਲ੍ਹੀ ਨਿਵਿਦਾ ਮੰਗ ਕੀਤੀ ਜਾਂਦੀ ਹੈ।

ਨਿਵਿਦਾ ਦਾ ਤਰੀਕਾ	E-Tender (One Packet)	ਨਿਵਿਦਾ ਸੂਚਨਾ ਨੰਬਰ	129-W/DY. CE/C/UMB/2026-27
ਕੰਮ ਦਾ ਨਾਮ ਤੇ ਸਥਾਨ	ਉਪ ਮੁੱਖ ਇੰਜੀਨੀਅਰ/ਉਸਾਰੀ, ਅੰਬਾਲਾ ਛਾਉਣੀ ਦੇ ਤਹਿਤ "ਅੰਬਾਲਾ ਡਵੀਜ਼ਨ ਦੇ ਜੇਐਚਐਲ-ਐਚਐਸਆਰ ਸੈਕਸ਼ਨ ਤੇ ਬਹਾਦੁਰ ਸਿੰਘ ਵਾਲਾ ਰੇਲਵੇ ਸਟੇਸ਼ਨ ਅਤੇ ਜਮਾਲਪੁਰ ਸ਼ੇਖਾ ਰੇਲਵੇ ਸਟੇਸ਼ਨ ਤੇ ਦੂਜੇ ਲੂਪ ਦਾ ਪ੍ਰਾਵਧਾਨ।		
ਅੰਦਾਜਨ/ਨਿਦੇਸ਼ਾਤਮਕ ਪ੍ਰੋਜੈਕਟ ਲਾਗਤ	₹ 630.47 ਲੱਖ	ਕੰਮ ਨਿਪਟਾਰੇ ਦਾ ਸਮਾਂ	12 (ਬਾਰਾਂ) ਮਹੀਨੇ
ਜਮ੍ਹਾ ਕੀਤੀ ਜਾਣ ਵਾਲੀ ਜਮਾਨਤੀ ਰਕਮ	₹ 12,61,000.00		
ਈ-ਨਿਵਿਦਾ ਪੇਸ਼ ਕਰਨ ਅਤੇ ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ	ਨਿਵਿਦਾ ਦਸਤਾਵੇਜ 14:00 ਵਜੇ ਮਿਤੀ 16.05.2026 ਤੋਂ 06.06.2026 ਤਕ ਆਈਆਰਈਪੀਐਸ ਦੀ ਵੈਬਸਾਈਟ ਯਾਨੀ www.ireps.gov.in 'ਤੇ ਉਪਲਬਧ ਹੋਣਗੇ।		
ਨਿਵਿਦਾ ਅਪਲੋਡ ਕਰਨ ਦੀ ਅੰਤਮ ਮਿਤੀ/ਸਮਾਂ	06.06.2026 ਨੂੰ 14:00 ਵਜੇ ਤਕ ਨਿਵਿਦਾਕਰਤਾ ਦੁਆਰਾ 23.05.2026 ਤੋਂ 06.06.2026 ਤਕ ਆਈਆਰਈਪੀਐਸ ਦੀ ਵੈਬਸਾਈਟ ਯਾਨੀ www.ireps.gov.in 'ਤੇ ਨਿਵਿਦਾ ਦਸਤਾਵੇਜ ਅਪਲੋਡ ਕੀਤੀ ਜਾ ਸਕਦੀ ਹੈ।		
ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ	15:00 ਵਜੇ ਮਿਤੀ 06.06.2026 ਨੂੰ ਖੋਹਲੀ ਜਾਵੇਗੀ। ਉਪਰੋਕਤ ਦਫਤਰ ਦੇ ਨੋਟਿਸ ਬੋਰਡ ਤੇ ਵੀ ਵਿਸਤ੍ਰਿਤ ਸੂਚਨਾ ਵੇਖੀ ਜਾ ਸਕਦੀ ਹੈ।		

Tender Notice No:- 129-ਡਬਲਯੂ/ਉਪ.ਮੁ.ਇੰਜੀ./ਨਿ./ਅ.ਛਾ./2026-27 Dated: 14.05.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1624/2026

ਦਸਮੇਸ਼ ਸਕੂਲ ਮਹਿਤਾ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਚੌਂਕ ਮਹਿਤਾ , 15 ਮਈ (ਬਲਜਿੰਦਰ ਸਿੰਘ ਰੰਧਾਵਾ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਕਲਾਸ ਦੇ ਨਤੀਜੇ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀ. ਸੈਕੰ. ਸਕੂਲ ਮਹਿਤਾ ਚੌਂਕ ਦਾ ਨਤੀਜਾ 100% ਰਿਹਾ। ਬਾਰ੍ਹਵੀਂ ਜਮਾਤ ਦੇ ਕੁੱਲ 109 ਵਿਦਿਆਰਥੀਆਂ ਨੇ, ਜਿਸ ਵਿੱਚ ਮੈਡੀਕਲ 37, ਕਾਮਰਸ 47 ਅਤੇ ਆਰਟਸ ਸਟਰੀਮ ਦੇ 26 ਵਿਦਿਆਰਥੀਆਂ ਦੁਆਰਾ ਸਲਾਨਾ ਪ੍ਰੀਖਿਆ ਦਿੱਤੀ ਗਈ। ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਸੰਦੀਪ ਕੌਰ ਨੇ 470/500 (94%) ਅੰਕ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰਾ ਗਗਨਪ੍ਰੀਤ ਕੌਰ ਨੇ 469/500 (93.8%) ਅੰਕ ਹਾਸਿਲ ਕਰਕੇ ਦੂਸਰਾ ਅਤੇ ਕੋਮਲਪ੍ਰੀਤ ਕੌਰ ਨੇ 465/500 (93%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਕਾਮਰਸ ਗਰੁੱਪ ਦੇ ਵਿਦਿਆਰਥੀ ਜਸ਼ਕਰਨਦੀਪ ਸਿੰਘ ਤੇ ਦਲਬੀਰ ਸਿੰਘ ਨੇ 475/500 (95%) ਅੰਕ ਹਾਸਿਲ ਕਰਕੇ ਪਹਿਲਾ, ਜੈਸਮੀਨ ਕੌਰ ਨੇ 465 /500 (93%) ਅੰਕ ਹਾਸਿਲ ਕਰਕੇ ਦੂਸਰਾ ਅਤੇ ਦਿਲਪ੍ਰੀਤ ਕੌਰ ਨੇ 463/500 (92.6%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਸਟਰੀਮ ਦੀ ਅਰਸ਼ਦੀਪ ਕੌਰ ਨੇ 480 /500 (96%) ਅੰਕ ਹਾਸਿਲ ਕਰਕੇ ਪਹਿਲਾ, ਪ੍ਰਭਜੋਤ ਕੌਰ ਨੇ 479/500 (95.8%) ਅੰਕ ਹਾਸਿਲ ਕਰਕੇ ਦੂਸਰਾ ਅਤੇ ਮਨਜਿੰਦਰ ਕੌਰ ਨੇ 455/500 (91%) ਅੰਕ ਹਾਸਿਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਮੈਡੀਕਲ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 6 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 13 ਵਿਦਿਆਰਥੀ ਰਹੇ। 70% ਤੋਂ ਵੱਧ 15 ਵਿਦਿਆਰਥੀ ਤੇ 60% ਤੋਂ ਵੱਧ 03 ਵਿਦਿਆਰਥੀ ਰਹੇ। ਕਾਮਰਸ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 08 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 35 ਵਿਦਿਆਰਥੀ, 70% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 04 ਵਿਦਿਆਰਥੀ ਰਹੇ। ਆਰਟਸ ਸਟਰੀਮ ਦੇ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 03 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 03 ਵਿਦਿਆਰਥੀ, 70% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 15 ਵਿਦਿਆਰਥੀ, 60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 04 ਵਿਦਿਆਰਥੀ ਰਹੇ। ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਬਾਰ੍ਹਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ @ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਭ ਪ੍ਰਮਾਤਮਾ ਦੇ ਓਟ ਆਸਰੇ, ਸਮੁੱਚੇ ਸਟਾਫ਼ ਦੀ ਯੋਗ ਅਗਵਾਈ , ਵਿਦਿਆਰਥੀਆਂ ਦੀ ਮਿਹਨਤ ਅਤੇ ਮਾਤਾ-ਪਿਤਾ ਦੀ ਪ੍ਰੇਰਨਾ ਸਦਕਾ ਹੀ ਸੰਭਵ ਹੋ ਸਕਿਆ ਹੈ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਹਨਾਂ ਨੇ ਦੱਸਿਆ ਕਿ ਉਹ ਭਵਿੱਖ ਵਿੱਚ ਚੰਗੇ ਡਾਕਟਰ, ਬਿਜ਼ਨਸਮੈਨ ਅਤੇ ਚੰਗੇ ਅਧਿਆਪਕ ਬਣ ਕੇ ਲੋਕ ਸੇਵਾ ਕਰਨਾ ਚਾਹੁੰਦੇ ਹਨ। ਬਾਰ੍ਹਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ 'ਤੇ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ।

ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਵੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਵਿਦਿਆਰਥੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਏਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਪ੍ਰਿੰਸੀਪਲ ਮੈਃ ਗੁਰਬੀਰ ਕੌਰ, ਡਾਇਰੈਕਟਰ ਮੈਃ ਹਰਪ੍ਰੀਤ ਕੌਰ, ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ , ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ASIRVAD MICRO FINANCE LTD

CIN U65923TN2007PLC064550
9th and 10th Floor, No 9, Club House Road, Anna Salai, Chennai 600 002. Tamil Nadu.
Tel:044-42124493

ਸੋਨੇ ਦੀ ਨਿਲਾਮੀ ਦਾ ਨੋਟਿਸ

ਖਾਸ ਤੌਰ ਤੇ, ਉਧਾਰਕਰਤਾਵਾਂ ਅਤੇ ਆਮ ਤੌਰ ਤੇ, ਜਨਤਾ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਖਾਤਿਆਂ ਵਿੱਚ ਗਿਰਵੀ ਰੱਖੇ ਸੋਨੇ ਦੇ ਜੇਵਰਾਂ ਦੀ ਸਮਾਜਿਕ ਨਿਲਾਮੀ ਨੂੰ ੧੯.੦੬.੨੦੨੬ ਨੂੰ ਸਵੇਰੇ ੧੦.੦੦ ਵਜੇ ਤੋਂ ਲੈ ਕੇ ਹੇਠਾਂ ਦਿੱਤੀਆਂ ਸ਼ਾਖਾਵਾਂ ਤੇ ਆਯੋਜਿਤ ਕੀਤੇ ਜਾਣ ਦਾ ਪ੍ਰਸਤਾਵ ਦਿੱਤਾ ਗਿਆ ਹੈ। ਨਿਲਾਮੀ ਡਿਫਾਲਟ ਹੋਏ ਗਾਹਕਾਂ ਦੇ ਸੋਨੇ ਦੇ ਜੇਵਰਾਂ ਦੀ ਹੈ ਜੋ ਪੰਜੀਕ੍ਰਿਤ ਪੱਤਰਾਂ ਦੁਆਰਾ ਸੂਚਿਤ ਕੀਤੇ ਜਾਣ ਦੇ ਬਾਵਜੂਦ ਉਨ੍ਹਾਂ ਦੀ ਲੋਨ ਦੀ ਰਕਮ ਦਾ ਭੁਗਤਾਨ ਕਰਨ ਵਿੱਚ ਵਿਫਲ ਹੋਏ ਹਨ। ਨਿਲਾਮੀ ਨਾ ਹੋਈਆਂ ਵਸਤੂਆਂ ਦੀ ਕੋਈ ਵੀ ਹੋਰ ਨੋਟਿਸ ਤੋਂ ਬਿਨਾਂ ਕਿਸੇ ਹੋਰ ਦਿਨ ਨੂੰ ਨਿਲਾਮੀ ਕੀਤੀ ਜਾਵੇਗੀ। ਸਥਾਨ ਜਾਂ ਮਿਤੀ ਵਿੱਚ ਤਬਦੀਲੀ ਨੂੰ (ਜੇ ਕੋਈ ਹੁੰਦੀ ਹੈ) ਨਿਲਾਮੀ ਦੇ ਕੇਂਦਰ ਵਿਖੇ ਅਤੇ ਕੰਪਨੀ ਦੀ ਵੈਬਸਾਈਟ ਤੇ ਦਰਸਾਇਆ ਜਾਵੇਗਾ। ਥੱਲੇ ਦਿੱਤੇ ਗਏ ਵੇਰਵੇ ਸ਼ਾਖਾ ਦਾ ਨਾਮ, ਲੋਨ ਸੰਖਿਆ ਦੇ ਕ੍ਰਮ ਵਿੱਚ ਹਨ।

ਗਿਰਵੀ ਦੇ ਸਮਾਨ ਦੀ ਸੂਚੀ:-

ਪੰਜਾਬ, ਅੰਮ੍ਰਿਤਸਰ, ਚੱਬਲ - ਜੀਐਲ, ੩੨੯੫੧੦੭੩੦੦੦੪੦੭੩, ੪੦੭੫, ਫਰੀਦਕੋਟ, ਜੈਤੂ ਜੀਐਲ, ੩੪੨੭੯੦੭੦੦੦੦੦੭੧੧, ਫਾਜ਼ਿਲਕਾ, ਅਰਨੀਵਾਲਾ ਸ਼ੇਖ ਸੁਭਾਨ - ਜੀਐਲ, ੩੪੦੮੭੦੭੦੦੦੦੧੨੩੯, ਮਾਨਸਾ, ਮਾਨਸਾ- ਜੀਐਲ, ੩੨੯੩੫੦੭੩੦੦੦੦੨੮੮, ੦੨੯੨, ੦੨੯੯, ਮੋਗਾ, ਬਾਘਾ ਪੁਰਾਣਾ - ਜੀਐਲ, ੩੩੦੧੦੦੭੦੦੦੦੧੧੬੯, ੧੧੭੨, ੩੩੦੧੦੦੭੩੦੦੦੦੨੬੨, ੩੩੦੧੦੦੭੫੦੦੦੦੦੩੦, ਮੁਕਤਸਰ, ਮਲੋਟ- ਜੀਐਲ, ੩੨੯੦੮੦੭੦੦੦੦੧੭੧੨, ੧੭੫੯, ੧੮੨੧, ੩੨੯੦੮੦੭੩੦੦੦੦੮੨੯, ਮੁਕਤਸਰ- ਜੀਐਲ, ੩੨੯੩੭੦੭੦੦੦੦੧੬੮੦, ੧੬੯੪, ਪਟਿਆਲਾ, ਦੇਵੀਗੜ੍ਹ- ਜੀਐਲ, ੩੨੯੮੧੦੭੦੦੦੦੧੭੭੨, ੧੭੯੩, ਸੰਗਰੂਰ, ਤਪਾ - ਜੀਐਲ, ੩੨੯੩੬੦੭੦੦੦੦੨੧੮੬, ੨੩੫੪, ੩੨੯੩੬੦੭੩੦੦੦੧੬੮੩,

ਉੱਪਰ ਦਿੱਤੀ ਨਿਲਾਮੀ ਵਿੱਚ ਭਾਗ ਲੈਣ ਦੇ ਇੱਛੁਕ ਵਿਅਕਤੀ ਹੇਠਾਂ ਦੀ ਪਾਲਣਾ ਕਰਨਗੇ:- ਦਿਲਚਸਪੀ ਰੱਖਣ ਵਾਲੇ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਨਿਲਾਮੀ ਵਾਲੇ ਦਿਨ ਨਕਦੀ ਦੇ ਜਰੀਏ ਈਐਮਡੀ (ਅਸਫਲ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਰਿਫੰਡ ਕਰਨ ਯੋਗ) ਵਜੋਂ ਰੁ. ੧੦,੦੦੦/- ਜਮ੍ਹਾਂ ਕਰਨੇ ਚਾਹੀਦੇ ਹਨ। ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਵੈਧ ਆਈਡੀ ਕਾਰਡ/ਪੈਨ ਕਾਰਡ ਨਾਲ ਲਿਆਉਣਾ ਚਾਹੀਦਾ ਹੈ। ਹੋਰ ਵੇਰਵਿਆਂ ਲਈ, ਕਿਰਪਾ ਕਰਕੇ ੯੩੪੫੯੫੪੫੯੮ ਤੇ ਸੰਪਰਕ ਕਰੋ

ਅਧਿਕਾਰਤ ਅਧਿਕਾਰੀ
ਅਸ਼ੀਰਵਾਦ ਮਾਈਕ੍ਰੋ ਫਾਇਨਾਂਸ ਲਮਿਟਿਡ

pstcl

Punjab State Trnasmission Corporation Limited (Regd. Office: PSEB Head Office, The Mall, Patiala - 147001) Corporate Identity Number U40109PB2010SGC033814 Website : www.pstcl.org O/o Sr. Xen, CW/Divn., Patiala Tel. No.: 96461-17916 E-mail : srxen-cwd-pts@pstcl.org

ਥੋੜ੍ਹੇ ਸਮੇਂ ਦਾ ਈ-ਟੈਂਡਰ ਨੋਟਿਸ ਇੰਨਕੁਆਇਰੀ ਨੰ. 15/2026-27

ਟੈਂਡਰ ਦਾ ਵੇਰਵਾ : ਸ਼ਕਤੀ ਸਦਨ ਬਿਲਡਿੰਗ, ਪੀ.ਐਸ.ਟੀ.ਸੀ.ਐਲ., ਪਟਿਆਲਾ ਵਿਖੇ 70 ਨੰਬਰ ਏ.ਸੀ. ਲਗਾਉਣ ਦੇ ਕੰਮ ਲਈ ਸਵਿੱਚ ਡਿਸਕਨੈਕਟਰ ਯੂਨਿਟ ਪ੍ਰਦਾਨ ਕਰਨਾ, ਵਾਇਰਿੰਗ ਬਦਲਣਾ, ਨਵੀਂ ਵਾਇਰਿੰਗ ਅਤੇ ਡਰੇਨੇਜ ਸਿਸਟਮ ਦਾ ਕੰਮ। ਈ-ਟੈਂਡਰ ਡਾਊਨ-ਲੋਡ/ਅਪ-ਲੋਡ ਕਰਨ ਦੀ ਆਖਰੀ ਮਿਤੀ 28.05.2026 ਸਮਾਂ 03:00 PM ਵਜੇ ਤੱਕ। ਅਮਾਨਤੀ ਰਕਮ ਅਤੇ ਬਿਡਜ਼ ਖੋਲ੍ਹਣ ਦੀ ਮਿਤੀ 29.05.2026 ਸਮਾਂ 11:00 AM ਵਜੇ। ਈ-ਟੈਂਡਰ ਦਸਤਾਵੇਜ਼ ਦੀ ਰਕਮ ਨਿਲ।

ਨੋਟ : ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਕਾਰਨ ਟੈਂਡਰ ਪ੍ਰੀਕ੍ਰਿਆ ਪੂਰੀ ਨਹੀਂ ਹੁੰਦੀ ਤਾਂ ਉਸ ਕੇਸ ਵਿੱਚ ਅਖ਼ਬਾਰਾਂ ਵਿੱਚ ਸੋਧ ਪ੍ਰਕਾਸ਼ਿਤ ਨਹੀਂ ਕਰਵਾਈ ਜਾਵੇਗੀ। ਸੋਧ ਸਬੰਧੀ ਵੇਰਵੇ ਪੀ.ਐਸ.ਟੀ.ਸੀ.ਐਲ. ਦੀ ਵੈੱਬਸਾਈਟ www.pstcl.org ਤੇ ਵੇਖੇ ਜਾਣ। Terms and conditions may be downloaded from website https://eproc.punjab.gov.in

ਸੀਨੀਅਰ ਕਾ.ਕਾ. ਇੰਜੀ./ਸਿਵਲ ਨਿਰਮਾਣ ਮੰਡਲ, PSTCL, ਪਟਿਆਲਾ।

Ro No. PR-Advt. No.: 1078 / 12 / 2026-27 / 11526 / Dated CHD : 15.05.2026

PSPCL Punjab State Power Corporation Limited

Regd. Office: PSEB Head Office, The Mall, Patiala - 147001
Corporate Identification Number U40109PB2010SGC033813
Website : www.pspcl.in Contact No. 96461-18880
ਟੈਂਡਰ ਇਨਕੁਆਰੀ ਨੰ: 01/2026-27 ਮਿਤੀ : 11.05.2026

ਵਧੀਕ ਨਿਗਰਾਨ ਇੰਜੀਨੀਅਰ, ਤਕਨੀਕੀ ਪੜਤਾਲ, ਬਠਿੰਡਾ ਇੱਕ (1) ਨੰ. ਬਲੈਰੋ/ਕੁਆਲਿਸ/ਟੀ.ਯੂ.ਵੀ. 300 ਜਾਂ ਬਰਾਬਰ ਰੇਟ ਦੀ ਗੱਡੀ ਸਮੇਤ ਡਰਾਈਵਰ ਅਤੇ ਸਾਰੇ ਟੈਕਸ ਟੈਂਡਰ ਡਾਕੂਮੈਂਟ ਦੀਆਂ ਸ਼ਰਤਾਂ ਅਨੁਸਾਰ ਹਾਇਰ ਕਰਨ ਲਈ ਟੈਂਡਰ ਕਾਲ ਕਰ ਰਿਹਾ ਹੈ। ਟੈਂਡਰ ਡਾਕੂਮੈਂਟ 1000 ਰੁਪਏ + ਜੀ.ਐਸ.ਟੀ. ਭਰਕੇ ਮਿਤੀ 01.06.26 (14:00) ਤੱਕ ਖਰੀਦੇ ਜਾ ਸਕਦੇ ਹਨ। ਟੈਂਡਰ ਮਿਤੀ 02.06.2026 ਨੂੰ 12:00 ਵਜੇ ਖੋਲ੍ਹੇ ਜਾਣਗੇ।

ਨੋਟ : ਸੰਭਾਵੀ ਬੋਲੀ ਦੇਣ ਵਾਲੇ ਠੇਕੇਦਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਵਧੀਕ ਨਿਗਰਾਨ ਇੰਜੀਨੀਅਰ, ਤਕਨੀਕੀ ਪੜਤਾਲ, ਥਰਮਲ ਪਲਾਂਟ, ਬਠਿੰਡਾ ਤੋਂ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਅਖ਼ਬਾਰਾਂ ਵਿੱਚ ਸੋਧ ਪ੍ਰਕਾਸ਼ਿਤ ਨਹੀਂ ਕਰਵਾਈ ਜਾਵੇਗੀ। ਸੋਧ ਸਬੰਧੀ ਵੇਰਵੇ ਪੀ.ਐਸ.ਪੀ.ਸੀ.ਐਲ. ਦੀ ਵੈੱਬਸਾਈਟ www.pspcl.in ਤੇ ਵੇਖੇ ਜਾਣ।

C 578 / 26
Ro No. PR-Advt. No.: 1079 / 12 / 2026-27 / 11518 / Dated CHD : 15.05.2026

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

verka

ਪੰਜਾਬ ਰਾਜ ਸਹਿਕਾਰੀ ਦੁੱਧ ਉਤਪਾਦਕ ਸੰਘ ਲਿਮ.
ਐਸਸੀਓ 153-155, ਸੈਕਟਰ 34-ਏ, ਚੰਡੀਗੜ੍ਹ-160022, ਈਪੀਏਬੀਐਕਸ ਨੰ. 0172-5041812, 66

ਟੈਂਡਰ ਮੰਗ ਸੂਚਨਾ

www.verka.coop

ਹੇਠ ਲਿਖੀਆਂ ਚੀਜ਼ਾਂ ਦੀ ਖਰੀਦ ਅਤੇ ਸਪਲਾਈ ਲਈ ਟੈਂਡਰ ਮੰਗੇ ਜਾਂਦੇ ਹਨ:-

ਲ. ਨੰ.	ਕੰਮ/ਮਦ ਦਾ ਨਾਮ	ਮਿਆਦ/ਅਸਥਾਈ ਮਾਤਰਾ
1.	**ਵੇਰਕਾ ਮੁੱਖ ਦਫ਼ਤਰ, ਚੰਡੀਗੜ੍ਹ ਲਈ** ਸਵਿਫਟ ਡਿਜ਼ਾਇਰ ਕਾਰ (ਏਸੀ) ਜਾਂ ਇਸਦੇ ਬਰਾਬਰ ਵਾਹਨ ਅਤੇ ਡਰਾਈਵਰ ਕਿਰਾਏ 'ਤੇ ਲੈਣ ਲਈ ਪ੍ਰਦਾਨ ਕੀਤੇ ਜਾਣਗੇ।	01 ਅਦਦ
2.	**ਵੇਰਕਾ ਸ਼ਾਖਾ ਵਿਕਰੀ ਦਫ਼ਤਰ, ਦਿੱਲੀ ਦੇ ਲਈ** ਮਿਲਕਫੈੱਡ ਸ਼ਾਖਾ ਵਿਕਰੀ ਦਫ਼ਤਰ ਤੋਂ ਦਿੱਲੀ/ਐਨਸੀਆਰ ਖੇਤਰ ਦੇ ਵੱਖ-ਵੱਖ ਸਟੇਸ਼ਨਾਂ ਤੱਕ ਵੇਰਕਾ ਦੁੱਧ ਉਤਪਾਦਾਂ ਦੀ ਸਪਲਾਈ ਦੇ ਲਈ 500 ਕਿ. ਗ੍ਰਾ., 750 ਕਿ.ਗ੍ਰਾ., 1250 ਕਿ. ਗ੍ਰਾ., 1700 ਕਿ. ਗ੍ਰਾ., 3500 ਕਿ. ਗ੍ਰਾ., 4500 ਕਿ. ਗ੍ਰਾ., 6000 ਕਿ. ਗ੍ਰਾ. ਅਤੇ 10000 ਕਿ. ਗ੍ਰਾ. ਤੱਕ 5751, ਵੇਰਕਾ ਹਾਊਸ, ਦੇਸ਼ ਬੰਧੂ ਗੁਪਤਾ ਰੋਡ, ਦੇਵ ਨਗਰ ਕਰੋਲ ਬਾਗ ਦਿੱਲੀ-110005 ਵਿਖੇ ਮਿਲਕਫੈਡ ਸ਼ਾਖਾ ਵਿਕਰੀ ਦਫਤਰ ਦਿੱਲੀ ਦੇ ਉਤਪਾਦ ਸਟੋਰ ਤੋਂ ਵੇਰਕਾ ਦੁੱਧ ਉਤਪਾਦਾਂ ਅਤੇ ਹੋਰ ਸਮੱਗਰੀ ਦੀ ਸਪਲਾਈ ਦੇ ਲਈ ਵਪਾਰਕ ਵਾਹਨਾਂ ਨੂੰ ਕਿਰਾਏ 'ਤੇ ਲੈਣਾ।	ਸ਼ੁਰੂਆਤੀ ਤੌਰ 'ਤੇ ਸਲਾਨਾ ਅਤੇ ਹੋਰ ਸਮਾਨ ਮਿਆਦ ਲਈ ਵਧਾਇਆ ਜਾ ਸਕਦਾ ਹੈ।
3.	**ਵੇਰਕਾ ਜਲੰਧਰ ਡੇਅਰੀ ਲਈ** ੳ) ਨਾ ਵਰਤੇ ਜਾਣ ਵਾਲੇ ਸਕ੍ਰੈਪ ਸਮੱਗਰੀ/ਵਾਹਨਾਂ ਦਾ ਇੱਕ ਵਾਰ ਦੇ ਆਧਾਰ 'ਤੇ ਨਿਪਟਾਰਾ। ਅ) 2 ਨੰਬਰ ਗੈਸ ਕਮ ਤੇਲ ਨਾਲ ਚੱਲਣ ਵਾਲੇ ਪੈਕੇਜ ਬਾਇਲਰ ਸਮਰੱਥਾ (1x6) TPH ਅਤੇ (1x8) TPH ਦੀ ਡਿਜ਼ਾਈਨ ਸਪਲਾਈ ਸਥਾਪਨਾ ਅਤੇ ਕਮਿਸ਼ਨਿੰਗ ਦੇ ਨਾਲ-ਨਾਲ ਸੰਬੰਧਿਤ ਸਿਵਲ ਕਾਰਜ ਅਤੇ ਮੌਜੂਦਾ ਦੋ ਨੰਬਰ 5TPH ਤੇਲ ਨਾਲ ਚੱਲਣ ਵਾਲੇ ਬਾਇਲਰਾਂ ਨੂੰ ਤੋੜਨਾ। ੲ) ਪਾਊਡਰ ਪਲਾਂਟ ਦੇ 300x2 KVA UPS ਲਈ 160 ਅਦਦ ਬੈਟਰੀਆਂ ਦੀ ਸਪਲਾਈ ਸਥਾਪਨਾ, ਅਤੇ ਕਮਿਸ਼ਨਿੰਗ। ਸ) ਹੇਠ ਲਿਖੇ ਭਾਗਾਂ ਲਈ ਯਾਤਰੀ ਵਾਹਨਾਂ ਨੂੰ ਕਿਰਾਏ 'ਤੇ ਲੈਣਾ :- 01.07.2026 ਤੋਂ 30.06.2027 ਤੱਕ ਖਰੀਦ, ਮੰਡੀਕਰਨ, ਖਾਤੇ/ਪ੍ਰਬੰਧਨ, ਵਿਕਰੀ ਡਿਪੂ, ਗੁਣਵੱਤਾ ਭਰੋਸਾ। ਕਾਰ (ਸਵਿਫਟ ਡਿਜ਼ਾਇਰ, ਟੋਇਟਾ ਈਟੀਓਸ ਜਾਂ ਸਮਰੂਪ ਜਾਂ ਸਬ ਕੰਪੈਕਟ ਐਸਯੂਵੀ)।	ਸਲਾਨਾ/ਸਾਈਟ ਅਨੁਸਾਰ 01 ਕੰਮ 01 ਕੰਮ ਵਾਹਨਾਂ ਦੀ ਗਿਣਤੀ ਵਧਾਈ ਜਾਂ ਘਟਾਈ ਜਾ ਸਕਦੀ ਹੈ 09 ਅਦਦ
4.	**ਵੇਰਕਾ ਲੁਧਿਆਣਾ ਡੇਅਰੀ ਲਈ** ੳ) ਪਾਣੀਪਤ/ਮਥੁਰਾ ਰਿਫਾਇਨਰੀ ਤੋਂ ਵੇਰਕਾ ਲੁਧਿਆਣਾ ਡੇਅਰੀ ਤੱਕ LSHS/HPS (ਹੈਵੀ ਪੈਟਰੋਲੀਅਮ ਸਟਾਕ) ਦੀ ਆਵਾਜਾਈ। ਅ) ਵਾਹਨਾਂ ਨੂੰ ਕਿਰਾਏ 'ਤੇ ਲੈਣਾ:- i. ਪਸ਼ੂਆਂ ਦੇ ਚਾਰੇ/ਦੁੱਧ ਉਤਪਾਦਾਂ/ਤਕਨੀਕੀ ਸੇਵਾਵਾਂ ਲਈ ਟੈਂਪੋ। ii. ਡੱਬਿਆਂ ਰਾਹੀਂ ਦੁੱਧ ਦੀ ਢੋਆ-ਢੁਆਈ ਲਈ ਟੈਂਪੋ। iii. ਜੀਪ ਕੈਂਪਰ ਕਿਸਮ। C) ਬਾਇਲਰ ਅਤੇ ਏਅਰ-ਹੀਟਰ ਸੈਕਸ਼ਨ ਦੇ ਸੰਚਾਲਨ ਅਤੇ ਰੱਖ-ਰਖਾਅ ਦੀਆਂ ਗਤੀਵਿਧੀਆਂ ਦੀ ਆਊਟਸੋਰਸਿੰਗ।	ਸਲਾਨਾ 02 ਅਦਦ 04 ਅਦਦ 01 ਅਦਦ ਇੱਕ ਕੰਮ
5.	**ਵੇਰਕਾ ਹੁਸ਼ਿਆਰਪੁਰ ਡੇਅਰੀ ਲਈ** ਖਰੀਦ ਗਤੀਵਿਧੀਆਂ ਲਈ ਕਾਰ (ਬੋਲੇਰੋ, ਸਵਿਫਟ ਡਿਜ਼ਾਇਰ, ਟੋਇਟਾ ਈਟੀਓਸ ਜਾਂ ਬਰਾਬਰ) ਕਿਰਾਏ 'ਤੇ ਲੈਣ ਦੀ ਲੋੜ ਹੈ।	01 ਅਦਦ
6.	**ਵੇਰਕਾ ਸੰਗਰੂਰ ਡੇਅਰੀ ਲਈ** i. ਜ਼ਿਲ੍ਹਾ ਸੰਗਰੂਰ, ਬਰਨਾਲਾ ਅਤੇ ਮਲੇਰਕੋਟਲਾ ਦੇ ਖੇਤਰਾਂ ਵਿੱਚ ਕੰਧਾਂ/ਸ਼ਟਰ/ਵਾਹਨਾਂ ਦੀ ਪੇਂਟਿੰਗ। ii. ਜ਼ਿਲ੍ਹਾ-ਸੰਗਰੂਰ, ਬਰਨਾਲਾ ਅਤੇ ਮਲੇਰਕੋਟਲਾ ਦੇ ਖੇਤਰਾਂ ਵਿੱਚ ਫਲੈਕਸ ਬੈਨਰਾਂ, ਫਲੈਕਸ ਬੋਰਡਾਂ, ਗਲੋ ਸਾਈਨ ਬੋਰਡਾਂ, ਵਿਨਾਇਲ ਸਟਿੱਕਰ, ਈਕੋ ਸਾਲਵੈਂਟ ਪ੍ਰਿੰਟਿੰਗ ਵਾਲਾ ਵਿਨਾਇਲ, ਸਨ ਬੋਰਡ ਅਤੇ ਵਨ ਵੇ ਵਿਜ਼ਨ ਆਦਿ ਦੀ ਸਪਲਾਈ।	ਸਲਾਨਾ ਸਲਾਨਾ
7.	**ਵੇਰਕਾ ਅੰਮ੍ਰਿਤਸਰ ਡੇਅਰੀ ਲਈ** ਬੀਐਮਸੀ/ਐਮਸੀਸੀ ਤੋਂ ਦੁੱਧ ਦੀ ਢੋਆ-ਢੁਆਈ ਲਈ ਇੰਸੂਲੇਟਡ ਸਿੰਗਲ ਪੋਰਸ਼ਨ ਰੋਡ ਮਿਲਕ ਟੈਂਕਰਾਂ ਨੂੰ ਕਿਰਾਏ 'ਤੇ ਲੈਣਾ।	ਦੋ ਸਾਲਾ/03 ਅਦਦ
8.	**ਵੇਰਕਾ ਕੈਟਲ ਫੀਡ ਪਲਾਂਟ, ਭੱਟੀਆਂ (ਖੰਨਾ) ਲਈ** ੳ) ਤਿਆਰ ਪਸ਼ੂ ਚਾਰਾ, ਖਣਿਜ ਫੀਡ ਮਿਸ਼ਰਣ ਅਤੇ UML ਦੀ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ ਦੇ ਵੱਖ-ਵੱਖ ਸਟੇਸ਼ਨਾਂ 'ਤੇ ਆਵਾਜਾਈ। ਸਮਰੱਥਾ ਔਸਤਨ ਪ੍ਰਤੀ ਦਿਨ, (ਮੰਗ ਅਨੁਸਾਰ ਮਾਤਰਾ ਵਧਾਈ ਜਾਂ ਘਟਾਈ ਜਾ ਸਕਦੀ ਹੈ)। ਅ) ਨਾ-ਵਰਤੋਂਯੋਗ ਸਮੱਗਰੀ ਦੀ ਨਿਲਾਮੀ।	ਸਲਾਨਾ/ 5 ਐਮਟੀ/6 ਐਮਟੀ ਦੇ 02-05 ਟਰੱਕ 10 ਐਮਟੀ ਤੋਂ 12 ਐਮਟੀ ਦੇ 08-10 ਟਰੱਕ 13 ਐਮਟੀ ਤੋਂ 16 ਐਮਟੀ ਦੇ 04-06 ਟਰੱਕ 18 ਐਮਟੀ ਅਤੇ 18 ਐਮਟੀ ਤੋਂ ਵੱਧ ਦੇ 06-08 ਟਰੱਕ 01 ਅਦਦ

ਨੋਟ : 1. ਉਕਤ ਟੈਂਡਰ (ਐਨਆਈਟੀ) ਸੰਬੰਧੀ ਮੁਕੰਮਲ ਵੇਰਵਿਆਂ ਲਈ, ਕਿਰਪਾ ਕਰਕੇ ਸਾਡੀ ਵੈਬਸਾਈਟ ਭਾਵ www.verka.coop ਅਤੇ ਈ-ਟੈਂਡਰਿੰਗ ਪੋਰਟਲ ਭਾਵ eproc.punjab.gov.in ਦੇਖੋ।
2. ਸੋਧ, ਜੇਕਰ ਕੋਈ ਹੋਵੇ, ਕੇਵਲ ਵੈਬਸਾਈਟ 'ਤੇ ਅਪਲੋਡ ਕੀਤੀ ਜਾਵੇਗੀ।

ਜਨਰਲ ਮੈਨੇਜਰ (ਖਰੀਦ)

RO.No.PR-Advt. No.: 1018/12/2026-27/11512/Dated CHD : 15/05/2026

ਭਾਰਤ ਸਰਕਾਰ

ਸਤਯਮੇਵ ਜਯਤੇ

ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਵਿਭਾਗ (ਦਿਵਯਾਂਗਜਨ) 5ਵੀਂ ਮੰਜ਼ਿਲ, ਪੰਡਿਤ ਦੀਨਦਿਆਲ ਅੰਤੋਂਯਦਯ ਭਵਨ, ਸੀਜੀਓ ਕੰਪਲੈਕਸ, ਲੋਧੀ ਰੋਡ, ਨਵੀਂ ਦਿੱਲੀ

****

ਸਾਲ-2026 ਲਈ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰਾਂ ਲਈ ਔਨਲਾਈਨ ਅਰਜ਼ੀਆਂ ਦਾ ਸੱਦਾ

ਸਾਲ 2026 ਲਈ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰਾਂ ਲਈ ਅਰਜ਼ੀਆਂ/ਨਾਮਜ਼ਦਗੀਆਂ ਪ੍ਰਾਪਤ ਕਰਨ ਲਈ ਰਾਸ਼ਟਰੀ ਪੁਰਸਕਾਰ ਪੋਰਟਲ 15 ਮਈ, 2026 ਤੋਂ 31 ਜੁਲਾਈ, 2026 ਤੱਕ ਖੁੱਲ੍ਹਾ ਹੈ। ਵੇਰਵੇ ਹੇਠ ਲਿਖੇ ਅਨੁਸਾਰ ਹਨ:

1. ਅਰਜ਼ੀਆਂ/ਨਾਮਜ਼ਦਗੀਆਂ ਰਾਸ਼ਟਰੀ ਪੁਰਸਕਾਰ ਪੋਰਟਲ (www.awards.gov.in) 'ਤੇ ਔਨਲਾਈਨ ਦਾਇਰ ਕੀਤੀਆਂ ਜਾ ਸਕਦੀਆਂ ਹਨ।
2. 31 ਜੁਲਾਈ, 2026 ਤੱਕ ਪ੍ਰਾਪਤ ਹੋਈਆਂ ਸਾਲ 2026 ਲਈ ਰਾਸ਼ਟਰੀ ਪੁਰਸਕਾਰਾਂ ਲਈ ਸਾਰੀਆਂ ਅਰਜ਼ੀਆਂ/ਨਾਮਜ਼ਦਗੀਆਂ 'ਤੇ ਵਿਚਾਰ ਕੀਤਾ ਜਾਵੇਗਾ।
3. ਸਾਲ 2026 ਲਈ ਅਰਜ਼ੀਆਂ ਸਿਰਫ਼ ਰਾਸ਼ਟਰੀ ਪੁਰਸਕਾਰ ਪੋਰਟਲ (www.awards.gov.in) ਰਾਹੀਂ ਔਨਲਾਈਨ ਜਮ੍ਹਾਂ ਕਰਵਾਉਣੀਆਂ ਜ਼ਰੂਰੀ ਹਨ। ਨਾਮਜ਼ਦਗੀ ਵਿੱਚ ਪੋਰਟਲ 'ਤੇ ਉਪਲਬਧ ਫਾਰਮੈਟ ਵਿੱਚ ਦਰਸਾਏ ਗਏ ਸਾਰੇ ਸੰਬੰਧਿਤ ਵੇਰਵੇ ਹੋਣੇ ਚਾਹੀਦੇ ਹਨ, ਜੋ ਕਿ ਵਰਣਨਯੋਗ ਰੂਪ ਵਿੱਚ ਮਹੱਤਵਪੂਰਨ ਅਤੇ ਪ੍ਰੇਰਨਾਦਾਇਕ ਪ੍ਰਾਪਤੀਆਂ ਨੂੰ ਸਪਸ਼ਟ ਤੌਰ 'ਤੇ ਉਜਾਗਰ ਕਰਦੇ ਹਨ। ਪ੍ਰਾਪਤੀਆਂ ਨਾਲ ਸਬੰਧਤ ਸਹਾਇਕ ਦਸਤਾਵੇਜ਼ ਵੀ ਪੋਰਟਲ 'ਤੇ ਅਪਲੋਡ ਕੀਤੇ ਜਾਣੇ ਚਾਹੀਦੇ ਹਨ। ਉਪ-ਸ਼੍ਰੇਣੀਆਂ ਜਿਵੇਂ ਕਿ ਸਰਵਸ਼੍ਰੇਸ਼ਠ ਦਿਵਯਾਂਗਜਨ (ਅਪਾਹਜਤਾਵਾਂ ਵਾਲਾ ਸਭ ਤੋਂ ਉੱਤਮ ਵਿਅਕਤੀ), ਸ੍ਰੇਸ਼ਠ ਦਿਵਯਾਂਗਜਨ (ਅਪਾਹਜਤਾਵਾਂ ਵਾਲਾ ਉੱਤਮ ਵਿਅਕਤੀ), ਅਤੇ ਸ੍ਰੇਸ਼ਠ ਸ਼੍ਰੀਜਨਸ਼ੀਲ ਦਿਵਯਾਂਗ ਬਾਲ/ਬਾਲਿਕਾ (ਉੱਤਮ ਰਚਨਾਤਮਕ ਦਿਵਯਾਂਗ ਬੱਚਾ) ਲਈ, UDID ਕਾਰਡ/ਅਪਾਹਜਤਾ ਸਰਟੀਫਿਕੇਟ ਅਪਲੋਡ ਕਰਨਾ ਲਾਜ਼ਮੀ ਹੈ।
4. ਭੌਤਿਕ ਤੌਰ 'ਤੇ ਜਾਂ ਕਿਸੇ ਹੋਰ ਢੰਗ ਨਾਲ ਅਰਜ਼ੀ ਸਵੀਕਾਰ ਨਹੀਂ ਕੀਤੀ ਜਾਵੇਗੀ।
5. ਯੋਗਤਾ ਮਾਪਦੰਡਾਂ ਅਤੇ ਹੋਰ ਵੇਰਵਿਆਂ ਲਈ, ਵਿਭਾਗ ਦੀ ਵੈੱਬਸਾਈਟ (www.depwd.gov.in) ਦੇ ਨਾਲ-ਨਾਲ ਰਾਸ਼ਟਰੀ ਪੁਰਸਕਾਰ ਪੋਰਟਲ (www.awards.gov.in) 'ਤੇ ਉਪਲਬਧ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰਾਂ ਲਈ ਦਿਸ਼ਾ-ਨਿਰਦੇਸ਼ਾਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ।

ਸਹੀ/-
ਭਾਰਤ ਸਰਕਾਰ ਦੇ ਅੰਡਰ ਸੈਕਟਰੀ
ਟੈਲੀਫ਼ੋਨ: 011-24369057

CBC 38117/11/0001/2627

ਨਗਰ ਨਿਗਮ ਚੰਡੀਗੜ੍ਹ

ਟੈਂਡਰ ਸੂਚਨਾ

ਲ. ਨੰ.	ਕੰਮ ਦਾ ਨਾਮ	ਬੋਲੀ ਜਮ੍ਹਾਂ ਸੂਚੀ (ਆਨਲਾਈਨ)	ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ)
	ਕਾਰਜਕਾਰੀ ਇੰਜੀਨੀਅਰ - ਬਾਗਬਾਨੀ ਡਿਵੀਜ਼ਨ ਨੰ. 2		
1.	ਕੈਪੀਟਲ ਹੈੱਡ-ਲੈਂਡਸਕੇਪਿੰਗ ਅਧੀਨ ਜਾਪਾਨੀ ਗਾਰਡਨ ਸੈਕਟਰ 31, ਚੰਡੀਗੜ੍ਹ ਵਿਖੇ 03 ਫੁਹਾਰੇ ਪ੍ਰਦਾਨ ਕਰਨਾ ਅਤੇ ਸਥਾਪਿਤ ਕਰਨਾ। ਰਕਮ: 30,36,632/- ਰੁਪਏ ਸਮਾਂ ਸੀਮਾ: 03 ਮਹੀਨੇ ਬਿਆਨਾ ਰਕਮ: 60,733/- ਰੁਪਏ ਟੈਂਡਰ ਫੀਸ: 3000/- ਰੁਪਏ	15.05.2026 at 5.30 P.M To 22.05.2026 at 3.00 P.M.	22.05.2026 at 3.00 P.M.
2.	ਵਾਰਡ ਵਿਕਾਸ ਫੰਡ ਅਧੀਨ ਸੈਕਟਰ 31, 32 ਅਤੇ 33, ਚੰਡੀਗੜ੍ਹ ਦੇ ਵੱਖ-ਵੱਖ ਪਾਰਕਾਂ ਵਿੱਚ ਮੌਜੂਦਾ ਐਮ.ਐਸ.ਫਲੈਟ ਰੇਲਿੰਗ ਹੇਠ ਟੋ ਵਾਲ ਦੀ ਉਸਾਰੀ। ਰਕਮ: 31,56,990/- ਰੁਪਏ ਸਮਾਂ ਸੀਮਾ: 05 ਮਹੀਨੇ ਬਿਆਨਾ ਰਕਮ: 63,140/- ਰੁਪਏ ਟੈਂਡਰ ਫੀਸ: 3000/- ਰੁਪਏ	15.05.2026 at 5.30 P.M To 22.05.2026 at 3.00 P.M.	22.05.2026 at 3.00 P.M.
3.	ਸੈਕਟਰ 26, ਚੰਡੀਗੜ੍ਹ ਵਿਖੇ ਕੈਪੀਟਲ ਹੈੱਡ-ਲੈਂਡਸਕੇਪਿੰਗ ਅਧੀਨ ਬਾਪੂ ਧਾਮ ਹਰੀ ਪੱਟੀ ਦਾ ਵਿਕਾਸ। (ਕੈਪੀਟਲ ਹੈੱਡ-ਲੈਂਡਸਕੇਪਿੰਗ ਅਧੀਨ ਬਾਪੂ ਧਾਮ ਕਲੋਨੀ ਸੈਕਟਰ 26, ਚੰਡੀਗੜ੍ਹ ਵਿੱਚ ਨਵੇਂ ਪ੍ਰਸਤਾਵਿਤ ਵਿਕਾਸ ਅਧੀਨ ਹਰੀ ਪੱਟੀ ਵਿੱਚ 03 ਟਾਇਲਟ ਬਲਾਕਾਂ ਦਾ ਨਿਰਮਾਣ) ਰਕਮ: 40,25,108/- ਰੁਪਏ ਸਮਾਂ ਸੀਮਾ: ਦਸ ਮਹੀਨੇ ਬਿਆਨਾ ਰਕਮ: 80,502/- ਰੁਪਏ	15.05.2026 at 5.30 P.M To 22.05.2026 at 3.00 P.M.	22.05.2026 at 3.00 P.M.
4.	ਸੈਕਟਰ 20 ਵਿੱਚ ਬੀਐਸਐਨਐਲ ਅਤੇ ਲਕਸ਼ਮੀ ਨਾਰਾਇਣ ਮੰਦਰ ਦੇ ਨੇੜੇ ਪਾਰਕਾਂ ਵਿੱਚ ਸੀਮਿੰਟ ਕੰਕਰੀਟ ਦੇ ਵਾਕਿੰਗ ਟਰੈਕਾਂ ਦੀ ਵਿਸ਼ੇਸ਼ ਮੁਰੰਮਤ ਅਤੇ ਸੈਕਟਰ 30 ਵਿੱਚ ਹਾਊਸ ਨੰਬਰ 420 ਦੇ ਨੇੜੇ ਪਾਰਕ ਵਿੱਚ ਵਾਰਡ ਵਿਕਾਸ ਫੰਡ ਅਧੀਨ ਮੌਜੂਦਾ ਖਰਾਬ ਹੋਏ ਪੇਵਰ ਟਰੈਕਾਂ ਨੂੰ ਢਾਹ ਕੇ ਸੀਮਿੰਟ ਕੰਕਰੀਟ ਦੇ ਵਾਕਿੰਗ ਟਰੈਕ ਦਾ ਨਿਰਮਾਣ। ਰਕਮ: 26,63,255/- ਰੁਪਏ ਸਮਾਂ ਸੀਮਾ: 04 ਮਹੀਨੇ ਬਿਆਨਾ ਰਕਮ: 53,265/- ਰੁਪਏ ਟੈਂਡਰ ਫੀਸ: 3000/- ਰੁਪਏ	15.05.2026 at 5.30 P.M To 22.05.2026 at 3.00 P.M.	22.05.2026 at 3.00 P.M.
	ਕਾਰਜਕਾਰੀ ਇੰਜੀਨੀਅਰ - ਸੜਕਾਂ ਡਿਵੀਜ਼ਨ ਨੰ. 1		
5.	ਮਾਰਕੀਟ ਸੈਕਟਰ 37-ਡੀ, ਚੰਡੀਗੜ੍ਹ ਦਾ ਅਪਗ੍ਰੇਡੇਸ਼ਨ। ਹੈੱਡ: ਸਿਵਲ ਵਰਕ। ਅੰਦਾਜ਼ਨ ਲਾਗਤ: 44.92 ਲੱਖ ਰੁਪਏ ਈਐਮਡੀ: 89,844/- ਰੁਪਏ ਸਮਾਂ ਸੀਮਾ: 03 ਮਹੀਨੇ	16.05.2026 To 25.05.2026 upto 12.00 noon	25.05.2026 at 12.00 noon
	ਕਾਰਜਕਾਰੀ ਇੰਜੀਨੀਅਰ - ਸੜਕਾਂ ਡਿਵੀਜ਼ਨ ਨੰ. 2		
6.	ਸੈਕਟਰ 20ਬੀ, ਚੰਡੀਗੜ੍ਹ ਦੇ ਵੱਖ-ਵੱਖ ਪਾਰਕਾਂ ਦੇ ਆਲੇ-ਦੁਆਲੇ ਪੇਵਰ ਬਲਾਕਾਂ ਦੀ ਮੁਰੰਮਤ। ਅੰਦਾਜ਼ਨ ਲਾਗਤ: 41.22 ਲੱਖ ਰੁਪਏ ਬਿਆਨਾ ਰਕਮ: 82,431/- ਰੁਪਏ ਸਮਾਂ ਸੀਮਾ: 06 ਮਹੀਨੇ	18.05.2026 To 25.05.2026 upto 12.00 noon	25.05.2026 at 12.00 noon
7.	ਸੈਕਟਰ 29 ਏ, ਚੰਡੀਗੜ੍ਹ ਵਿੱਚ ਘਰਾਂ ਦੇ ਸਾਹਮਣੇ ਅਤੇ ਪਾਰਕਾਂ ਦੇ ਆਲੇ-ਦੁਆਲੇ ਪੇਵਰ ਬਲਾਕ/ਪੀਸੀਸੀ ਟਾਈਲਾਂ ਵਾਲੇ ਫੁੱਟਪਾਥ ਦਾ ਪੁਨਰ ਨਿਰਮਾਣ ਅੰਦਾਜ਼ਨ ਲਾਗਤ: 47.21 ਲੱਖ ਰੁਪਏ ਬਿਆਨਾ ਰਕਮ: 94,419/- ਰੁਪਏ ਸਮਾਂ ਸੀਮਾ: 04 ਮਹੀਨੇ	18.05.2026 To 25.05.2026 upto 12.00 noon	25.05.2026 at 12.00 noon
8.	ਸੈਕਟਰ 20-ਸੀ, ਚੰਡੀਗੜ੍ਹ ਦੇ ਵੱਖ-ਵੱਖ ਪਾਰਕਾਂ ਦੇ ਆਲੇ-ਦੁਆਲੇ ਪੇਵਰ ਬਲਾਕਾਂ ਦੀ ਮੁਰੰਮਤ। ਅੰਦਾਜ਼ਨ ਲਾਗਤ: 47.04 ਲੱਖ ਰੁਪਏ ਬਿਆਨਾ ਰਕਮ: 94,080/- ਰੁਪਏ ਸਮਾਂ ਸੀਮਾ: 04 ਮਹੀਨੇ	19.05.2026 To 26.05.2026 upto 12.00 noon	26.05.2026 at 12.00 noon
9.	ਚੰਡੀਗੜ੍ਹ ਦੇ ਸੈਕਟਰ - 45, V - 4 ਰੋਡ ਦੇ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਸਾਹਮਣੇ ਮੌਜੂਦਾ ਪੇਵਰ ਬਲਾਕ ਫੁੱਟਪਾਥ ਦੀ ਮੁਰੰਮਤ ਅਤੇ ਉੱਚਾਕਰਨ। ਅੰਦਾਜ਼ਨ ਲਾਗਤ: 29.97 ਲੱਖ ਰੁਪਏ ਸਮਾਂ ਸੀਮਾ: 03 ਮਹੀਨੇ ਬਿਆਨਾ ਰਕਮ: 59,952/- ਰੁਪਏ	19.05.2026 To 26.05.2026 upto 12.00 noon	26.05.2026 at 12.00 noon

ਨੋਟ:- 1) ਟੈਂਡਰ ਨੋਟਿਸ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਸਮੇਤ ਵੈੱਬਸਾਈਟ www.chandigarh.gov.in ਜਾਂ etenders.chd.nic.in 'ਤੇ ਉਪਲਬਧ/ਅੱਪਲੋਡ ਕੀਤਾ ਜਾ ਸਕਦਾ ਹੈ।

ਕਾਰਜਕਾਰੀ ਇੰਜੀਨੀਅਰ
ਬਾਗਬਾਨੀ ਡਿਵੀਜ਼ਨ. ਨੰ. 2, ਐਮ.ਸੀ. ਚੰਡੀਗੜ੍ਹ, ਰੋਡਜ਼ ਡਿਵੀਜ਼ਨ ਨੰ.1, ਕਮਰਾ ਨੰ.304, ਐਮ.ਸੀ. ਚੰਡੀਗੜ੍ਹ (ਓ) 0172-5021626 ਅਤੇ ਰੋਡਜ਼ ਡਿਵੀਜ਼ਨ ਨੰ.2, ਕਮਰਾ ਨੰ.304, ਐਮ.ਸੀ. ਚੰਡੀਗੜ੍ਹ

ਜਲਵਾਯੂ ਤਬਦੀਲੀ ਲਈ ਮਨੁੱਖ ਖ਼ੁਦ ਜ਼ਿੰਮੇਵਾਰ

ਡਾ. ਸੰਦੀਪ ਸਿੰਘ ਮੁੰਡੇ

ਲਗਾਤਾਰ ਵਧ ਰਹੇ ਤਾਪਮਾਨ ਨੇ ਕੇਵਲ ਮਨੁੱਖੀ ਜੀਵਨ ਨੂੰ ਹੀ ਨਹੀ, ਬਲਕਿ ਪੰਛੀਆਂ, ਜਾਨਵਰਾਂ ਅਤੇ ਬਨਸਪਤੀ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਲੰਘੇ ਸਰਦੀ ਦੇ ਮੌਸਮ ਵਿੱਚ ਮੀਹ ਨਾਂਹ ਦੇ ਬਰਾਬਰ ਪਿਆ। ਇੰਝ ਜਾਪਦਾ ਸੀ ਜਿਵੇਂ ਸਰਦੀਆਂ ਵਿੱਚ ਪੈਣ ਵਾਲਾ ਰਹਿਮਤ ਦਾ ਮੀਹ ਸਾਡੇ ਨਾਲ ਰੁੱਸ ਹੀ ਗਿਆ ਹੋਵੇ। ਖੇਤੀਬਾੜੀ ਲਈ ਇਹ ਬਾਰਸ਼ ਬੇਹੱਦ ਜ਼ਰੂਰੀ ਹੁੰਦੀ ਹੈ। ਜਦੋ ਲੰਬੇ ਸਮੇ ਤੱਕ ਬੱਦਲ ਨਹੀ ਵਰ੍ਹਦੇ ਤਾਂ ਕਿਸਾਨ ਆਸਮਾਨ ਵੱਲ ਟਿਕਟਿਕੀ ਲਗਾ ਕੇ ਸੋਚਣ ਲਈ ਮਜਬੂਰ ਹੋ ਜਾਂਦਾ ਹੈ ਕਿ ਕੁਦਰਤ ਦੇ ਇਸ ਬਦਲੇ ਮਿਜ਼ਾਜ ਦਾ ਕਾਰਨ ਕੀ ਹੈ? ਲੰਘੀ ਸਰਦੀ ਵਿੱਚ ਮੀਹ ਨਾ ਪੈਣ ਕਰਕੇ ਫ਼ਸਲਾਂ ਦਾ ਝਾੜ ਤਾਂ ਪ੍ਰਭਾਵਿਤ ਹੋਇਆ ਹੀ, ਪਰ ਬਾਅਦ ਵਿੱਚ ਕਈ ਥਾਵਾਂ 'ਤੇ ਹੋਈ ਬੇਮੌਸਮੀ ਬਾਰਸ਼ ਅਤੇ ਗੜ੍ਹੇਮਾਰੀ ਨੇ ਕਣਕ ਦੀ ਪੱਕੀ ਫ਼ਸਲ ਨੂੰ ਬਰਬਾਦ ਕਰਕੇ ਰੱਖ ਦਿੱਤਾ। ਹੁਣ ਭਾਵੇਂ ਮੁੜ ਮੀਹ ਪੈਣੇ ਸ਼ੁਰੂ ਹੋ ਗਏ ਹਨ, ਪਰ ਕਈ ਇਲਾਕਿਆਂ ਵਿੱਚ ਇੰਨੀ ਜ਼ਿਆਦਾ ਬਾਰਸ਼ ਅਤੇ ਗੜ੍ਹੇਮਾਰੀ ਹੋ ਰਹੀ ਹੈ ਕਿ ਇਸ ਨਾਲ ਫ਼ਾਇਦੇ ਨਾਲੋ ਨੁਕਸਾਨ ਵਧੇਰੇ ਹੋ ਰਿਹਾ ਹੈ। ਜੇਕਰ ਪਿਛਲਝਾਤ ਮਾਰੀ ਜਾਵੇ ਤਾਂ ਸਾਫ਼ ਮਹਿਸੂਸ ਹੁੰਦਾ ਹੈ ਕਿ ਬੀਤੇ ਕੁਝ ਸਾਲਾਂ ਤੋ ਮੌਸਮ ਬਹੁਤ ਤੇਜ਼ੀ ਨਾਲ ਬਦਲ ਰਿਹਾ ਹੈ। ਨਤੀਜੇ ਵਜੋ, ਹੁਣ ਬਹੁਤ ਜ਼ਿਆਦਾ ਠੰਢ ਅਤੇ ਬਹੁਤ ਜ਼ਿਆਦਾ ਗਰਮੀ ਪੈਣ ਲੱਗੀ ਹੈ- ਕਦੇ ਬੇਹਿਸਾਬ ਮੀਹ ਪੈਦਾ ਹੈ ਅਤੇ ਕਦੇ ਲੰਬਾ ਸੋਕਾ ਪੈ ਜਾਂਦਾ ਹੈ। ਇਸ ਅਣਕਿਆਸੇ ਬਦਲਾਅ ਕਾਰਨ ਧਰਤੀ 'ਤੇ ਰਹਿਣ ਵਾਲੇ ਮਨੁੱਖ, ਜੀਵ-ਜੰਤੂ, ਪੰਛੀ ਅਤੇ ਬਨਸਪਤੀ ਇਸ ਜਲਵਾਯੂ ਪਰਿਵਰਤਨ ਨਾਲ ਤਾਲਮੇਲ ਨਹੀ ਬਿਠਾ ਪਾ ਰਹੇ। ਇਸ ਜਲਵਾਯੂ ਪਰਿਵਰਤਨ ਦਾ ਮੁੱਖ ਕਾਰਨ 'ਗਲੋਬਲ ਵਾਰਮਿੰਗ' ਹੈ, ਜਿਸ ਦਾ ਸਰਲ ਅਰਥ ਹੈ- ਧਰਤੀ ਦੇ ਔਸਤ ਤਾਪਮਾਨ ਵਿੱਚ ਲਗਾਤਾਰ ਹੋ ਰਿਹਾ ਵਾਧਾ। ਕੁਝ ਕੁਦਰਤੀ ਕਾਰਨਾਂ ਅਤੇ ਜ਼ਿਆਦਾਤਰ ਮਨੁੱਖੀ ਗਤੀਵਿਧੀਆਂ ਕਰਕੇ ਧਰਤੀ ਦਾ ਤਾਪਮਾਨ ਨਿਰੰਤਰ ਵਧ ਰਿਹਾ ਹੈ। ਸ਼ਹਿਰਾਂ ਵੱਲ ਤੇਜ਼ੀ ਨਾਲ ਹੋ ਰਿਹਾ ਅੰਨ੍ਹੇਵਾਹ ਪਰਵਾਸ, ਉਦਯੋਗੀਕਰਨ, ਗੈਰ-ਯੋਜਨਾਬੱਧ ਵਿਕਾਸ ਅਤੇ ਵਾਹਨਾਂ ਦੀ ਗਿਣਤੀ ਵਿੱਚ ਬੇਤਹਾਸ਼ਾ ਵਾਧਾ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਅਤੇ ਗਲੋਬਲ ਵਾਰਮਿੰਗ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਇਸ ਦੇ ਨਾਲ ਹੀ ਰਸਾਇਣਿਕ ਪਦਾਰਥਾਂ, ਪ੍ਰਮਾਣੂ ਬੰਬਾਂ ਅਤੇ ਹਾਈਡ੍ਰੋਜਨ ਬੰਬਾਂ ਵਰਗੇ ਅਤਿ-ਵਿਨਾਸ਼ਕਾਰੀ ਹਥਿਆਰਾਂ ਦੀ ਅੰਨ੍ਹੀ ਦੌੜ ਨੇ ਮਨੁੱਖਤਾ, ਜਾਨਵਰਾਂ ਅਤੇ ਬਨਸਪਤੀ ਦੇ ਭਵਿੱਖ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਮੌਜੂਦਾ ਸਮੇ ਚੱਲ ਰਹੇ ਰੂਸ-ਯੂਕਰੇਨ ਅਤੇ ਇਜ਼ਰਾਈਲ-ਇਰਾਨ ਯੁੱਧ ਕਾਰਨ ਨਾ ਸਿਰਫ਼ ਮਨੁੱਖੀ ਜਾਨਾਂ ਦਾ ਘਾਣ ਹੋ ਰਿਹਾ ਹੈ, ਬਲਕਿ ਕੁਦਰਤ, ਵਾਤਾਵਰਣ ਅਤੇ ਬਨਸਪਤੀ ਨੂੰ ਵੀ ਅਜਿਹਾ ਨੁਕਸਾਨ ਪਹੁੰਚ ਰਿਹਾ ਹੈ ਜਿਸ ਦੀ ਭਰਪਾਈ ਅਸੰਭਵ ਹੈ। ਗਲੋਬਲ ਵਾਰਮਿੰਗ ਕਾਰਨ ਕੁਦਰਤ ਵਿੱਚ ਆ ਰਹੇ ਬਦਲਾਵਾਂ ਤੋਂ ਅੱਜ ਹਰ ਕੋਈ ਵਾਕਫ਼ ਹੈ। ਜਲਵਾਯੂ ਪਰਿਵਰਤਨ ਦਾ ਮਾੜ੍ਹ ਅਸਰ ਹੁਣ ਹਰ ਵਰਗ ਅਤੇ ਹਰ ਜੀਵ 'ਤੇ ਸਾਫ਼ ਦਿਖਾਈ ਦੇ ਰਿਹਾ ਹੈ। ਮੌਸਮ ਦੇ ਬਦਲਦੇ ਮਿਜ਼ਾਜ ਕਾਰਨ ਫ਼ਲਾਂ, ਅਨਾਜਾਂ ਅਤੇ ਫ਼ਸਲਾਂ ਦੀ ਉਤਪਾਦਕਤਾ ਲਗਾਤਾਰ ਘਟਦੀ ਜਾ ਰਹੀ ਹੈ। ਚਿੰਤਾ ਦੀ ਗੱਲ ਇਹ ਹੈ ਕਿ ਇਸ ਤਬਦੀਲੀ ਕਾਰਨ ਫ਼ਲਾਂ, ਸਬਜ਼ੀਆਂ, ਅਨਾਜ ਅਤੇ ਹੋਰ ਜਿਣਸਾਂ ਦਾ ਕੁਦਰਤੀ ਸੁਹਜ, ਸਵਾਦ, ਮਹਿਕ ਅਤੇ ਪੌਸ਼ਟਿਕ ਗੁਣ ਹੁਣ ਪਹਿਲਾਂ ਵਰਗੇ ਨਹੀ ਰਹੇ। ਗਲੋਬਲ ਵਾਰਮਿੰਗ ਦਾ ਸਭ ਤੋ ਘਾਤਕ ਪ੍ਰਭਾਵ ਸਿਹਤ 'ਤੇ ਪੈ ਰਿਹਾ ਹੈ, ਜਿਸ ਕਾਰਨ ਮਨੁੱਖ ਨਿੱਤ ਨਵੀਆਂ ਅਤੇ ਨਾਮੁਰਾਦ ਬਿਮਾਰੀਆਂ ਦੀ ਜਕੜ ਵਿੱਚ ਆ ਰਿਹਾ ਹੈ। ਇਸ ਵਾਤਾਵਰਣਕ ਸੰਕਟ ਕਾਰਨ ਜੀਵ-ਜੰਤੂਆਂ ਅਤੇ ਬਨਸਪਤੀ ਦੀਆਂ ਕਈ ਦੁਰਲੱਭ ਪ੍ਰਜਾਤੀਆਂ ਦੀ ਹੋਂਦ ਹੀ ਖ਼ਤਰੇ ਵਿੱਚ ਪੈ ਗਈ ਹੈ। ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੁਦਰਤ ਨਾਲ ਹੋ ਰਹੇ ਇਸ ਖਿਲਵਾੜ ਲਈ ਆਖ਼ਰ ਜ਼ਿੰਮੇਵਾਰ ਕੌਣ ਹੈ? ਇਸ ਦਾ ਸਿੱਧਾ ਤੇ ਸਪੱਸ਼ਟ ਉੱਤਰ ਹੈ- ਮਨੁੱਖ। ਮਨੁੱਖ ਨੇ ਆਧੁਨਿਕਤਾ ਅਤੇ ਸ਼ਹਿਰੀਕਰਨ ਦੀ ਅੰਨ੍ਹੀ ਦੌੜ ਵਿੱਚ ਹਰੇ-ਭਰੇ ਦਰੱਖਤਾਂ ਦਾ ਬੇਦਰਦੀ ਨਾਲ ਉਜਾੜਾ ਕੀਤਾ ਹੈ। ਲਗਾਤਾਰ ਵਧ ਰਹੀ ਆਬਾਦੀ ਦੀਆਂ ਰਿਹਾਇਸ਼ੀ ਲੋੜਾਂ ਨੂੰ ਪੂਰਾ ਕਰਨ ਲਈ ਜੰਗਲਾਂ ਨੂੰ ਕੰਕਰੀਟ ਦੇ ਜੰਗਲਾਂ ਵਿੱਚ ਬਦਲਿਆ ਜਾ ਰਿਹਾ ਹੈ। ਖੇਤੀਬਾੜੀ ਵਿੱਚ ਵੱਧ ਪੈਦਾਵਾਰ ਲੈਣ ਦੀ ਹਵਸ ਨੇ ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਅੰਨ੍ਹੀ ਵਰਤੋ ਨੂੰ ਉਤਸ਼ਾਹਿਤ ਕੀਤਾ ਹੈ, ਜਿਸ ਨੇ ਉਪਜਾਊ ਧਰਤੀ ਨੂੰ ਜ਼ਹਿਰੀਲੀ ਬਣਾ ਦਿੱਤਾ ਹੈ। ਉਦਯੋਗੀਕਰਨ ਅਤੇ ਮੁਨਾਫ਼ਾਖ਼ੋਰੀ ਦੇ ਇਸ ਦੌਰ ਵਿੱਚ ਮਨੁੱਖ ਨੇ ਪਾਣੀ ਦੇ ਕੁਦਰਤੀ ਸੋਮਿਆਂ ਨੂੰ ਬੁਰੀ ਤਰ੍ਹਾਂ ਗੰਧਲਾ ਕਰ ਦਿੱਤਾ ਹੈ। ਸਾਡੇ ਦਰਿਆਵਾਂ ਦਾ ਜੋ ਸ਼ੁੱਧ ਤੇ ਮਿੱਠਾ ਪਾਣੀ ਕਦੇ ਜੀਵਨ ਦਾ ਆਧਾਰ ਹੁੰਦਾ ਸੀ, ਉਹ ਅੱਜ ਖ਼ੁਦ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਵੰਡ ਰਿਹਾ ਹੈ। ਸੜਕਾਂ ਚੌੜੀਆਂ ਕਰਨ ਅਤੇ ਨਹਿਰਾਂ ਨੂੰ ਪੱਕਾ ਕਰਨ ਦੇ ਨਾਂ 'ਤੇ ਲੱਖਾਂ ਰੁੱਖਾਂ ਦੀ ਬਲੀ ਦਿੱਤੀ ਜਾ ਰਹੀ ਹੈ। ਵਿਕਾਸ ਦੇ ਨਾਂ 'ਤੇ ਕੁਦਰਤੀ ਪਹਾੜਾਂ ਨਾਲ ਕੀਤੀ ਜਾ ਰਹੀ ਬੇਲੋੜੀ ਛੇੜਛਾੜ ਕਾਰਨ ਧਰਤੀ ਦਾ ਵਾਤਾਵਰਣਕ ਸੰਤੁਲਨ ਵਿਗੜ ਰਿਹਾ ਹੈ। ਸਮੁੱਚੇ ਰੂਪ ਵਿੱਚ ਦੇਖਿਆ ਜਾਵੇ ਤਾਂ ਮਨੁੱਖ ਨੇ ਕੁਦਰਤ ਦਾ ਅਜਿਹਾ ਕੋਈ ਹਿੱਸਾ ਨਹੀ ਛੱਡਿਆ, ਜਿੱਥੇ ਉਸ ਨੇ ਆਪਣੀ ਸਵਾਰਥੀ ਘੁਸਪੈਠ ਨਾ ਕੀਤੀ ਹੋਵੇ। ਗਲੋਬਲ ਵਾਰਮਿੰਗ ਦੇ ਮਾੜ੍ਹ ਪ੍ਰਭਾਵ ਹੁਣ ਪੂਰੀ ਤਰ੍ਹਾਂ ਸਾਡੇ ਸਾਹਮਣੇ ਆਉਣ ਲੱਗੇ ਹਨ। ਧਰਤੀ ਦਾ ਜਲਵਾਯੂ ਚੱਕਰ ਤੇਜ਼ੀ ਨਾਲ ਬਦਲ ਰਿਹਾ ਹੈ; ਗਰਮੀ, ਸਰਦੀ ਅਤੇ ਬਰਸਾਤ ਦਾ ਰਵਾਇਤੀ ਸਮਾਂ ਅਤੇ ਮਿਜ਼ਾਜ ਪੂਰੀ ਤਰ੍ਹਾਂ ਗੜਬੜਾ ਚੁੱਕਾ ਹੈ। ਇਸ ਦਾ ਪ੍ਰਤੱਖ ਪ੍ਰਭਾਵ ਗਲੇਸ਼ੀਅਰਾਂ ਦੇ ਨਿਰੰਤਰ ਪਿਘਲਣ, ਬਰਫ਼ੀਲੇ ਖੇਤਰਾਂ ਦੇ ਸੁੰਗੜਨ, ਮੌਨਸੂਨ ਦੇ ਬਦਲਦੇ ਪੈਟਰਨ, ਸਮੁੰਦਰੀ ਪੱਧਰ ਦੇ ਵਧਣ, ਵਾਤਾਵਰਣ ਪ੍ਰਣਾਲੀ ਵਿੱਚ ਆ ਰਹੀ ਖ਼ਤਰਨਾਕ ਤਬਦੀਲੀ ਅਤੇ ਲੂ ਦੀਆਂ ਮਾੜ੍ਹ ਲਹਿਰਾਂ ਦੇ ਰੂਪ ਵਿੱਚ ਦੇਖਿਆ ਜਾ ਸਕਦਾ ਹੈ। ਅਜੋਕੇ ਦੌਰ ਵਿੱਚ ਮਨੁੱਖੀ ਜੀਵਨ ਦੀਆਂ ਵਧਦੀਆਂ ਸੁਖ-ਸਹੂਲਤਾਂ ਅਤੇ ਐਸ਼ੋ-ਆਰਾਮ ਦੀ ਭੁੱਖ ਨੇ ਸਾਡੀਆਂ ਲੋੜਾਂ ਨੂੰ ਬੇਅੰਤ ਵਧਾ ਦਿੱਤਾ ਹੈ। ਇਨ੍ਹਾਂ ਅੰਨ੍ਹੀਆਂ ਲੋੜਾਂ ਨੂੰ ਪੂਰਾ ਕਰਨ ਦੀ ਦੌੜ ਵਿੱਚ ਅਸੀ ਕੁਦਰਤ ਵੱਲੋ ਮੂੰਹ ਮੋੜ ਲਿਆ ਹੈ ਅਤੇ ਇਸ ਨਾਲ ਖਿਲਵਾੜ ਕਰਨ 'ਤੇ ਬਜ਼ਿੱਦ ਹਾਂ।

ਜੇਕਰ ਅਸੀ ਕੁਦਰਤ ਨਾਲ ਇਹ ਬੇਇਨਸਾਫ਼ੀ ਤੁਰੰਤ ਬੰਦ ਨਾ ਕੀਤੀ, ਤਾਂ ਉਹ ਦਿਨ ਦੂਰ ਨਹੀ ਜਦੋ ਭਵਿੱਖ ਵਿੱਚ ਸਾਡੇ ਕੋਲ ਪੀਣ ਲਈ ਸ਼ੁੱਧ ਪਾਣੀ ਅਤੇ ਖਾਣ ਲਈ ਸਾਫ਼-ਸੁਥਰਾ ਭੋਜਨ ਤਾਂ ਕੀ, ਸਾਹ ਲੈਣ ਲਈ ਸ਼ੁੱਧ ਹਵਾ ਵੀ ਨਸੀਬ ਨਹੀ ਹੋਵੇਗੀ। ਬੇਸ਼ੱਕ ਕੁਦਰਤ ਬਹੁਤ ਦਿਆਲੂ ਹੈ, ਇਹ ਇੱਕ ਹੱਦ ਤੱਕ ਮਨੁੱਖੀ ਗ਼ਲਤੀਆਂ ਨੂੰ ਬਰਦਾਸ਼ਤ ਕਰਦੀ ਹੈ ਅਤੇ ਸਭ ਜੀਵਾਂ ਨੂੰ ਬਰਾਬਰ ਸਮਝ ਕੇ ਵਿਹਾਰ ਕਰਦੀ ਹੈ। ਕੁਦਰਤ ਕਦੇ ਕਿਸੇ ਨਾਲ ਵਿਤਕਰਾ ਨਹੀ ਕਰਦੀ, ਪਰ ਜਦੋ ਇਸ ਦੇ ਸਬਰ ਦਾ ਬੰਨ੍ਹ ਟੁੱਟਦਾ ਹੈ ਤਾਂ ਵਿਨਾਸ਼ ਅਟੱਲ ਹੋ ਜਾਂਦਾ ਹੈ। ਇਸ ਭਿਆਨਕ ਸੰਕਟ ਤੋ ਬਚਣ ਲਈ ਸਾਨੂੰ ਅੱਜ ਹੀ ਸੁਚੇਤ ਹੋਣ ਦੀ ਲੋੜ ਹੈ। ਅਸੀ ਵੱਧ ਤੋ ਵੱਧ ਰੁੱਖ ਲਗਾ ਕੇ ਅਤੇ ਉਨ੍ਹਾਂ ਦੀ ਪੁੱਤਰਾਂ ਵਾਂਗ ਪਰਵਰਿਸ਼ ਕਰਕੇ ਕੁਦਰਤ ਨੂੰ ਬਚਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾ ਸਕਦੇ ਹਾਂ। ਅੱਜ ਸਾਨੂੰ ਸਾਰਿਆਂ ਨੂੰ ਆਤਮ-ਚਿੰਤਨ ਕਰਨ ਦੀ ਲੋੜ ਹੈ ਕਿ ਸਾਡਾ ਫ਼ਰਜ਼ ਕੁਦਰਤ ਦੀ ਸੰਭਾਲ ਕਰਨਾ ਹੈ ਜਾਂ ਆਪਣੇ ਸਵਾਰਥ ਲਈ ਇਸ ਦਾ ਉਜਾੜਾ ਕਰਨਾ? ਇਸ ਸਵਾਲ ਦਾ ਸਹੀ ਜਵਾਬ ਹੀ ਮਨੁੱਖਤਾ ਦੇ ਸੁਨਹਿਰੀ ਭਵਿੱਖ ਦੀ ਤਕਦੀਰ ਤੈਅ ਕਰੇਗਾ।

ਸੁਰਜੀਤ ਸਿੰਘ ਰੱਖੜਾ ਪੰਜਾਬ ਦੀ ਸਿਆਸਤ ਦਾ ਸੰਤੁਲਿਤ, ਸੂਝਵਾਨ ਅਤੇ ਲੋਕਾਂ ਨਾਲ ਜੁੜਿਆ ਹੋਇਆ ਚਿਹਰਾ

ਵਿੰਕਲਜੀਤ ਸਿੰਘ ਸਰਾ
9501477889

ਪੰਜਾਬ ਦੀ ਸਿਆਸਤ ਵਿੱਚ ਕਈ ਅਜਿਹੇ ਆਗੂ ਹੋਏ ਹਨ, ਜਿਨ੍ਹਾਂ ਨੇ ਸਿਰਫ਼ ਸੱਤਾ ਹਾਸਲ ਕਰਨ ਲਈ ਰਾਜਨੀਤੀ ਨਹੀ ਕੀਤੀ, ਸਗੋ ਲੋਕ-ਸੇਵਾ ਨੂੰ ਆਪਣਾ ਮੁੱਖ ਮੰਤਵ ਬਣਾਇਆ। ਇਨ੍ਹਾਂ ਚੋਣਵੇ ਅਤੇ ਪ੍ਰਭਾਵਸ਼ਾਲੀ ਆਗੂਆਂ ਦੀ ਸੂਚੀ ਵਿੱਚ ਸੁਰਜੀਤ ਸਿੰਘ ਰੱਖੜਾ ਦਾ ਨਾਮ ਬੜੇ ਅਦਬ ਅਤੇ ਸਤਿਕਾਰ ਨਾਲ ਲਿਆ ਜਾਂਦਾ ਹੈ। ਪਟਿਆਲਾ ਜ਼ਿਲ੍ਹੇ ਦੇ ਪਿੰਡ ਰੱਖੜਾ ਤੋ ਉੱਠ ਕੇ ਪੰਜਾਬ ਦੀ ਕੈਬਨਿਟ ਤੱਕ ਦਾ ਸਫ਼ਰ ਤੈਅ ਕਰਨ ਵਾਲੇ ਸੁਰਜੀਤ ਸਿੰਘ ਰੱਖੜਾ ਨੇ ਰਾਜਨੀਤੀ ਨੂੰ ਇੱਕ ਨਵੀ ਪਰਿਭਾਸ਼ਾ ਦਿੱਤੀ ਹੈ। ਉਨ੍ਹਾਂ ਦੀ ਸਿਆਸੀ ਯਾਤਰਾ ਸਿਰਫ਼ ਚੋਣਾਂ ਜਿੱਤਣ ਜਾਂ ਹਾਰਨ ਤੱਕ ਸੀਮਿਤ ਨਹੀ ਰਹੀ, ਸਗੋ ਇਹ ਲੋਕਾਂ ਦੇ ਵਿਸ਼ਵਾਸ ਨੂੰ ਜਿੱਤਣ ਅਤੇ ਉਸ ਨੂੰ ਬਰਕਰਾਰ ਰੱਖਣ ਦੀ ਇੱਕ ਲੰਬੀ ਦਾਸਤਾਨ ਹੈ। ਅੱਜ ਦੇ ਦੌਰ ਵਿੱਚ, ਜਦੋ ਸਿਆਸਤ ਵਿੱਚ ਸ਼ੋਰ-ਸ਼ਰਾਬਾ ਅਤੇ ਤਿੱਖੀ ਬਿਆਨਬਾਜ਼ੀ ਭਾਰੂ ਹੈ, ਰੱਖੜਾ ਦੀ ਸ਼ਾਂਤ ਅਤੇ ਗੰਭੀਰ ਸ਼ਖਸੀਅਤ ਉਨ੍ਹਾਂ ਨੂੰ ਭੀੜ ਵਿੱਚੋ ਅਲੱਗ ਕਰਦੀ ਹੈ।

ਸਿਆਸੀ ਪਿਛੋਕੜ ਅਤੇ ਰੱਖੜਾ ਪਰਿਵਾਰ ਦੀ ਵਿਰਾਸਤ : ਸੁਰਜੀਤ ਸਿੰਘ ਰੱਖੜਾ ਦਾ ਸਿਆਸੀ ਅਤੇ ਸਮਾਜਿਕ ਅਧਾਰ ਉਨ੍ਹਾਂ ਦੇ ਪਰਿਵਾਰਕ ਪਿਛੋਕੜ ਵਿੱਚ ਛਿਪਿਆ ਹੋਇਆ ਹੈ। ਰੱਖੜਾ ਪਰਿਵਾਰ ਦਾ ਨਾਮ ਸਿਰਫ਼ ਪੰਜਾਬ ਜਾਂ ਭਾਰਤ ਵਿੱਚ ਹੀ ਨਹੀ, ਸਗੋ ਅੰਤਰਰਾਸ਼ਟਰੀ ਪੱਧਰ 'ਤੇ ਵੀ ਜਾਣਿਆ ਜਾਂਦਾ ਹੈ। ਉਨ੍ਹਾਂ ਦੇ ਭਰਾਵਾਂ ਨੇ ਅਮਰੀਕਾ ਵਰਗੇ ਦੇਸ਼ਾਂ ਵਿੱਚ ਵਪਾਰਕ ਖੇਤਰ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ, ਪਰ ਆਪਣੀ ਧਰਤੀ ਨਾਲ ਮੋਹ ਉਨ੍ਹਾਂ ਨੂੰ ਹਮੇਸ਼ਾ ਪੰਜਾਬ ਵੱਲ ਖਿੱਚ ਕੇ ਲਿਆਉਂਦਾ ਰਿਹਾ। ਰੱਖੜਾ ਪਰਿਵਾਰ ਨੇ ਪਿੰਡ ਰੱਖੜਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਿੱਖਿਆ, ਖੇਡਾਂ ਅਤੇ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਜਿਹੜਾ ਯੋਗਦਾਨ ਪਾਇਆ ਹੈ, ਉਹ ਬੇਮਿਸਾਲ ਹੈ। ਇਸੇ ਸੇਵਾ ਭਾਵਨਾ ਨੇ ਸੁਰਜੀਤ ਸਿੰਘ ਰੱਖੜਾ ਲਈ ਰਾਜਨੀਤੀ ਦੀ ਜ਼ਮੀਨ ਤਿਆਰ ਕੀਤੀ। ਉਨ੍ਹਾਂ ਨੂੰ ਰਾਜਨੀਤੀ ਵਿਰਸੇ ਵਿੱਚ ਮਿਲੀ ਹੋ ਸਕਦੀ ਹੈ, ਪਰ ਉਨ੍ਹਾਂ ਨੇ ਇਸ ਵਿਰਾਸਤ ਨੂੰ ਆਪਣੀ ਮਿਹਨਤ ਅਤੇ ਨਿਮਰਤਾ ਨਾਲ ਹੋਰ ਵੀ ਅਮੀਰ ਕੀਤਾ ਹੈ।

ਸਿਆਸੀ ਸਫ਼ਰ ਅਤੇ ਸਮਾਣਾ ਹਲਕੇ ਨਾਲ ਗੂੜ੍ਹਾ ਸਬੰਧ : ਸੁਰਜੀਤ ਸਿੰਘ ਰੱਖੜਾ ਦੀ ਰਾਜਨੀਤੀ ਦਾ ਕੇਂਦਰ ਬਿੰਦੂ ਹਮੇਸ਼ਾ 'ਸਮਾਣਾ' ਹਲਕਾ ਰਿਹਾ ਹੈ। ਉਨ੍ਹਾਂ ਨੇ ਇਸ ਖੇਤਰ ਨੂੰ ਆਪਣੇ ਪਰਿਵਾਰ ਵਾਂਗ ਸੰਭਾਲਿਆ। ਪੰਜਾਬ ਦੀ ਰਾਜਨੀਤੀ ਵਿੱਚ ਇਹ ਅਕਸਰ ਦੇਖਿਆ ਜਾਂਦਾ ਹੈ ਕਿ ਆਗੂ ਜਿੱਤਣ ਤੋ ਬਾਅਦ ਆਪਣੇ ਹਲਕੇ ਤੋਂ ਦੂਰ ਹੋ ਜਾਂਦੇ ਹਨ, ਪਰ ਰੱਖੜਾ ਨੇ ਕਦੇ ਅਜਿਹਾ ਨਹੀ ਕੀਤਾ। ਚਾਹੇ ਉਹ ਸੱਤਾ ਵਿੱਚ ਰਹੇ ਜਾਂ ਵਿਰੋਧੀ ਧਿਰ ਵਿੱਚ, ਸਮਾਣਾ ਦੇ ਲੋਕਾਂ ਲਈ ਉਨ੍ਹਾਂ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਰਹੇ। ਉਨ੍ਹਾਂ ਨੇ ਪਿੰਡਾਂ ਦੀਆਂ ਗਲੀਆਂ-ਨਾਲੀਆਂ ਤੋ ਲੈ ਕੇ ਵੱਡੇ ਪ੍ਰੋਜੈਕਟਾਂ ਤੱਕ, ਹਰ ਕੰਮ ਵਿੱਚ ਨਿੱਜੀ ਦਿਲਚਸਪੀ ਲਈ। ਉਨ੍ਹਾਂ ਦੀ ਮਜ਼ਬੂਤ ਪਕੜ ਦਾ ਅੰਦਾਜ਼ਾ ਇਸ ਗੱਲ ਤੋ ਲਗਾਇਆ ਜਾ ਸਕਦਾ ਹੈ ਕਿ ਵਿਰੋਧੀ ਪਾਰਟੀਆਂ ਨੂੰ ਵੀ ਸਮਾਣਾ ਵਿੱਚ ਉਨ੍ਹਾਂ ਦੇ ਖਿਲਾਫ ਰਣਨੀਤੀ ਬਣਾਉਣ ਲਈ ਕਾਫ਼ੀ ਮੁਸ਼ੱਕਤ ਕਰਨੀ ਪੈਂਦੀ ਹੈ। ਉਨ੍ਹਾਂ ਨੇ ਸਿਆਸਤ ਨੂੰ ਸਿਰਫ਼ ਵੋਟਾਂ ਦਾ ਗਣਿਤ ਨਹੀ ਸਮਝਿਆ, ਸਗੋ ਲੋਕਾਂ ਦੇ ਦੁੱਖ-ਸੁੱਖ ਦਾ ਹਿੱਸਾ ਬਣਨ ਨੂੰ ਪਹਿਲ ਦਿੱਤੀ।

ਨਿਮਰਤਾ ਅਤੇ ਸੰਤੁਲਿਤ ਸ਼ਖਸੀਅਤ ਦੇ ਮਾਲਕ : ਜੇਕਰ ਸੁਰਜੀਤ ਸਿੰਘ ਰੱਖੜਾ ਦੀ ਸਭ ਤੋ ਵੱਡੀ ਖੂਬੀ ਦੀ ਗੱਲ ਕੀਤੀ ਜਾਵੇ, ਤਾਂ ਉਹ ਹੈ ਉਨ੍ਹਾਂ ਦੀ ਨਿਮਰਤਾ। ਅਕਸਰ ਦੇਖਿਆ ਜਾਂਦਾ ਹੈ ਕਿ ਸਿਆਸਤਦਾਨ ਅਹੁਦਾ ਮਿਲਣ ਤੋ ਬਾਅਦ ਹੰਕਾਰੀ ਹੋ ਜਾਂਦੇ ਹਨ, ਪਰ ਰੱਖੜਾ ਦੇ ਸੁਭਾਅ ਵਿੱਚ ਕੋਈ ਤਬਦੀਲੀ ਨਹੀ ਆਈ। ਉਹ ਇੱਕ ਅਜਿਹੇ ਆਗੂ ਹਨ ਜੋ ਹਰ ਵਰਗ ਦੇ ਵਿਅਕਤੀ ਨਾਲ ਬੜੇ ਸਤਿਕਾਰ ਨਾਲ ਮਿਲਦੇ ਹਨ। ਉਨ੍ਹਾਂ ਦੀ ਗੱਲਬਾਤ ਵਿੱਚ ਇੱਕ ਠਹਿਰਾਅ ਹੈ ਅਤੇ ਉਹ ਦੂਜੇ ਦੀ ਗੱਲ ਬਹੁਤ ਧੀਰਜ ਨਾਲ ਸੁਣਦੇ ਹਨ। ਇਹੀ ਕਾਰਨ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਵਿੱਚ ਉਨ੍ਹਾਂ ਨੂੰ 'ਆਪਣਾ ਆਗੂ' ਮੰਨਿਆ ਜਾਂਦਾ ਹੈ। ਰਾਜਨੀਤੀ ਵਿੱਚ ਦੋਸਤ ਬਣਾਉਣੇ ਸੌਖੇ ਹਨ, ਪਰ ਵਿਰੋਧੀਆਂ ਦਾ ਦਿਲ ਜਿੱਤਣਾ ਔਖਾ ਹੈ; ਰੱਖੜਾ ਨੇ ਆਪਣੀ ਸ਼ਖਸੀਅਤ ਨਾਲ ਇਹ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਨੇ ਕਦੇ ਵੀ ਆਪਣੇ ਸਿਆਸੀ ਵਿਰੋਧੀਆਂ ਬਾਰੇ

ਦੋ ਦੁਕਾਨਦਾਰਾਂ ਵਿੱਚ ਝਗੜਾ, ਪੁਰਾਣੀ ਰੰਜਿਸ਼, ਪੇਚਕਸ ਨਾਲ ਕੀਤਾ ਲਹੂ ਲੁਹਾਣ

ਬਟਾਲਾ,15 ਮਈ (ਸੁਖਦੇਵ ਸਿੰਘ ਰੰਧਾਵਾ ਬਲਵੀਰ ਸੋਹਲ): ਫਤਿਹਗੜ੍ਹ ਚੂੜੀਆਂ ਕਸਬੇ ਦੇ ਭੀੜ ਭੜੱਕ ਵਾਲੇ ਬਾਜ਼ਾਰ ਵਿੱਚ ਉਸ ਵਕਤ ਸਨਸਨੀ ਫੈਲ ਗਈ ਜਦੋਂ ਦੋ ਦੁਕਾਨਦਾਰਾਂ ਵਿੱਚ ਪੁਰਾਣੇ ਰੰਜਿਸ਼ ਨੂੰ ਲੈ ਕੇ ਝਗੜਾ ਹੋ ਗਿਆ। ਇਸ ਝਗੜੇ ਦੌਰਾਨ ਸੁਵਿੰਦਰ ਸਿੰਘ ਪੁੱਤਰ ਮੱਖਣ ਸਿੰਘ ਨੇ ਕੋਈ ਵੀ ਕਾਰਨ ਨਾ ਦੱਸਦਿਆਂ ਹੋਇਆਂ ਮਲੂਕ ਸਿੰਘ ਪੁੱਤਰ ਬਲਬੀਰ ਸਿੰਘ ਨੂੰ ਪੇਚਕਸ ਨਾਲ ਬੁਰੀ ਤਰ੍ਹਾਂ ਜ਼ਖਮੀ ਕਰ ਦਿੱਤਾ। ਜੋ ਕਿ ਇਸ ਵਕਤ ਹਸਪਤਾਲ ਜੇਰੇ ਇਲਾਜ ਹੈ।ਮਲੂਕ ਸਿੰਘ ਪੁੱਤਰ ਬਲਬੀਰ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹਨਾਂ ਦਾ ਪਹਿਲਾ ਹੀ ਦੁਕਾਨ ਨੂੰ ਲੈ ਕੇ ਆਪਸ ਵਿੱਚ ਖੈਹਬਾਜ਼ੀ ਚਲਦੀ ਸੀ। ਜੋ ਕਿ ਮੈਂ ਪਹਿਲਾਂ ਦੁਕਾਨ ਲਈ ਸੀ ਉਸ ਨੂੰ ਕਿਸੇ

ਹੋਰ ਪਾਰਟੀ ਨੂੰ ਵੇਚ ਦਿੱਤਾ, ਇਸੇ ਕਰਕੇ ਸੁਵਿੰਦਰ ਸਿੰਘ ਪੁੱਤਰ ਮੱਖਣ ਸਿੰਘ ਖਾਰ ਖਾਂਦਾ ਸੀ ਤੇ ਅੱਜ ਬਿਨਾਂ ਕਿਸੇ ਗੱਲ ਤੋਂ ਮੇਰੇ ਨਾਲ ਝਗੜਾ ਕੀਤਾ ਅਤੇ ਪੇਚਕਸ ਨਾਲ ਮੇਰੇ ਸਰੀਰ ਤੇ ਕਾਫੀ ਵਾਰ ਕੀਤੇ ਜਿਸ ਨਾਲ ਮੈਂ ਲਹੂ ਲੁਹਾਨ ਹੋ ਗਿਆ ਤੇ ਥਾਣੇ ਵਿੱਚ ਰਿਪੋਰਟ ਦਰਜ ਕਰਾਉਣ ਲਈ ਗਿਆ ਤੇ ਉਹਨਾਂ ਵੱਲੋਂ ਮੈਨੂੰ ਹਸਪਤਾਲ ਦਾਖਲ ਹੋਣ ਲਈ ਕਿਹਾ। ਮਲੂਕ ਸਿੰਘ ਨੇ ਦੱਸਿਆ ਕਿ ਐਮ ਐਲ ਆਰ ਜੋ ਕਿ ਥਾਣੇ ਵਿੱਚ ਪਹੁੰਚ ਚੁੱਕੀ ਹੈ। ਇਸ ਮੁਤਾਬਕ ਜਦੋਂ ਹੋਈ ਵਾਰਦਾਤ ਨੂੰ ਲੈ ਕੇ ਇੰਸਪੈਕਟਰ ਬਲਜੀਤ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਕਿਹਾ ਕਿ ਐਮ ਐਲ ਆਰ ਆ ਗਈ ਹੈ ਮੁੱਦਈ ਮਲੂਕ ਸਿੰਘ ਜੋ ਬਿਆਨ ਦੇਵੇਗਾ ਉਸ ਦੇ ਆਧਾਰ ਤੇ ਆਰੋਪੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਜ਼ੋਨਲ ਲੈਵਲ ਸ਼ਤਰੰਜ ਟੂਰਨਾਮੈਂਟ ਵਿੱਚੋਂ ਐੱਚ.ਆਰ. ਏ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਮੱਲਾਂ ਮਾਰੀਆਂ

ਗੁਰਦਾਸਪੁਰ, 15 ਮਈ (ਜਸਵਿੰਦਰ ਸਿੰਘ): 30 ਅਪ੍ਰੈਲ ਸੇਂਟ ਫਰਾਂਸਿਸ ਸਕੂਲ ਬਟਾਲੇ ਵਿਖੇ ਜ਼ੋਨਲ ਲੈਵਲ ਸ਼ਤਰੰਜ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਇਸ ਟੂਰਨਾਮੈਂਟ ਵਿੱਚ ਐੱਚ. ਆਰ.ਏ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ ਜਿਨ੍ਹਾਂ ਵਿੱਚੋਂ ਅੰਡਰ 19 ਲੜਕਿਆਂ ਦੀ ਕੈਟਾਗਰੀ ਵਿੱਚੋਂ ਬਾਰ੍ਹਵੀਂ ਕਲਾਸ ਦੇ ਪਾਹੁਲਵੀਰ ਸਿੰਘ, ਨੌਵੀਂ ਕਲਾਸ ਦੇ ਮਨਹਰ ਅਤਰੀ ਤੇ ਦਸਵੀਂ ਕਲਾਸ ਦੇ ਆਰਵ ਉੱਪਲ ਆਦਿ ਨੇ ਤੀਸਰਾ ਸਥਾਨ ਅਤੇ ਕਾਂਸੇ ਦੇ ਮੈਡਲ ਹਾਸਲ ਕੀਤੇ ਇਸ ਤੋਂ ਇਲਾਵਾ ਨੌਵੀਂ



ਕਲਾਸ ਦੇ ਪ੍ਰਭਖੇਲ ਸਿੰਘ, ਦਸਵੀਂ ਕਲਾਸ ਦੇ ਅਕਰਸ਼ ਕੁਮਾਰ ਅਤੇ ਅੱਠਵੀਂ ਕਲਾਸ ਦੇ ਮੌਲਿਕ ਮਹਾਜਨ ਆਦਿ ਵਿਦਿਆਰਥੀਆਂ ਨੇ ਸ਼ਤਰੰਜ ਟੂਰਨਾਮੈਂਟ ਵਿੱਚ ਪਾਰਟੀਸਪੇਟ ਕੀਤਾ ਵਿਦਿਆਰਥੀਆਂ ਦੀ ਇਸ ਵਧੀਆ ਉਪਲੱਬਧੀ ਤੋਂ ਖ਼ੁਸ਼ ਹੋ ਕੇ ਸਕੂਲ ਦੇ ਚੇਅਰਮੈਨ ਸ੍ਰੀਮਾਨ ਹੀਰਾਮਨੀ ਅਗਰਵਾਲ, ਡਾਇਰੈਕਟਰ ਸ੍ਰੀਮਾਨ ਸੱਤਿਆ ਸੇਨ ਅਗਰਵਾਲ, ਆਂਚਲ ਅਗਰਵਾਲ, ਨੀਲੋਫ਼ਰ, ਪ੍ਰਿੰਸੀਪਲ ਸਤੀਸ਼ ਕੁਮਾਰ ਤੇ ਨਵਦੀਪ ਕੌਰ ਜੀ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਰਮਨ ਸਰ ਨੂੰ ਬਹੁਤ-ਬਹੁਤ ਵਧਾਈਆਂ ਦਿੱਤੀਆਂ।

ਖ਼ਾਲਸਾ ਕਾਲਜੀਏਟ ਸਕੂਲ ਦਾ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਚੌਕ ਮਹਿਤਾ, 15 ਮਈ (ਬਲਜਿੰਦਰ ਸਿੰਘ ਰੰਧਾਵਾ): ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਦੇ ਨਤੀਜਿਆਂ ਵਿੱਚ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ। ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਚੌਕ ਦੇ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਦੇ ਵਿਦਿਆਰਥੀਆਂ ਨੇ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ। ਸਾਰੇ ਵਿਦਿਆਰਥੀਆਂ ਦੀ ਮਿਹਨਤ ਸਲਾਘਾਯੋਗ ਰਹੀ। ਮੈਡੀਕਲ ਸਟਰੀਮ ਵਿੱਚੋਂ ਸ਼ੁਭਨੀਤ ਕੌਰ, ਮਨਸੁਖਵਿੰਦਰ ਸਿੰਘ, ਸ਼ਿਵਪ੍ਰਤਾਪ ਸਿੰਘ, ਨਾਨ ਮੈਡੀਕਲ ਦੇ ਨਵਰਾਜ ਸਿੰਘ, ਜੁਗਰਾਜ ਸਿੰਘ, ਪਰਮਪ੍ਰੀਤ ਸਿੰਘ ਅਰੁਣਪ੍ਰੀਤ ਸਿੰਘ, ਕਾਮਰਸ ਦੀ ਸੰਦੀਪ ਕੌਰ, ਨਵਜੀਤ ਕੌਰ, ਰਵਜੋਤ ਸਿੰਘ, ਆਰਟਸ ਵਿੱਚੋਂ ਮਨਪ੍ਰੀਤ ਕੌਰ, ਰਮਨੀਕ ਸਿੰਘ, ਯੁਵਰਾਜ

ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਰਦਾਰ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕਦੇ ਸਿਤਾਰਿਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਵਿਦਿਆਰਥੀਆਂ ਦੀ ਅਥੱਕ ਮਿਹਨਤ ਅਤੇ ਅਧਿਆਪਕਾਂ ਦੀ ਨਿਸ਼ਠਾ ਨੇ ਇਸ ਸਫਲਤਾ ਨੂੰ ਸੰਭਵ ਬਣਾਇਆ ਹੈ ।ਇਹ ਨਤੀਜੇ ਸਾਬਿਤ ਕਰਦੇ ਹਨ ਕਿ ਲਗਨ ਤੇ ਸੱਚੀ ਮੇਹਨਤ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਬੱਚਿਆਂ ਦੇ ਉਤਸ਼ਾਹ ਤੇ ਸ਼ਾਨਦਾਰ ਨਤੀਜਿਆਂ ਕਰਕੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ। ਇਸ ਸੁਭਾਗੇ ਮੌਕੇ ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ , ਸੁਖਦੇਵ ਸਿੰਘ, ਸੁਖਜੀਤ ਸਿੰਘ , ਸੁਪਰਡੈਂਟ ਕੁਲਦੀਪ ਕੌਰ , ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆ।

6 ਤੋਂ ਹੜਤਾਲ ਤੇ ਬੈਠੇ ਸਫਾਈ ਕਰਮਚਾਰੀਆਂ ਨੂੰ ਮਿਲਣ ਪਹੁੰਚੇ ਵਿਧਾਇਕ ਨਰੇਸ਼ ਕਟਾਰੀਆ

ਜੀਰਾ, 15 ਮਈ (ਦੀਪਕ ਭਾਰਗੋ): 6 ਮਈ ਤੋਂ ਲਗਾਤਾਰ ਹੜਤਾਲ ਤੇ ਬੈਠੇ ਸਫਾਈ

ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ ਤੇ ਉਹਨਾਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਉਹਨਾਂ ਦੀਆਂ ਮੰਗਾਂ ਨੂੰ ਜਲਦ ਤੋਂ ਜਲਦ ਸਰਕਾਰ ਪੂਰਾ ਕਰੇ ਨਹੀਂ ਤਾਂ ਇਹ ਹੜਤਾਲ ਲੰਬੇ ਸਮੇਂ ਤੱਕ ਜਾਰੀ ਰਹੇਗੀ ਇਸ ਹੜਤਾਲ ਨੂੰ ਦੇਖਦੇ ਹੋਏ ਜੀਰਾ ਦੇ ਵਿਧਾਇਕ ਨਰੇਸ਼ ਕਟਾਰੀਆ, ਧਰਮਪਾਲ ਚੁੱਘ,ਰੋਕੀ ਕਬੂਰੀਆ, ਮਹਿੰਦਰ ਸਿੰਘ ਤੇ ਆਮ ਆਦਮੀ ਪਾਰਟੀ ਦੇ ਹੋਰ ਵੀ ਵਰਕਰ ਸਫਾਈ ਕਰਮਚਾਰੀਆਂ ਨਾਲ ਗੱਲਬਾਤ ਕਰਨ ਪਹੁੰਚੇ ਤੇ ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਦੇ ਨਾਲ ਕਾਰਜ ਸਾਧਕ ਅਫਸਰ ਨਰਿੰਦਰ ਕੁਮਾਰ ਵੀ ਹਾਜ਼ਰ ਸਨ ਇਸ ਮੌਕੇ ਯੂਨੀਅਨ ਦੇ ਆਗੂ ਰੋਹਣ ਕਰੋਤੀਆ ਮੀਤ ਪ੍ਰਧਾਨ ਜੀਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਜੋ ਸਾਡੀਆਂ ਲੋਕਲ ਮੰਗਾਂ ਹਨ ਉਹਨੂੰ ਉਹਨਾਂ ਨੂੰ ਜਲਦ ਤੋਂ ਜਲਦ ਹੱਲ ਕਰਵਾਉਣ ਲਈ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨਰਿੰਦਰ ਕੁਮਾਰ ਨੂੰ ਆਦੇਸ਼ ਦਿੱਤੇ ਤੇ ਸਟੇਟ ਲੈਵਲ ਦੀਆਂ ਮੰਗਾਂ ਨੂੰ ਵਿਧਾਨ ਸਭਾ ਵਿੱਚ ਰੱਖਣ ਲਈ ਵਾਅਦਾ ਕੀਤਾ ਇਸ ਮੌਕੇ ਯੂਨੀਅਨ ਦੇ ਸਫਾਈ ਕਰਮਚਾਰੀਆਂ ਤੋਂ ਇਲਾਵਾ ਪ੍ਰਧਾਨ ਅਸ਼ੋਕ ਕੁਮਾਰ, ਵਾਈਸ ਪ੍ਰਧਾਨ ਰੋਹਨ ਕਰੋਤੀਆ, ਅਜੇ ਕੁਮਾਰ ਚੇਅਰਮੈਨ, ਵਿਸ਼ਾਨ ਕਰੋਤੀਆਂ ਸਲਾਹਕਾਰ, ਗਰਧਾਰੀ ਲਾਲ ਹਾਜਰ ਸਨ ਤੇ ਉਨਾਂ ਨੇ ਵਿਧਾਇਕ ਨਰੇਸ਼ ਕਟਾਰੀਆਂ ਨੂੰ ਕਿਹਾ ਕਿ ਜੋ ਹਾਈ ਕਮਾਂਡ ਦਾ ਫੈਸਲਾ ਆਵੇਗਾ ਉਸ ਸਮੇਂ ਤੱਕ ਹੜਤਾਲ ਖਤਮ ਨਹੀਂ ਕੀਤੀ ਜਾਵੇਗੀ ਤੇ ਸ਼ਹਿਰ ਵਿੱਚ ਸਫਾਈ ਨਾ ਹੀ ਕੀਤੀ ਜਾਵੇਗੀ ਤੇ ਨਾ ਹੀ ਕਰਨ ਦਿੱਤੀ ਜਾਵੇਗੀ।

ਸ਼ਹੀਦ ਭਗਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਬਟਾਲਾ, 15 ਮਈ (ਬਲਵਿੰਦਰ ਕਿਰਨਬੀਰ ਕੌਰ, ਜੈਪ੍ਰੀਤ ਸਿੰਘ, ਪੰਜਗਰਾਈਂ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਹੀਦ ਭਗਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦਾ ਨਤੀਜਾ ਬਹੁਤ ਹੀ ਉਤਕ੍ਰਿਸ਼ਟ ਰਿਹਾ ਅਤੇ ਕਈ ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ। ਸਕੂਲ ਦੀ ਵਿਦਿਆਰਥਣ ਜਪਨੀਤ ਕੌਰ ਨੇ 95 ਫੀਸਦੀ ਅੰਕ ਪ੍ਰਾਪਤ ਕਰਕੇ ਸਭ ਤੋਂ ਵਧੀਆ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਗੁਰਨੂਰ ਕੌਰ ਅਤੇ ਮਨਪ੍ਰੀਤ ਕੌਰ ਨੇ 92-92 ਫੀਸਦੀ ਅੰਕ ਹਾਸਿਲ ਕੀਤੇ।

ਇਸੇ ਤਰ੍ਹਾਂ ਗੁਰਨਾਜ ਕੌਰ, ਹਰਲੀਨ ਕੌਰ, ਮਨਪ੍ਰੀਤ ਕੌਰ, ਬ੍ਰਹਮਪ੍ਰੀਤ ਕੌਰ, ਸਾਤਵਿਕ ਗੁਪਤਾ, ਅੰਸ਼ਪ੍ਰੀਤ ਕੌਰ, ਪ੍ਰਭਜੋਤ ਕੌਰ, ਹਰਮਨਦੀਪ ਸਿੰਘ, ਅਵਨੂਰਪ੍ਰੀਤ ਸਿੰਘ, ਅਦਰਸ਼ਬੀਰ ਸਿੰਘ, ਅਮਤੇਜਪ੍ਰੀਤ ਸਿੰਘ, ਅਭੀਜੀਤ ਸਿੰਘ, ਗੁਰਲੀਨ ਕੌਰ, ਹਰਮਨਦੀਪ ਸਿੰਘ, ਰਵਿੰਦਰ ਸਿੰਘ ਅਤੇ ਹਰਕੀਰਤਪ੍ਰੀਤ ਸਿੰਘ ਨੇ ਵੀ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਪ੍ਰਬੰਧਕ ਕਮੇਟੀ ਅਤੇ ਅਧਿਆਪਕਾਂ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ ਅਤੇ ਉਹਨਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ SIR ਲਾਗੂ ਕਰਨਾ ਲੋਕਤੰਤਰ 'ਤੇ ਲਗਾਉਂਦਾ ਹੈ ਸਵਾਲੀਆ ਨਿਸ਼ਾਨ: ਰੰਧਾਵਾ

ਗੁਰਦਾਸਪੁਰ , 15 ਮਈ (ਜਸਵਿੰਦਰ ਸਿੰਘ): ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਸ਼ੁਰੂ ਕੀਤੀ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਮੁਹਿੰਮ 'ਤੇ ਗੰਭੀਰ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਰਾਜ ਚੋਣਾਂ ਲਈ ਦਸ ਮਹੀਨਿਆਂ ਤੋਂ ਵੀ ਘੱਟ ਸਮਾਂ ਬਚੇ ਹੋਣ 'ਤੇ ਅਜਿਹੀ ਪ੍ਰਕਿਰਿਆ ਸ਼ੁਰੂ ਕਰਨਾ ਲੋਕਤੰਤਰੀ ਪ੍ਰਣਾਲੀ 'ਤੇ ਸ਼ੱਕ ਪੈਦਾ ਕਰਦਾ ਹੈ। ਕੇਂਦਰ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ SIR ਸਿਰਫ਼ ਪੰਜਾਬ ਵਿੱਚ ਹੀ ਕਿਉਂ ਕਰਵਾਇਆ ਜਾ ਰਿਹਾ ਹੈ ਅਤੇ ਜਦੋਂ ਪੰਜਾਬ ਅਤੇ ਉੱਤਰ ਪ੍ਰਦੇਸ਼ ਵਿੱਚ ਚੋਣਾਂ ਲਗਭਗ ਇੱਕੋ ਸਮੇਂ ਹੋਣਗੀਆਂ ਤਾਂ ਉੱਤਰ ਪ੍ਰਦੇਸ਼ ਨੂੰ ਕਿਉਂ ਬਾਹਰ ਰੱਖਿਆ ਗਿਆ ਹੈ। ਰੰਧਾਵਾ ਨੇ ਕਿਹਾ ਕਿ ਜੇਕਰ ਚੋਣ ਕਮਿਸ਼ਨ ਦਾ ਉਦੇਸ਼ ਪਾਰਦਰਸ਼ੀ ਅਤੇ ਗਲਤੀ-ਮੁਕਤ ਵੋਟਰ ਸੂਚੀਆਂ ਨੂੰ ਯਕੀਨੀ ਬਣਾਉਣਾ ਸੀ, ਤਾਂ ਇਹ ਪ੍ਰਕਿਰਿਆ

ਚੋਣਾਂ ਤੋਂ ਬਾਅਦ ਵੀ ਕੀਤੀ ਜਾ ਸਕਦੀ ਸੀ। ਚੋਣਾਂ ਤੋਂ ਪਹਿਲਾਂ ਇਸ ਅਧਿਕਾਰ ਨੂੰ ਲਾਗੂ ਕਰਨਾ ਕੁਦਰਤੀ ਤੌਰ 'ਤੇ ਲੋਕਾਂ ਵਿੱਚ ਚਿੰਤਾ ਪੈਦਾ ਕਰਦਾ ਹੈ ਕਿ ਇਸਦੇ ਪਿੱਛੇ ਕੋਈ ਰਾਜਨੀਤਿਕ ਉਦੇਸ਼ ਹੈ।

ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ, ਕੇਂਦਰ ਸਰਕਾਰ ਦੇ ਪ੍ਰਭਾਵ ਹੇਠ, ਆਪਣੇ ਰਾਜਨੀਤਿਕ ਹਿੱਤਾਂ ਲਈ ਚੋਣ ਪ੍ਰਕਿਰਿਆ ਵਿੱਚ ਹੇਰਾਫੇਰੀ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਰਗੇ ਸੰਵੇਦਨਸ਼ੀਲ ਅਤੇ ਰਾਜਨੀਤਿਕ ਤੌਰ 'ਤੇ ਸੁਚੇਤ ਰਾਜ ਵਿੱਚ, ਅਜਿਹੇ ਉਪਾਵਾਂ ਨੂੰ ਲੈ ਕੇ ਲੋਕਾਂ ਵਿੱਚ ਪਹਿਲਾਂ ਹੀ ਚਿੰਤਾ ਦਾ ਮਾਹੌਲ ਹੈ। ਰੰਧਾਵਾ ਨੇ ਕਿਹਾ ਕਿ ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਵੋਟਰ ਸੂਚੀਆਂ ਬਾਰੇ ਗੰਭੀਰ ਸਵਾਲ ਉਠਾਏ ਗਏ ਹਨ, ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝੇ ਕੀਤੇ ਜਾਣ ਦੀਆਂ ਸ਼ਿਕਾਇਤਾਂ ਸਾਹਮਣੇ ਆਈਆਂ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਵਿੱਚ ਕਿਸੇ ਵੀ ਅਸਲੀ ਵੋਟਰ ਦਾ ਨਾਮ ਸੂਚੀ ਵਿੱਚੋਂ ਹਟਾਉਣ ਜਾਂ ਉਨ੍ਹਾਂ ਨੂੰ ਵੋਟ ਪਾਉਣ ਤੋਂ ਰੋਕਣ ਦੀ ਕੋਈ ਵੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਇਹ ਪ੍ਰਕਿਰਿਆ ਉੱਤਰ ਪ੍ਰਦੇਸ਼ ਅਤੇ ਗੋਆ ਵਰਗੇ ਰਾਜਾਂ ਵਿੱਚ ਪਹਿਲਾਂ ਹੀ ਪੂਰੀ ਹੋ ਚੁੱਕੀ ਹੈ ਤਾਂ ਚੋਣਾਂ ਤੋਂ ਠੀਕ ਪਹਿਲਾਂ ਪੰਜਾਬ ਵਿੱਚ ਇਸਨੂੰ ਲਾਗੂ ਕਰਨ ਦੀ ਜ਼ਰੂਰਤ ਕਿਉਂ ਮਹਿਸੂਸ ਕੀਤੀ ਗਈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ ਇਸ 'ਤੇ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ।

ਰੰਧਾਵਾ ਨੇ ਕਿਹਾ ਕਿ ਕਾਂਗਰਸ ਪਾਰਟੀ, ਆਪਣੇ ਵਰਕਰਾਂ ਅਤੇ ਨੇਤਾਵਾਂ ਰਾਹੀਂ, ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਯੋਗ ਵੋਟਰ ਆਪਣੇ ਲੋਕਤੰਤਰੀ ਅਧਿਕਾਰਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਰੱਖਿਆ ਕਰਨਾ ਸਾਰੀਆਂ

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ



ਪੁਰਾਣੀ ਖੰਘ ਅਤੇ ਛਾਤੀ ਦੀ ਜਕੜਨ ਤੋਂ ਮਿਲੇਗਾ ਛੁਟਕਾਰਾ: ਰਾਤ ਨੂੰ ਦੁੱਧ 'ਚ ਉਬਾਲ ਕੇ ਪੀਓ 'ਪਿਪਲੀ'

ਪਿੱਪਾਲੀ, ਜਿਸ ਨੂੰ ਆਮ ਤੌਰ 'ਤੇ ਲੰਬੀ ਮਿਰਚ ਵਜੋਂ ਜਾਣਿਆ ਜਾਂਦਾ ਹੈ, ਇੱਕ ਸ਼ਕਤੀਸ਼ਾਲੀ ਆਯੁਰਵੈਦਿਕ ਮਸਾਲਾ ਹੈ ਜੋ ਸੌਖਾ ਸਾਹ ਲੈਣ ਦੀ ਸਹੂਲਤ ਦਿੰਦਾ ਹੈ ਅਤੇ ਪਾਚਨ ਵਿੱਚ ਸੁਧਾਰ ਕਰਦਾ ਹੈ। ਇਹ ਮੁੱਖ ਤੌਰ 'ਤੇ ਖੰਘ, ਜ਼ੁਕਾਮ, ਦਮਾ ਅਤੇ ਪਾਚਨ ਸਮੱਸਿਆਵਾਂ ਦੇ ਇਲਾਜ ਲਈ ਵਰਤਿਆ ਜਾਂਦਾ ਹੈ। ਪਿੱਪਾਲੀ ਬਲਗਮ ਨੂੰ ਸਾਫ ਕਰਨ, ਪਾਚਕ ਕਿਰਿਆ ਨੂੰ ਵਧਾਉਣ ਅਤੇ ਇਮਿਊਨਿਟੀ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦਾ ਹੈ। ਇਹ ਫੇਫੜਿਆਂ ਨੂੰ ਵੀ ਮਜ਼ਬੂਤ ਕਰਦਾ ਹੈ ਅਤੇ ਚਰਬੀ ਦੇ ਪਾਚਨ ਨੂੰ ਵਧਾ ਕੇ ਭਾਰ ਘਟਾਉਣ ਵਿੱਚ ਸਹਾਇਤਾ ਕਰਦਾ ਹੈ।

ਜ਼ੁਕਾਮ ਅਤੇ ਸਾਈਨਸ: ਇਸ ਦਾ ਗਰਮ ਸੁਭਾਅ ਛਾਤੀ ਦੀ ਜਕੜਨ, ਗਲੇ ਦੀ ਖ਼ਰਾਸ਼ ਅਤੇ ਸਾਈਨਸ ਦੇ ਦਰਦ ਤੋਂ ਤੁਰੰਤ ਰਾਹਤ ਦਿਵਾਉਂਦਾ ਹੈ।

ਬਦਹਜ਼ਮੀ: ਇਹ ਪੇਟ ਦੀ ਗੈਸ, ਅਫਾਰਾ ਅਤੇ ਬਦਹਜ਼ਮੀ ਨੂੰ ਦੂਰ ਕਰਦੀ ਹੈ।

ਲੀਵਰ ਦੀ ਸਫ਼ਾਈ: ਪਿੱਪਲੀ ਲੀਵਰ ਨੂੰ ਜ਼ਹਿਰੀਲੇ ਪਦਾਰਥਾਂ ਤੋਂ ਮੁਕਤ ਕਰਕੇ ਉਸ ਨੂੰ ਮਜ਼ਬੂਤ ਬਣਾਉਂਦੀ ਹੈ।

ਮੋਟਾਪਾ: ਇਹ ਸਰੀਰ ਦੀ ਮੈਟਾਬੋਲਿਜ਼ਮ (ਪਾਚਕ ਕਿਰਿਆ) ਨੂੰ ਤੇਜ਼ ਕਰਦੀ ਹੈ, ਜਿਸ ਨਾਲ ਚਰਬੀ ਤੇਜ਼ੀ ਨਾਲ ਸੜਦੀ ਹੈ।

ਸ਼ੂਗਰ : ਇਹ ਬਲੱਡ ਸ਼ੂਗਰ ਦੇ ਪੱਧਰ ਨੂੰ ਕਾਬੂ ਕਰਨ ਅਤੇ ਇਨਸੁਲਿਨ ਦੀ ਕਾਰਗੁਜ਼ਾਰੀ ਸੁਧਾਰਨ ਵਿੱਚ ਮਦਦਗਾਰ ਹੈ।

ਜੋੜਾਂ ਦਾ ਦਰਦ: ਇਸ ਦੇ ਸੋਜ-ਵਿਰੋਧੀ ਗੁਣ ਗਠੀਏ ਅਤੇ ਜੋੜਾਂ ਦੇ ਦਰਦ ਵਿੱਚ ਆਰਾਮ ਦਿੰਦੇ ਹਨ।

ਦਿਮਾਗੀ ਸ਼ਕਤੀ: ਇਹ ਯਾਦਦਾਸ਼ਤ ਵਧਾਉਣ ਅਤੇ ਮਾਨਸਿਕ ਥਕਾਵਟ ਦੂਰ ਕਰਨ ਵਿੱਚ ਮਦਦ ਕਰਦੀ ਹੈ।

ਦਿੱਲੀ ਪ੍ਰਸ਼ਾਸਨ ਦਾ ਵੱਡਾ ਫੈਸਲਾ: ਪਰਮਿਟਿਡ ਅਨਟਿਲ ਪ੍ਰੋਹਿਬਿਟਿਡ ਮਾਡਲ ਨਾਲ ਕਾਰੋਬਾਰ ਹੋਵੇਗਾ ਸੌਖਾ, 2026 ਤੱਕ ਸਾਰੇ ਸੁਧਾਰ ਲਾਗੂ ਕਰਨ ਦੇ ਹੁਕਮ

ਨਵੀਂ ਦਿੱਲੀ, 15 ਮਈ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ-ਰਾਜਪਾਲ ਵੱਲੋਂ ਅੱਜ ਰਾਜਧਾਨੀ ਵਿੱਚ ਈਜ਼ ਆਫ ਡੂਇੰਗ ਬਿਜ਼ਨਸ (ਕਾਰੋਬਾਰ ਕਰਨ ਦੀ ਸੌਖ) ਅਤੇ ਈਜ਼ ਆਫ ਲਿਵਿੰਗ (ਰਹਿਣ-ਸਹਿਣ ਦੀ ਸੌਖ) ਨੂੰ ਉਤਸ਼ਾਹਿਤ ਕਰਨ ਲਈ ਇੱਕ ਅਹਿਮ ਉੱਚ-ਪੱਧਰੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਦਿੱਲੀ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ, ਜਿੱਥੇ ਚੱਲ ਰਹੀ ਡੀ-ਰੈਗੂਲੇਸ਼ਨ ਪ੍ਰਕਿਰਿਆ ਦੀ ਸਮੀਖਿਆ ਕੀਤੀ ਗਈ। ਉਪ-ਰਾਜਪਾਲ ਨੇ ਇਸ ਗੱਲ @ਤੇ ਖੁਸ਼ੀ ਜ਼ਾਹਰ ਕੀਤੀ ਕਿ ਦਿੱਲੀ ਨੇ ਸਾਲ 2025 ਦੀ LEADS (Logistics Ease Across Different States) ਰੈਂਕਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਸ਼੍ਰੇਣੀ ਵਿੱਚ ਦਿੱਲੀ ਹੁਣ ਅਚੀਵਰਸ ਸਟੇਟਸ ਤੋਂ ਉੱਪਰ ਉੱਠ ਕੇ ਐਗਜ਼ੈਂਪਲਰ ਸਟੇਟਸ 'ਤੇ ਪਹੁੰਚ ਗਈ ਹੈ। ਇਹ ਤਰੱਕੀ ਦਿੱਲੀ ਵਿੱਚ ਲੌਜਿਸਟਿਕਸ ਅਤੇ ਵਪਾਰਕ ਬੁਨਿਆਦੀ ਢਾਂਚੇ ਵਿੱਚ ਹੋਏ ਸੁਧਾਰਾਂ ਦੀ ਮੂੰਹ ਬੋਲਦੀ ਤਸਵੀਰ ਹੈ।

ਪਰਮਿਟਿਡ ਅਨਟਿਲ ਪ੍ਰੋਹਿਬਿਟਿਡ ਦਾ ਨਵਾਂ ਸੰਕਲਪ: ਮੀਟਿੰਗ ਦੌਰਾਨ ਉਪ-ਰਾਜਪਾਲ ਨੇ ਇੱਕ ਨਵੇਂ ਪ੍ਰਸ਼ਾਸਨਿਕ ਮਾਡਲ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇੱਕ ਅਜਿਹਾ ਈਕੋਸਿਸਟਮ ਬਣਾਉਣਾ ਹੈ ਜੋ ਪਰਮਿਟਿਡ ਅਨਟਿਲ ਪ੍ਰੋਹਿਬਿਟਿਡ ਦੇ ਸਿਧਾਂਤ 'ਤੇ ਅਧਾਰਤ ਹੋਵੇ। ਇਸ ਦਾ ਭਾਵ ਹੈ ਕਿ ਕਾਰੋਬਾਰੀਆਂ ਨੂੰ ਛੋਟੇ-ਮੋਟੇ ਕੰਮਾਂ ਲਈ ਵਾਰ-ਵਾਰ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨ ਜਾਂ ਲੰਬੀਆਂ ਪ੍ਰਵਾਨਗੀਆਂ ਦੀ ਉਡੀਕ ਨਹੀਂ ਕਰਨੀ ਪਵੇਗੀ, ਜਦੋਂ ਤੱਕ ਕਿ ਕੋਈ ਖਾਸ ਰੋਕ ਨਾ ਹੋਵੇ। ਇਸ ਨਾਲ ਪੁਰਾਣੀਆਂ ਰੈਗੂਲੇਟਰੀ ਰੁਕਾਵਟਾਂ ਖ਼ਤਮ ਹੋਣਗੀਆਂ ਅਤੇ ਸ਼ਾਸਨ ਪ੍ਰਣਾਲੀ ਵਿੱਚ ਪਾਰਦਰਸ਼ਤਾ ਆਵੇਗੀ।

ਓਮਨੀਬਸ ਈਜ਼ ਆਫ ਡੂਇੰਗ ਬਿਜ਼ਨਸ ਬਿੱਲ, 2026

ਉਪ-ਰਾਜਪਾਲ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਓਮਨੀਬਸ ਈਜ਼ ਆਫ ਡੂਇੰਗ ਬਿਜ਼ਨਸ ਬਿੱਲ, 2026 ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਬਿੱਲ ਦਾ ਮੁੱਖ ਮਕਸਦ:

ਮਨਜ਼ੂਰੀਆਂ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ।

ਪਾਲਣਾ (Compliance) ਦੇ ਬੋਝ ਨੂੰ ਘਟਾਉਣਾ।

ਸੇਵਾਵਾਂ ਦੀ ਗੁਣਵੱਤਾ ਅਤੇ ਸੁਰੱਖਿਆ ਮਾਪਦੰਡਾਂ ਨੂੰ ਯਕੀਨੀ ਬਣਾਉਣਾ।

30 ਜੂਨ 2026 ਤੱਕ ਦੀ ਡੈੱਡਲਾਈਨ: ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦੇ ਹੋਏ ਉਪ-ਰਾਜਪਾਲ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਨਿਰਧਾਰਿਤ ਕੀਤੇ ਗਏ ਈਜ਼ ਆਫ ਡੂਇੰਗ ਬਿਜ਼ਨਸ ਦੇ ਸਾਰੇ ਬਾਕੀ ਰਹਿੰਦੇ ਸੁਧਾਰਾਂ ਨੂੰ 30 ਜੂਨ, 2026 ਤੱਕ ਹਰ ਹਾਲ ਵਿੱਚ ਮੁਕੰਮਲ ਕੀਤਾ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਜ਼ਨ ਅਨੁਸਾਰ, ਹਰ ਸੁਧਾਰ ਦਾ ਸਿੱਧਾ ਫਾਇਦਾ ਦਿੱਲੀ ਦੇ ਆਮ ਨਾਗਰਿਕਾਂ ਅਤੇ ਵਪਾਰੀਆਂ ਨੂੰ ਮਿਲਣਾ ਚਾਹੀਦਾ ਹੈ। ਮੀਟਿੰਗ ਦੇ ਅੰਤ ਵਿੱਚ ਉਨ੍ਹਾਂ (ਵਿਕਸਿਤ ਦਿੱਲੀ) ਦਾ ਨਾਅਰਾ ਦਿੰਦੇ ਹੋਏ ਕਿਹਾ ਕਿ ਪ੍ਰਸ਼ਾਸਨ ਇੱਕ ਅਜਿਹੇ ਮਾਡਲ ਲਈ ਵਚਨਬੱਧ ਹੈ ਜਿੱਥੇ ਕੁਸ਼ਲਤਾ ਅਤੇ ਉੱਤਮਤਾ ਦਾ ਮੇਲ ਹੋਵੇ, ਤਾਂ ਜੋ ਦਿੱਲੀ ਦਾ ਹਰ ਵਸਨੀਕ ਬਿਹਤਰ ਜੀਵਨ ਪੱਧਰ ਦਾ ਆਨੰਦ ਮਾਣ ਸਕੇ।

ਐੱਨਟੀਸੀ ਸਕੂਲ ਵੱਲੋਂ ਮੈਰਿਟ ਸੂਚੀ ਵਿੱਚ ਆਉਣ ਵਾਲ਼ੇ ਵਿਦਿਆਰਥੀ ਦਾ ਸਨਮਾਨ

ਪੀ.ਸੀ.ਐਸ. ਅਧਿਕਾਰੀ ਬਣਨਾ ਚਾਹੁੰਦਾ ਹੈ ਹਰਮਨ ਸਿੰਘ

ਰਾਜਪੁਰਾ, 15 ਮਈ (ਚ.ਨ.ਸ.) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਪੀ. ਐਮ. ਸ਼੍ਰੀ. ਸ ਸ ਸ, ਐਨ. ਟੀ. ਸੀ., ਰਾਜਪੁਰਾ ਦੇ 12ਵੀਂ ਆਰਟਸ ਵਿਸ਼ੇ ਦੇ ਵਿਦਿਆਰਥੀ ਹਰਮਨ ਸਿੰਘ ਨੇ 97.20 ਅੰਕ ਲੈ ਕੇ ਸੂਬੇ ਭਰ ਵਿੱਚੋਂ 15ਵੇਂ ਸਥਾਨ ਤੇ ਰਹਿ ਕੇ ਮੈਰਿਟ ਹਾਸਲ ਕੀਤੀ ਹੈ ਅਤੇ ਸੰਸਥਾ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ । ਘਨੌਰ ਹਲਕੇ ਦੇ ਪਿੰਡ ਨਰੜੂ ਨਾਲ਼ ਸੰਬੰਧਿਤ ਇਸ ਨੌਜਵਾਨ ਦਾ ਸੁਪਨਾ ਪੀ.ਸੀ.ਐਸ. ਅਧਿਕਾਰੀ ਬਣਨ ਦਾ ਹੈ। ਸਕੂਲ ਵਿਖੇ ਇੱਕ ਸ਼ਾਨਦਾਰ ਸਮਾਗਮ ਵਿੱਚ ਬੱਚੇ ਦਾ ਸਕੂਲ ਮੁਖੀ ਪ੍ਰਿੰਸੀਪਲ ਮੈਡਮ ਜਸਬੀਰ ਕੌਰ ਵੱਲੋਂ ਮੂੰਹ ਮਿੱਠਾ ਕਰਾ ਕੇ ਅਤੇ ਹਾਰ ਪਾ ਕੇ ਸਨਮਾਨ ਕੀਤਾ ਗਿਆ, ਨਾਲ਼ ਹੀ ਉਹਨਾਂ ਸਕੂਲ ਅਤੇ ਸਮੂਹ ਸਟਾਫ ਵੱਲੋਂ ਬੱਚੇ ਨੂੰ ਮੌਕੇ ਤੇ 15 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਨਾਲ਼ ਵੀ ਸਨਮਾਨਿਤ ਕੀਤਾ । ਪ੍ਰੈੱਸ ਨਾਲ਼ ਗੱਲਬਾਤ ਕਰਦਿਆਂ ਬੱਚੇ ਦੇ ਪਿਤਾ ਗੁਰਦੀਪ ਸਿੰਘ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਉਹਨਾਂ ਦੇ ਵਿਸ਼ਵਾਸ ਸਦਕਾ ਅੱਜ ਹਰਮਨ ਨੇ ਇਹ ਪ੍ਰਾਪਤੀ ਕੀਤੀ ਹੈ । ਇਸ ਮੌਕੇ ਸੰਸਥਾ ਦਾ ਸਮੂਹ ਸਟਾਫ਼ ਹਾਜ਼ਰ ਸੀ ।

ਦਿੱਲੀ ਯੂਨੀਵਰਸਿਟੀ ਦੇ ਵੀ.ਸੀ. ਪ੍ਰੋ. ਯੋਗੇਸ਼ ਸਿੰਘ ਨੇ ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 15 ਮਈ (ਅੰਮ੍ਰਿਤਪਾਲ ਸਿੰਘ) : ਦਿੱਲੀ ਦੀਆਂ ਉੱਚ ਸਿੱਖਿਆ ਸੰਸਥਾਵਾਂ ਅਤੇ ਅਕਾਦਮਿਕ ਗਤੀਵਿਧੀਆਂ ਨੂੰ ਨਵੀਆਂ ਉਚਾਈਆਂ @ਤੇ ਲਿਜਾਣ ਦੇ ਮਕਸਦ ਨਾਲ ਅੱਜ ਦਿੱਲੀ ਯੂਨੀਵਰਸਿਟੀ (DU) ਦੇ ਵਾਈਸ ਚਾਂਸਲਰ ਪ੍ਰੋ. ਯੋਗੇਸ਼ ਸਿੰਘ ਨੇ ਦਿੱਲੀ ਦੇ ਮਾਨਯੋਗ ਉਪ ਰਾਜਪਾਲ (LG) ਸਰਦਾਰ ਤਰਨਜੀਤ ਸਿੰਘ ਸੰਧੂ ਨਾਲ ਲੋਕ ਨਿਵਾਸ ਵਿਖੇ ਇੱਕ ਅਹਿਮ ਮੁਲਾਕਾਤ ਕੀਤੀ। ਇਸ ਸ਼ਿਸ਼ਟਾਚਾਰ ਮੁਲਾਕਾਤ ਦੌਰਾਨ ਦੋਵਾਂ ਸ਼ਖਸੀਅਤਾਂ ਨੇ ਰਾਜਧਾਨੀ ਵਿੱਚ ਉੱਚ ਸਿੱਖਿਆ ਦੇ ਸੁਧਾਰਾਂ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਬਾਰੇ ਵਿਚਾਰ-ਵਟਾਂਦਰਾ ਕੀਤਾ।

ਅਕਾਦਮਿਕ ਸੁਧਾਰਾਂ ਅਤੇ ਨਵੀਂ ਸਿੱਖਿਆ ਨੀਤੀ 'ਤੇ ਚਰਚਾ: ਸੂਤਰਾਂ ਅਨੁਸਾਰ, ਇਸ ਬੈਠਕ ਦੌਰਾਨ ਪ੍ਰੋ. ਯੋਗੇਸ਼ ਸਿੰਘ ਨੇ ਉਪ ਰਾਜਪਾਲ ਨੂੰ ਦਿੱਲੀ ਯੂਨੀਵਰਸਿਟੀ ਵਿੱਚ ਚੱਲ ਰਹੇ ਵੱਖ-ਵੱਖ ਅਕਾਦਮਿਕ ਪ੍ਰੋਜੈਕਟਾਂ ਅਤੇ @ਰਾਸ਼ਟਰੀ ਸਿੱਖਿਆ ਨੀਤੀ 2020 (NEP) ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਯਤਨਾਂ ਬਾਰੇ ਜਾਣਕਾਰੀ ਦਿੱਤੀ। ਵਾਈਸ ਚਾਂਸਲਰ ਨੇ ਦੱਸਿਆ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਹੁਨਰ-ਅਧਾਰਤ ਸਿੱਖਿਆ ਪ੍ਰਦਾਨ ਕਰਨ ਅਤੇ ਖੋਜ ਕਾਰਜਾਂ ਵਿੱਚ ਮੋਹਰੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਉਪ ਰਾਜਪਾਲ ਵੱਲੋਂ ਮਾਰਗਦਰਸ਼ਨ: ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ, ਜੋ ਕਿ ਖੁਦ ਇੱਕ ਤਜ਼ਰਬੇਕਾਰ ਡਿਪਲੋਮੈਟ ਰਹੇ ਹਨ, ਨੇ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਵਿਦਿਅਕ ਸੰਸਥਾਵਾਂ ਨੂੰ ਨਾ ਸਿਰਫ਼ ਡਿਗਰੀਆਂ ਵੰਡਣੀਆਂ ਚਾਹੀਦੀਆਂ ਹਨ, ਸਗੋਂ ਵਿਦਿਆਰਥੀਆਂ ਨੂੰ ਸਮਾਜਿਕ ਜ਼ਿੰਮੇਵਾਰੀ, ਨੈਤਿਕ ਕਦਰਾਂ-ਕੀਮਤਾਂ ਅਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਵੀ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਦਿੱਲੀ ਬਿਹੇਵੀਅਰਲ ਚੇਂਜ ਮਿਸ਼ਨ (Delhi Behavioural Change Mission) ਦਾ ਜ਼ਿਕਰ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਲਈ ਰਾਜਦੂਤ ਵਜੋਂ ਕੰਮ ਕਰ ਸਕਦੇ ਹਨ।

ਮੁਲਾਕਾਤ ਦੌਰਾਨ ਪ੍ਰੋ. ਯੋਗੇਸ਼ ਸਿੰਘ ਨੇ ਉਪ ਰਾਜਪਾਲ ਨੂੰ ਇੱਕ ਕਿਤਾਬ ਵੀ ਭੇਟ ਕੀਤੀ। ਤਸਵੀਰ ਵਿੱਚ ਦੋਵੇਂ ਆਗੂ ਸਿੱਖਿਆ ਦੇ ਖੇਤਰ ਵਿੱਚ ਭਵਿੱਖ ਦੀਆਂ ਯੋਜਨਾਵਾਂ 'ਤੇ ਗੰਭੀਰਤਾ ਨਾਲ ਚਰਚਾ ਕਰਦੇ ਨਜ਼ਰ ਆ ਰਹੇ ਹਨ।

ਸੇਵਾ ਅਤੇ ਨੈਤਿਕਤਾ ਹੀ ਵਿਕਸਿਤ ਭਾਰਤ ਦਾ ਅਸਲ ਆਧਾਰ: ਸੰਧੂ

ਨਵੀਂ ਦਿੱਲੀ, 15 ਮਈ (ਅੰਮ੍ਰਿਤਪਾਲ ਸਿੰਘ): ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ* ਨੇ ਅੱਜ ਹੰਸਰਾਜ ਕਾਲਜ ਵਿਖੇ ਮਹਾਤਮਾ ਹੰਸਰਾਜ ਮੈਮੋਰੀਅਲ ਲੈਕਚਰ ਨੂੰ ਸੰਬੋਧਨ ਕਰਦਿਆਂ ਭਾਰਤ ਦੀ ਸੱਭਿਅਤਾ, ਸੇਵਾ ਅਤੇ ਰਾਸ਼ਟਰ ਨਿਰਮਾਣ ਦੇ ਗੂੜ੍ਹੇ ਸਬੰਧਾਂ 'ਤੇ ਰੌਸ਼ਨੀ ਪਾਈ। ਇਸ ਮੌਕੇ ਦਿੱਲੀ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਵਿਕਾਸ ਗੁਪਤਾ, ਹੰਸਰਾਜ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਰਾਮਜੀ, ਆਈ.ਕਿਊ.ਏ.ਸੀ. ਦੀ ਡਾਇਰੈਕਟਰ ਕੁਮਾਰੀ ਅਲਕਾ ਕੱਕੜ ਅਤੇ ਨਿਸ਼ਠਾ ਸੁਸਾਇਟੀ ਦੇ ਕਨਵੀਨਰ ਡਾ. ਪ੍ਰਭਾਂਸ਼ੂ ਓਝਾ ਸਮੇਤ ਕਈ ਉੱਘੀਆਂ ਸ਼ਖਸੀਅਤਾਂ ਅਤੇ ਫੈਕਲਟੀ ਮੈਂਬਰ ਹਾਜ਼ਰ ਸਨ।

ਸੇਵਾ ਅਤੇ ਵਿਕਾਸ ਦਾ ਆਪਸੀ ਸਬੰਧ: ਆਪਣੇ ਸੰਬੋਧਨ ਵਿੱਚ ਉਪ-ਰਾਜਪਾਲ ਨੇ ਕਿਹਾ ਕਿ ਭਾਰਤ ਦੀ ਸੱਭਿਅਤਾ ਨੇ ਹਮੇਸ਼ਾ ਵਿਕਾਸ ਨੂੰ ਕੇਵਲ ਆਰਥਿਕ ਪੱਖੋਂ ਨਹੀਂ, ਬਲਕਿ ਨੈਤਿਕਤਾ, ਸਮਾਜਿਕ ਜ਼ਿੰਮੇਵਾਰੀ ਅਤੇ ਸਮੂਹਿਕ ਭਲਾਈ ਦੇ ਨਜ਼ਰੀਏ ਤੋਂ ਦੇਖਿਆ ਹੈ। ਉਨ੍ਹਾਂ ਕਿਹਾ ਕਿ ਸਾਡੀ ਪਰੰਪਰਾ ਵਿੱਚ ਪ੍ਰਗਤੀ ਨੂੰ ਕਦੇ ਵੀ ਸੇਵਾ ਤੋਂ ਵੱਖ ਨਹੀਂ ਕੀਤਾ ਜਾ ਸਕਦਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਬਦਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਅਸਲ ਵਿਕਾਸ ਉਹੀ ਹੈ ਜਿਸ ਵਿੱਚ ਨੈਤਿਕ ਉੱਨਤੀ, ਸਮਾਜਿਕ ਸਦਭਾਵਨਾ ਅਤੇ ਵਾਤਾਵਰਣ ਦਾ ਸੰਤੁਲਨ ਸ਼ਾਮਲ ਹੋਵੇ।

ਮਹਾਤਮਾ ਹੰਸਰਾਜ ਜੀ ਦੀ ਵਿਰਾਸਤ: ਉਪ-ਰਾਜਪਾਲ ਨੇ ਮਹਾਤਮਾ ਹੰਸਰਾਜ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਹਨਾਂ ਨੇ ਸਿੱਖਿਆ ਨੂੰ ਨਿੱਜੀ ਸਫ਼ਲਤਾ ਦੀ ਬਜਾਏ ਸਮਾਜਿਕ ਪਰਿਵਰਤਨ ਅਤੇ ਰਾਸ਼ਟਰੀ ਜਾਗ੍ਰਿਤੀ ਦਾ ਸਾਧਨ ਬਣਾਇਆ। ਉਨ੍ਹਾਂ ਵੱਲੋਂ ਸਥਾਪਿਤ ਸੰਸਥਾਵਾਂ ਅਨੁਸ਼ਾਸਨ, ਕੁਰਬਾਨੀ ਅਤੇ ਚਰਿੱਤਰ ਨਿਰਮਾਣ ਦੀਆਂ ਪ੍ਰਤੀਕ ਹਨ, ਜੋ ਅੱਜ ਵੀ ਵਿਕਸਿਤ ਭਾਰਤ 02047 ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਪ੍ਰੇਰਨਾ ਸਰੋਤ ਹਨ।

ਨਵੇਂ ਸਿਵਲ ਸਰਵੈਂਟਸ ਨੂੰ ਨਸੀਹਤ: ਸਮਾਗਮ ਦੌਰਾਨ ਯੂ.ਪੀ.ਐਸ.ਸੀ. (UPSC) ਅਤੇ ਰਾਜ ਸਿਵਲ ਸੇਵਾਵਾਂ ਪ੍ਰੀਖਿਆਵਾਂ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਪ-ਰਾਜਪਾਲ ਨੇ ਇੱਕ ਅਹਿਮ ਗੁਰੂ-ਮੰਤਰ ਦਿੱਤਾ। ਉਨ੍ਹਾਂ ਕਿਹਾ ਕਿ ਜਨਤਕ ਸੇਵਾ ਕੋਈ ਵਿਸ਼ੇਸ਼ ਅਧਿਕਾਰ ਨਹੀਂ, ਬਲਕਿ ਇੱਕ ਵੱਡੀ ਜ਼ਿੰਮੇਵਾਰੀ ਹੈ। ਪ੍ਰਸ਼ਾਸਨ ਦਾ ਮਤਲਬ ਸਿਰਫ਼ ਤਾਕਤ ਨਹੀਂ, ਸਗੋਂ ਇਹ ਧੀਰਜ, ਨਿਮਰਤਾ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਦੀ ਸਮਰੱਥਾ ਦੀ ਮੰਗ ਕਰਦਾ ਹੈ।

ਨੌਜਵਾਨਾਂ ਲਈ ਸੰਦੇਸ਼: ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਉਨ੍ਹਾਂ ਕਿਹਾ ਕਿ ਆਉਣ ਵਾਲੇ ਦਹਾਕਿਆਂ ਵਿੱਚ ਭਾਰਤ ਨੂੰ ਮਜ਼ਬੂਤ ਸੰਸਥਾਵਾਂ, ਵਿਗਿਆਨਕ ਸੋਚ ਅਤੇ ਨੈਤਿਕ ਲੀਡਰਸ਼ਿਪ ਦੀ ਲੋੜ ਪਵੇਗੀ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਤੇਜ਼ੀ ਨਾਲ ਬਦਲ ਰਹੀ ਦੁਨੀਆ ਵਿੱਚ ਵੀ ਆਪਣੀ ਇਮਾਨਦਾਰੀ, ਹਮਦਰਦੀ ਅਤੇ ਸਖ਼ਤ ਮਿਹਨਤ ਦੇ ਪੱਲੇ ਨੂੰ ਕਦੇ ਨਾ ਛੱਡਣ। ਉਨ੍ਹਾਂ ਨੇ ਵਿਸ਼ਵਾਸ ਜਤਾਇਆ

ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ

ਘੁਮਾਣ /ਸ੍ਰੀ ਹਰਗੋਬਿੰਦਪੁਰ ਸਾਹਿਬ 15 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਹਰਗੋਬਿੰਦਪੁਰ ਸਾਹਿਬ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਮਧੂ ਸਾਵਲ ਨੇ ਦੱਸਿਆ ਸਾਡੇ ਸਕੂਲ ਦੇ ਕੁੱਲ 105 ਵਿਦਿਆਰਥੀਆਂ ਨੇ ਬਾਰ੍ਹਵੀਂ ਜਮਾਤ ਦੀਆਂ ਵੱਖ ਵੱਖ ਸਟਰੀਮਾਂ ਜਿਵੇਂ ਮੈਡੀਕਲ,ਨਾਨ ਮੈਡੀਕਲ,ਕਾਮਰਸ,ਆਰਟਸ ਵਿੱਚ ਪ੍ਰੀਖਿਆ ਦਿੱਤੀ ਜਿਸ ਵਿੱਚ ਮੈਡੀਕਲ ਸਟਰੀਮ ਵਿੱਚ ਗੁਰਲੀਨ ਕੌਰ ਸ਼ੈਣੀ ਨੇ 93.8 % ਅੰਕ ਲੈਕੇ ਪਹਿਲਾ ਸਥਾਨ, ਸਿਮਰਨਜੀਤ ਕੌਰ ਨੇ 93.2% ਅੰਕ ਲੈਕੇ ਦੂਜ਼ਾ ਸਥਾਨ ਅਤੇ ਸੁਨੇਹਾ ਨੇ 92.6 % ਲੈਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਨਾਨ ਮੈਡੀਕਲ ਵਿੱਚ ਨਵਰੋਜ ਕੌਰ ਨੇ 91.4 % ਅੰਕ ਲੈਕੇ ਪਹਿਲਾ ਸਥਾਨ, ਸਿਮਰਨਜੋਤ ਕੌਰ ਨੇ 89.8% ਅੰਕ ਲੈਕੇ ਦੂਜਾ ਸਥਾਨ ਅਰਸ਼ਦੀਪ ਸਿੰਘ ਨੇ 88.8% ਅੰਕ ਲੈਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਕਾਮਰਸ ਸਟਰੀਮ ਵਿੱਚ ਰਜਨੀ ਬਾਲਾ ਨੇ 95.2% ਅੰਕ ਲੈਕੇ ਪਹਿਲਾ ਸਥਾਨ, ਸੁਖਪ੍ਰੀਤ ਕੌਰ ਨੇ 95% ਅੰਕ ਲੈਕੇ ਦੂਜਾ ਸਥਾਨ, ਮਹਿਕਪ੍ਰੀਤ ਕੌਰ ਨੇ 91.2% ਅੰਕ ਲੈਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਇਸੇ ਤਰ੍ਹਾਂ ਆਰਟਸ ਸਟਰੀਮ ਵਿੱਚ ਮਹਿਕਪ੍ਰੀਤ ਕੌਰ ਨੇ 86.8% ਅੰਕ ਲੈਕੇ ਪਹਿਲਾ ਸਥਾਨ ,ਰੂਪਮੀਤ ਸਿੰਘ ਨੇ 84%ਅੰਕ ਲੈਕੇ ਦੂਜਾ ਸਥਾਨ, ਦਮਨਦੀਪ ਕੌਰ ਨੇ 83.4% ਅੰਕ ਲੈਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੇ 80% ਤੋਂ ਉੱਪਰ ਅੰਕ ਲੈਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ । ਇਸ ਮੌਕੇ ਪ੍ਰਿੰਸੀਪਲ ਮੈਡਮ ਮਧੂ ਸਾਵਲ ਨੇ ਸਮੂਹ ਵਿਦਿਆਰਥੀਆਂ ਅਤੇ ਸਕੂਲ ਦੇ ਸਮੂਹ ਸਟਾਫ ਨੂੰ ਇਸ ਸ਼ਾਨਦਾਰ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਾਰੇ ਹੀ ਵਿਦਿਆਰਥੀਆਂ ਨੂੰ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਦਾ ਸਟਾਫ ਵੀ ਹਾਜ਼ਰ ਸੀ

ਰਾਜਪਾਲ ਪ੍ਰਦਾਨ ਕਰਨਗੇ ਸਟਾਰਟਅਪ ਸਮਾਗਮ 2026 ਐਵਾਰਡ

ਲੁਧਿਆਣਾ, 15 ਮਈ (ਵਿਸ਼ਾਲ ਸ਼ਰਮਾ) : ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਆਉਣ ਵਾਲੇ ਸਟਾਰਟਅਪ ਸਮਾਗਮ ਐਵਾਰਡ 2026 ਦੇ ਮੁੱਖ ਮਹਿਮਾਨ ਹੋਣਗੇ। ਇਹ ਇੱਕ ਲੀਡਰਜ਼ ਕਾਨਕਲੇਵ ਹੈ ਜੋ ਲੁਧਿਆਣਾ ਦੇ ਪਾਰਕ ਪਲਾਜ਼ਾ ਵਿੱਚ 21 ਮਈ ਸਵੇਰੇ 10 ਵਜੇ ਤੋਂ ਨੂੰ ਆਯੋਜਿਤ ਕੀਤਾ ਜਾਵੇਗਾ। ਸਮਾਗਮ, ਲੁਧਿਆਣਾ ਐਂਜਲਜ਼ ਨੈੱਟਵਰਕ ਦਾ ਇੱਕ ਪ੍ਰਮੁੱਖ ਪ੍ਰੋਗਰਾਮ ਹੈ, ਜਿਸ ਨੇ ਸਟਾਰਟਅਪ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਦਿੱਤਾ ਹੈ ਅਤੇ ਹੁਣ ਇਹ ਪੰਜਾਬ ਦੇ ਸਭ ਤੋਂ ਪ੍ਰਤਿਸ਼ਠਿਤ ਪ੍ਰੋਗਰਾਮਾਂ ਵਿੱਚੋਂ ਇੱਕ ਬਣ ਗਿਆ ਹੈ। ਪਿਚਿੰਗ ਅਤੇ ਚਰਚਾਵਾਂ ਦੇ ਨਾਲ-ਨਾਲ, ਇਸ ਵਿੱਚ 5 ਵੱਖ-ਵੱਖ ਸ਼੍ਰੇਣੀਆਂ ਵਿੱਚ ਇਨਾਮ ਵੀ ਦਿੱਤੇ ਜਾਂਦੇ ਹਨ। ਸਮਾਗਮ ਦੀ ਸ਼ੁਰੂਆਤ 2023 ਵਿੱਚ ਪੰਜਾਬ ਵਿੱਚ ਇੱਕ ਸੰਗਠਿਤ ਅਤੇ ਸਵਭਾਵਿਕ ਸਟਾਰਟਅਪ ਇਕੋਸਿਸਟਮ ਬਣਾਉਣ ਦੇ ਉਦੇਸ਼ ਨਾਲ ਕੀਤੀ ਗਈ ਸੀ। ਇਸ ਪ੍ਰੋਗਰਾਮ ਵਿੱਚ ਪ੍ਰਮੁੱਖ ਉਦਯੋਗ ਅਤੇ ਸਟਾਰਟਅਪ ਇੱਕ ਹੀ ਛੱਤ ਹੇਠ ਆ ਕੇ ਨਵੀਂ ਸੋਚ ਅਤੇ ਉਦਯਮਤਾ ਦੀ ਭਾਵਨਾ ਦਾ ਜਸ਼ਨ ਮਨਾਉਂਦੇ ਹਨ ਅਤੇ ਇਸ ਤਰ੍ਹਾਂ ਦੇਸ਼ ਦੇ ਲਗਾਤਾਰ ਵਿਕਸਿਤ ਹੋ ਰਹੇ ਉਦਯਮੀ ਦ੍ਰਿਸ਼ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।ਇਸ ਮੌਕੇ ਤੇ ਬੋਲਦਿਆਂ ਰਾਲਸਨ ਟਾਇਰਜ਼ ਦੇ ਚੇਅਰਮੈਨ ਸੰਜੀਵ ਪਾਹਵਾ ਨੇ ਕਿਹਾ ਕਿ ਲੁਧਿਆਣਾ ਐਂਜਲਜ਼ ਨੈੱਟਵਰਕ ਨਾਲ ਮਿਲ ਕੇ ਉਦਯਮਤਾ ਨੂੰ ਉਤਸ਼ਾਹਿਤ ਕਰਨ ਵਾਲੇ ਸਰਵੋਤਮ ਸੰਸਥਾਨ ਨੂੰ ਇਨਾਮ ਦੇਣ ਵਿੱਚ ਸ਼ਾਮਲ ਹੋਣਾ ਉਨ੍ਹਾਂ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ। ਅੱਜ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਨ ਵਾਲੇ ਹੋਰ ਮਾਣਯੋਗ ਵਿਅਕਤੀਆਂ ਵਿੱਚ ਜੇਆਰਐਸ ਈਸਟਮੈਨ ਦੇ ਮਾਲਕ ਜੇ.ਆਰ. ਸਿੰਘਲ, ਯੂਐਮ ਹੋਲਡਿੰਗਜ਼ ਦੇ ਮਾਲਕ ਉਮੇਸ਼ ਮੁੰਜਾਲ ਅਤੇ ਸੈਂਟੇਕਸ ਇੰਟਰਨੈਸ਼ਨਲ ਦੇ ਚੇਅਰਮੈਨ ਵਿਨੀਤ ਸੂਦ ਸ਼ਾਮਲ ਸਨ। ਸਮਾਗਮ 2026 ਵਿੱਚ ਪੰਜਾਬ ਦੇ ਵਪਾਰ ਜਗਤ ਦੇ ਵੱਡੇ ਨਾਮ ਸ਼ਾਮਲ ਹੋਣਗੇ। ਵੱਖ-ਵੱਖ ਸੰਸਥਾਨ ਅਤੇ ਯੂਨੀਵਰਸਿਟੀਆਂ ਦੇ ਕੁਲਪਤੀ, ਨਿਰਦੇਸ਼ਕ, ਉਦਯੋਗਪਤੀ, ਸਟਾਰਟਅਪ ਸੰਸਥਾਪਕ, ਇਨੋਵੇਟਰ, ਅਧਿਕਾਰੀ ਅਤੇ ਨੀਤੀ ਨਿਰਮਾਤਾ ਆਦਿ ਇਸ ਇਨਾਮ ਸਮਾਰੋਹ ਦੇ ਸਾਖੀ ਬਣਨਗੇ। ਇਸ ਮੌਕੇ 300 ਤੋਂ ਵੱਧ ਲੋਕ ਸਟਾਰਟਅਪ ਇਕੋਸਿਸਟਮ ਨਾਲ ਜੁੜ ਕੇ ਪਿਚਿੰਗ ਸੁਣਨਗੇ ਅਤੇ ਉਦਯਮਤਾ ਦੀ ਭਾਵਨਾ ਦਾ ਜਸ਼ਨ ਮਨਾਉਣਗੇ। ਸਮਾਗਮ 2026 ਨੂੰ 'ਸਟਾਰਟਅਪ ਪੰਜਾਬ' ਵੱਲੋਂ ਪ੍ਰਾਯੋਜਿਤ ਕੀਤਾ ਗਿਆ ਹੈ ਜਿਸ ਵਿੱਚ ਐਮਬੀਸੀਈ, ਆਈਸੀਆਈਸੀਆਈ ਬੈਂਕ, ਰਾਲਸਨ ਟਾਇਰਜ਼, ਈਸਟਮੈਨ ਇੰਡਸਟਰੀਜ਼, ਰਾਕਮੈਨ ਇੰਡਸਟਰੀਜ਼, ਸੈਂਟੇਕਸ ਇੰਟਰਨੈਸ਼ਨਲ ਅਤੇ ਹਾਈਵੇ ਇੰਡਸਟਰੀਜ਼ ਦਾ ਸਹਿਯੋਗ ਹੈ। ਇਹ ਲੁਧਿਆਣਾ ਨੂੰ ਉਦਯੋਗਪਤੀਆਂ ਅਤੇ ਮੈਨੂਫੈਕਚਰਿੰਗ ਸਟਾਰਟਅਪਸ ਦਾ ਐਸਾ ਸ਼ਹਿਰ ਬਣਾਉਣ ਦੀ ਲੰਬੀ ਯਾਤਰਾ ਦੀ ਸ਼ੁਰੂਆਤ ਹੈ ਜਿਸਦਾ ਦੇਸ਼ ਵਿੱਚ ਕੋਈ ਸਾਨੀ ਨਹੀਂ ਹੋਵੇਗਾ।

96 ਸਾਲਾ ਬਜ਼ੁਰਗ ਔਰਤ ਦੀ ਕਲਾਈ ਦੇ ਫ੍ਰੈਕਚਰ ਦੀ ਸਫਲ ਸਰਜਰੀ ਹੋਈ

ਨਵਾਂਸ਼ਹਿਰ: 15 ਮਈ – ਸੁਖਦੇਵ ਸਿੰਘ ਉੜਾਪੜ :96 ਸਾਲਾ ਬਜ਼ੁਰਗ ਔਰਤ ਦੀ ਕਲਾਈ ਦੇ ਫ੍ਰੈਕਚਰ ਦੀ ਲਿਵਾਸਾ ਹਸਪਤਾਲ, ਨਵਾਂਸ਼ਹਿਰ ਵਿੱਖੇ ਸਫਲ ਗੁੰਝਲਦਾਰ ਸਰਜਰੀ ਕੀਤੀ ਗਈ। ਡਿੱਗਣ ਤੋਂ ਬਾਅਦ, ਬਜ਼ੁਰਗ ਔਰਤ ਦੀ ਕਲਾਈ ਵਿੱਚ ਇੱਕ ਇੰਟਰਾ-ਆਰਟੀਕੂਲਰ ਡਿਸਟਲ ਰੇਡੀਅਸ ਫ੍ਰੈਕਚਰ ਹੋਇਆ ਸੀ, ਜੋ ਕਿ ਉਮਰ, ਗੰਭੀਰ ਓਸਟੀਓਪੋਰੋਸਿਸ, ਫ੍ਰੈਕਚਰ ਦੇ ਮਲਟੀਪਲ ਫ੍ਰੈਗਮੈਂਟੇਸ਼ਨ ਅਤੇ ਜੋੜਾਂ ਦੀਆਂ ਸਮੱਸਿਆਵਾਂ ਕਾਰਨ ਹੋਰ ਵੀ ਚੁਣੌਤੀਪੂਰਨ ਹੋ ਗਿਆ ਸੀ।ਸੀਨੀਅਰ ਸਲਾਹਕਾਰ-ਅਨੱਸਥੀਸੀਆ ਅਤੇ ਕ੍ਰਿਟੀਕਲ ਕੇਅਰ, ਡਾ. ਸਮੀਰ ਸ਼ਰਮਾ ਨੇ ਕਿਹਾ ਕਿ ਇਹ ਪ੍ਰਕਿਰਿਆ ਖੇਤਰੀ ਅਨੱਸਥੀਸੀਆ ਦੇ ਤਹਿਤ ਕੀਤੀ ਗਈ ਸੀ, ਜਿਸ ਵਿੱਚ ਸੁਪਰਾ ਕਲੇਵੀਕੂਲਰ ਅਤੇ ਐਕਸੀਲਰੀ ਨਰਵ ਬਲਾਕਾਂ ਦੀ ਸੰਯੁਕਤ ਵਰਤੋਂ ਕੀਤੀ ਗਈ ਸੀ। ਇਹ ਮਰੀਜ਼ ਨੂੰ ਪੂਰੀ ਤਰ੍ਹਾਂ ਹੋਸ਼ ਵਿੱਚ ਰਹਿੰਦਿਆਂ ਸਰਜਰੀ ਕਰਵਾਉਣ ਦੀ ਆਗਿਆ ਦਿੰਦਾ ਹੈ ਅਤੇ ਬਜ਼ੁਰਗ ਮਰੀਜ਼ਾਂ ਵਿੱਚ ਜਨਰਲ ਅਨੱਸਥੀਸੀਆ ਨਾਲ ਜੁੜੇ ਇੰਟਰਾਓਪਰੇਟਿਵ ਜੋਖਮਾਂ ਨੂੰ ਘਟਾਉਂਦਾ ਹੈ।ਸਲਾਹਕਾਰ ਆਰਥੋ ਡਾ. ਆਕਾਸ਼ਦੀਪ ਸਿੰਘ ਨੇ ਦੱਸਿਆ ਕਿ ਇਲਾਜ ਰਣਨੀਤੀ ਦਾ ਮੁੱਖ ਟੀਚਾ ਕਲਾਈ ਦੇ ਕੰਮਕਾਜ ਦੀ ਜਲਦੀ ਪੁਨਰਵਾਸ ਅਤੇ ਬਹਾਲੀ ਸੀ। ਪੋਸਟਓਪਰੇਟਿਵ ਪੀਰੀਅਡ ਵਿੱਚ, ਮਰੀਜ਼ ਨੇ ਤਸੱਲੀਬਖਸ਼ ਸੁਧਾਰ ਦਿਖਾਇਆ ਅਤੇ ਤਿੰਨ ਦਿਨਾਂ ਦੇ ਅੰਦਰ ਮਰੀਜ਼ ਨੂੰ ਸਥਿਰ ਹਾਲਤ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।ਇਸ ਮਾਮਲੇ ਵਿੱਚ ਸਾਡਾ ਮੁੱਖ ਉਦੇਸ਼ ਨਾ ਸਿਰਫ਼ ਫ੍ਰੈਕਚਰ ਨੂੰ ਠੀਕ ਕਰਨਾ ਸੀ, ਸਗੋਂ ਮਰੀਜ਼ ਦੇ ਵਿਸ਼ਵਾਸ ਅਤੇ ਕਾਰਜਸ਼ੀਲ ਸੁਤੰਤਰਤਾ ਨੂੰ ਬਹਾਲ ਕਰਨਾ ਵੀ ਸੀ,

ਪਾਰਦਰਸ਼ੀ ਤਰੀਕੇ ਨਾਲ ਕਰਵਾਈ ਜਾਵੇਗੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ: ਡੀ ਸੀ

ਸ੍ਰੀ ਮੁਕਤਸਰ ਸਾਹਿਬ 15 ਮਈ (ਐਚ ਐਸ ਕਪੂਰ) ਭਾਰਤ ਚੋਣ ਕਮਿਸ਼ਨ ਅਤੇ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਨੂੰ ਪੂਰੀ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਪੰਚਾਲ ਵਲੋਂ ਕੀਤਾ ਗਿਆ।ਉਹਨਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਨੋਟੀਫਿਕੇਸ਼ਨ ਜਾਰੀ ਕਰਕੇ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਜ਼ਿਲ੍ਹੇ ਵਿੱਚ 25 ਜੂਨ,2026 ਤੋਂ 24 ਜੁਲਾਈ, 2026 ਤੱਕ ਬੀਐਲਓਜ਼ ਘਰੋਂ—ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ। ਇਸ ਕਾਰਜ ਲਈ 753 ਬੀ.ਐਲ.ਓਜ, 81 ਸੁਪਰਵਾਈਜ਼ਰ, 4 ਈਆਰਓਜ਼ ਅਤੇ 8 ਏਈਆਰਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਉਹਨਾਂ ਦੱਸਿਆ ਕਿ ਹਰੇਕ ਬੀਐਲਓ ਨੂੰ ਔਸਤ 300 ਘਰ ਅਤੇ 1200 ਵੋਟਰ ਹੀ ਐਸ.ਆਈ.ਆਰ. ਲਈ ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਮੁੱਖ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਐਸ.ਆਈ.ਆਰ. ਕਰਵਾਉਣ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 2026 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਦੋਹਰੀ ਵੋਟ ਰੱਖਣਾ ਭਾਰਤੀ ਸੰਵਿਧਾਨ ਅਨੁਸਾਰ ਅਪਰਾਧ ਹੈ ਜਿਸ ਲਈ ਇੱਕ ਸਾਲ ਤੱਕ ਦੀ ਕੈਦ ਦੀ ਸਜ਼ਾ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਐਸ.ਆਈ.ਆਰ. ਅਧੀਨ ਫਾਰਮ ਭਰਨਾ ਪਵੇਗਾ। ਉਹਨਾਂ ਦੱਸਿਆ ਕਿ ਦਫ਼ਤਰ ਜ਼ਿਲ੍ਹਾ ਚੋਣ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀ ਗਈ ਪ੍ਰੀ ਐਸ.ਆਈ.ਆਰ.ਮੈਪਿੰਗ ਦੇ ਤਹਿਤ ਜ਼ਿਲ੍ਹੇ ਦੇ 691402 ਵੋਟਰਾਂ ਵਿੱਚੋਂ 638878 ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ ਜੋ ਕਿ ਕੁੱਲ ਵੋਟਰਾਂ ਦਾ 92.40 ਫੀਸਦ ਬਣਦੀ ਹੈ।ਉਹਨਾਂ ਦੱਸਿਆ ਕਿ ਜਿ<ਲ੍ਹੇ ਦੇ ਦਿਹਾਤੀ ਇਲਾਕਿਆਂ ਅਤੇ ਸ਼ਹਿਰੀ ਖੇਤਰਾਂ ਵਿੱਚ 92.40 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਉਹਨਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ 1 ਜਨਵਰੀ, 2003 ਨੂੰ ਯੋਗਤਾ ਮਿਤੀ ਨਿਰਧਾਰਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਐਸ.ਆਈ.ਆਰ. ਬਾਰੇ ਹੋਰ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦਾ ਕਾਰਜ 24—07—2026 ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀ ਦਾ ਖਰੜਾ 31—07—2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗ

ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ ਵੱਲੋਂ ਨਾਮਜ਼ਦਗੀ ਪੱਤਰ ਦਾਖਲ

ਭਗਤਾ ਭਾਈ ਕਾ 15 ਮਈ (ਸਵਰਨ ਸਿੰਘ ਭਗਤਾ) ਪੰਜਾਬ ਰਾਜ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਨੂੰ ਲੈਕੇ ਵੱਖ ਵੱਖ ਪਾਰਟੀਆਂ ਵੱਲੋਂ ਕਮਰਕੱਸ ਲਈ ਗਈ ਹੈ ਜਿਸ ਦੇ ਤਹਿਤ ਅੱਜ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਨਗਰ ਭਗਤਾ ਭਾਈ ਕਾ ਦੀ ਨਗਰ ਪੰਚਾਇਤ ਦੀ ਚੋਣ ਲਈ ਨਗਰ ਪੰਚਾਇਤ ਭਗਤਾ ਭਾਈਕਾ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ ਨੇ ਕਾਂਗਰਸ ਪਾਰਟੀ ਵੱਲੋਂ ਨਗਰ ਪੰਚਾਇਤ ਭਗਤਾ ਭਾਈ ਦੀ ਚੋਣ ਲਈ ਵਾਰਡ ਨੰਬਰ 2 ਤੋਂ ਉਮੀਦਵਾਰ ਵਜੋਂਨਾਮਜ਼ਦਗੀ ਪੱਤਰ ਦਾਖਲ ਕੀਤੇ ।ਇਸ ਮੌਕੇ ਉਨ੍ਹਾਂ ਤੋਂ ਇਲਾਵਾ ਹੋਰ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

ਰਾਜਵਿੰਦਰ ਕੌਰ ਜ਼ਿਲ੍ਹਾ ਪ੍ਰੀਸ਼ਦ ਦੀ ਵਾਈਸ ਚੇਅਰਮੈਨ ਬਣੀ

ਚੋਗਾਵਾਂ, 15 ਮਈ (ਸੁਬੇਗ ਸਿੰਘ ਸੋਨਾ) ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਮੱਝ ਦੀ ਜ਼ਿਲ੍ਹਾ ਪ੍ਰੀਸ਼ਦ ਦੀ ਵਾਈਸ ਚੇਅਰਮੈਨ ਰਾਜਵਿੰਦਰ ਕੌਰ ਪਤਨੀ ਲਖਬੀਰ ਸਿੰਘ ਮੱਝ ਸਰਬ ਸੰਮਤੀ ਨਾਲ ਚੁਣੀ ਗਈ। ਉਨ੍ਹਾਂ ਦਾ ਪਿੰਡ ਪਹੁੰਚਣ ਤੇ ਪਿੰਡ ਵਾਸੀਆਂ ਵੱਲੋਂ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ, ਚੇਅਰਮੈਨ ਲਖਵਿੰਦਰ ਸਿੰਘ ਲੱਖਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਨਿਹਾਲ ਸਿੰਘ, ਵਿਰਾਸਤ ਸੇਵਾ ਸੰਗਠਨ ਇੰਚਾਰਜ ਅੰਮ੍ਰਿਤਪਾਲ ਸਿੰਘ ਸ਼ਹੂਰਾ, ਸਰਪੰਚ ਜਸਪਾਲ ਸਿੰਘ ਮਿੰਟੂ ਭੀਲੋਵਾਲ ਮੌਜੂਦ ਸਨ। ਇਸ ਮੌਕੇ ਨਵ- ਨਿਯੁਕਤ ਵਾਈਸ ਚੇਅਰਮੈਨ ਰਾਜਵਿੰਦਰ ਕੌਰ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਉਨ੍ਹਾਂ ਇਸ ਨਿਯੁਕਤੀ ਲਈ ਆਪ ਦੀ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਅਵਤਾਰ ਸਿੰਘ ਲਾਲੀ, ਸਰਪੰਚ ਪਿਸ਼ੌਰਾ ਸਿੰਘ, ਸੂਬਾ ਸਿੰਘ, ਧੀਰਾ ਸਿੰਘ,ਸੁਖਦੇਵ ਸਿੰਘ ਬਾਦਸ਼ਾਹ, ਬਲਵਿੰਦਰ ਸਿੰਘ, ਆਦਿ ਹਾਜ਼ਰ ਸਨ।

ਇੰਜੀ. ਜੇ.ਪੀ. ਸਿੰਘ ਵਾਰਡ ਨੰਬਰ 8 ਤੋਂ

ਮਾਝਾ-ਦੁਆਬਾ

ਆਸ ਪਾਸ

ਛੱਜਲਵੱਡੀ ਵਿਚ ਸੰਗਤ ਵੱਲੋਂ ਬਾਬਾ ਸੁੱਖਾ ਸਿੰਘ ਦਾ ਭਰਵਾਂ ਸਵਾਗਤ

ਚੋਹਲਾ ਸਾਹਿਬ, 15 ਮਈ (ਭਗਤ ਸਿੰਘ ਸੰਧੂ) : ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਅੱਜ ਸੰਗਤਾਂ ਦੇ ਸੱਦੇ 'ਤੇ ਪਿੰਡ ਛੱਜਲਵੱਡੀ ਪਹੁੰਚੇ, ਜਿੱਥੇ ਸੰਗਤਾਂ ਦਾ ਭਰਵਾਂ ਇਕੱਠ ਸੀ। ਨਗਰ ਨਿਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸ. ਲਖਵਿੰਦਰ ਸਿੰਘ ਜੀ ਨੇ ਆਖਿਆ, ਅਸੀਂ ਭਲੀਭਾਂਤ ਜਾਣਦੇ ਹਾਂ ਕਿ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਾਲ 2023 ਅਤੇ ਸਾਲ 2025 ਦੇ ਹੜ੍ਹਾਂ ਵਿੱਚ ਟੁੱਟੇ ਦਰਿਆਵਾਂ ਦੇ ਬੰਨਣ ਦੀਆਂ ਸੇਵਾ ਕੀਤੀਆਂ ਗਈਆਂ। ਹੜ ਪੀੜਤਾਂ ਲਈ ਹੋਰ ਅਨੇਕਾਂ ਰਾਹਤ ਕਾਰਜ ਕੀਤੇ ਗਏ। ਗਰੀਬ ਕਿਸਾਨਾਂ ਦੀਆਂ ਸੈਂਕੜੇ ਏਕੜ ਜਮੀਨਾਂ ਪੱਧਰੀਆਂ ਕਰਕੇ ਕਣਕ ਬੀਜ ਕੇ ਦਿੱਤੀ ਗਈ। ਸਮੂਹ ਨਗਰ ਨਿਵਾਸੀਆਂ ਦੀ ਬੜੇ ਲੰਮੇ ਸਮੇਂ ਤੋਂ ਤਾਂਘ ਸੀ ਕਿ ਬਾਬਾ ਜੀ ਸਾਡੇ ਨਗਰ ਚਰਨ ਪਾਉਣ। ਇਸ ਮੌਕੇ ਸੰਗਤ ਵਿੱਚ ਸ. ਲਖਵਿੰਦਰ ਸਿੰਘ, ਬੀਬੀ ਲਖਵਿੰਦਰ ਕੌਰ, ਤਰਨਪ੍ਰੀਤ ਸਿੰਘ ਤੇ ਸੁਖਕਰਨਪ੍ਰੀਤ ਸਿੰਘ ਦਾ ਸਮੂਹ ਪਰਿਵਾਰ , ਜਥੇਦਾਰ ਹਰਬੰਸ ਸਿੰਘ, ਅਮੀਰ ਸਿੰਘ, ਮੇਜਰ ਸਿੰਘ, ਸ਼ੀਰਾ ਸਿੰਘ, ਬਲਕਾਰ ਸਿੰਘ, ਸਤਨਾਮ ਸਿੰਘ, ਗੁਰਮੀਤ ਕੌਰ ਕਿਰਨਦੀਪ ਕੌਰ, ਵੀਰ ਕੌਰ, ਰਾਜਵਿੰਦਰ ਕੌਰ ਅਤੇ ਹੋਰ ਬੇਅੰਤ ਸੰਗਤ ਹਾਜ਼ਰ ਸੀ।

ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ ਵਿਕਾਸ ਅਥਾਰਟੀ ਤੇ ਪੁੱਡਾ ਵੱਲੋਂ ਕੀਤੀ ਗਈ ਕਾਰਵਾਈ

ਅੰਮ੍ਰਿਤਸਰ, 15 ਮਈ (ਗੁਰਦਿਆਲ ਸਿੰਘ) : ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ.ਏ.ਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀ.ਸੀ.ਐੱਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਰਾਮਤੀਰਥ ਰੋਡ ਉੱਪਰ ਪੈਂਦੇ ਪਿੰਡ ਵਡਾਲਾ ਭਿੱਟੇਵੱਡ ਵਿਖੇ ਨਿਊ ਮੈਪਲ ਸਿਟੀ, ਅਣ-ਅਧਿਕਾਰਤ ਕਲੋਨੀ (ਏਕਮ ਗਾਰਡਨ ਦੇ ਸਾਹਮਣੇ) ਅਤੇ ਆਰ.ਟੀ ਇਨਕਲੇਵ (ਐਕਸਟੈਂਸ਼ਨ) ਨਾਮਕ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ ਹੈ। ਜ਼ਿਲ੍ਹਾ ਟਾਊਨ ਪਲਾਨਰ, ਅਮਰਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਵਡਾਲਾ ਭਿੱਟੇਵੱਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ ਮਿਤੀ 14/05/2026 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ 'ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਰਾਮਤੀਰਥ ਰੋਡ ਉੱਪਰ ਪੈਂਦੇ ਪਿੰਡ ਵਡਾਲਾ ਭਿੱਟੇਵੱਡ ਵਿਖੇ ਵਿਸਕਿਤ ਨਿਊ ਮੈਪਲ੍ਹ ਸਿਟੀ ਖਿਲਾਫ ਪਹਿਲਾਂ ਵੀ ਮਿਤੀ 03/09/2024 ਰਾਹੀਂ, ਆਰ.ਟੀ ਇਨਕਲੇਵ (ਐਕਸਟੈਂਸ਼ਨ) ਖਿਲਾਫ ਪਹਿਲਾਂ ਵੀ ਮਿਤੀ 04/04/2025 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਹੁਣ ਮੌਕੇ ਤੇ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ। ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜ਼ੂਰਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜ਼ੂਰੀ ਦੀ ਮੰਗ ਜ਼ਰੂਰ ਕਰਨ ਅਤੇ ਅੰਮ੍ਰਿਤਸਰ ਵਿਕਾਸ ਅਥਾਰਿਟੀ ਦੀ ਵੈਬਸਾਈਟ ਉਪਰ ਉਪਲੱਬਧ ਅਣ-ਅਧਿਕਾਰਿਤ ਕਲੋਨੀਆਂ ਸਬੰਧੀ ਵੇਰਵਿਆਂ ਨੂੰ ਜ਼ਰੂਰ ਵਾਚ ਲਿਆ ਜਾਵੇ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਨਵੇਂ ਮੈਨੇਜਰ ਮੇਜਰ ਸਿੰਘ ਦਾ ਸਨਮਾਨ

ਅੰਮ੍ਰਿਤਸਰ, 15 ਮਈ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੀ ਅਗਵਾਈ ਹੇਠ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਵੇਂ ਨਿਯੁਕਤ ਮੈਨੇਜਰ ਸਰਦਾਰ ਮੇਜਰ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਸੰਗਤਾਂ ਵੱਲੋਂ ਵੀ ਸਰਦਾਰ ਮੇਜਰ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਸਰਦਾਰ ਮੇਜਰ ਸਿੰਘ ਨੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਚਲਾਏ ਜਾ ਰਹੇ ਕਾਰ ਸੇਵਾ ਕਾਰਜਾਂ ਅਤੇ ਸਮਾਜ ਭਲਾਈ ਪ੍ਰੋਜੈਕਟਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਕੇਂਦਰ ਦੀ ਸਮੂਹ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੇਂਦਰ ਵੱਲੋਂ ਸਿੱਖੀ, ਸਿੱਖਿਆ ਅਤੇ ਮਨੁੱਖਤਾ ਦੀ ਸੇਵਾ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ, ਜੋ ਸਮਾਜ ਲਈ ਪ੍ਰੇਰਣਾ ਸਰੂਪ ਹਨ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਕਈ ਗੁਰਦੁਆਰਿਆਂ ਵਿੱਚ ਚੱਲ ਰਹੇ ਕਾਰ ਸੇਵਾ ਦੇ ਕੰਮ ਬਹੁਤ ਹੀ ਸ਼ਲਾਘਾਯੋਗ ਹਨ। ਧਾਰਮਿਕ ਅਸਥਾਨਾਂ ਦੀ ਸੰਭਾਲ ਅਤੇ ਸੰਗਤਾਂ ਦੀ ਸੇਵਾ ਲਈ ਕੀਤੇ ਜਾ ਰਹੇ ਇਹ ਯਤਨ ਸਿੱਖ ਕੌਮ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹਨ।ਸਰਦਾਰ ਮੇਜਰ ਸਿੰਘ ਨੇ ਕਿਹਾ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਲੋੜਵੰਦਾਂ ਦੀ ਸਹਾਇਤਾ, ਸਿੱਖਿਆ ਦੇ ਪ੍ਰਚਾਰ ਅਤੇ ਧਾਰਮਿਕ ਕਾਰਜਾਂ ਵਿੱਚ ਨਿਭਾਈ ਜਾ ਰਹੀ ਭੂਮਿਕਾ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੇ ਸੰਗਤਾਂ ਵਿੱਚ ਵਿਸ਼ੇਸ਼ ਸਥਾਨ ਬਣਾਇਆ ਹੈ ਅਤੇ ਇਸ ਦੀਆਂ ਸੇਵਾਵਾਂ ਲਗਾਤਾਰ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ।ਇਸ ਮੌਕੇ ਮੈਨੇਜਰ ਵਿਕਰਮ ਸਿੰਘ, ਮੈਨੇਜਰ ਜੈ ਸਿੰਘ, ਕਾਰ ਸੇਵਾ ਦਫਤਰ ਦੇ ਪ੍ਰਬੰਧਕ ਮਨਦੀਪ ਸਿੰਘ ਭੋਲੂ ਸਤਨਾਮ ਸਿੰਘ ਅਤੇ ਹੋਰ ਸੰਗਤਾਂ ਵੀ ਹਾਜ਼ਰ ਸਨ।

ਤੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ

ਅੰਮ੍ਰਿਤਸਰ, 15 ਮਈ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਤੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10+2 (ਬਾਰ੍ਹਵੀਂ) ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਨੇ ਦੱਸਿਆ ਕਿ ਸ਼ਾਨਦਾਰ ਨਤੀਜਿਆਂ ਦੀ ਲੜੀ ਵਿੱਚ ਕਾਲਜ ਦੇ 26 ਵਿਦਿਆਰਥੀਆਂ ਨੇ 80% ਤੋਂ ਵੱਧ, 56 ਵਿਦਿਆਰਥੀਆਂ ਨੇ 70% ਤੋਂ 80% ਦਰਮਿਆਨ ਅਤੇ 38 ਵਿਦਿਆਰਥੀਆਂ ਨੇ 60% ਤੋਂ 70% ਦੇ ਵਿਚਕਾਰ ਅੰਕ ਹਾਸਲ ਕੀਤੇ ਹਨ। ਉਨ੍ਹਾਂ ਇਸ ਸ਼ਾਨਦਾਰ ਸਫਲਤਾ ਦਾ ਸਿਹਰਾ ਕਾਲਜ ਦੇ ਮਿਹਨਤੀ ਸਟਾਫ਼ ਸਿਰ ਬੰਨ੍ਹਿਆ।ਵਿਦਿਆਰਥੀਆਂ ਦੀ ਇਸ ਬਿਹਤਰੀਨ ਕਾਰਗੁਜ਼ਾਰੀ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ .ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿਦਿਆ ਸ. ਸੁਖਮਿੰਦਰ ਸਿੰਘ ਨੇ ਕਾਲਜ ਪ੍ਰਿੰਸੀਪਲ, ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਭੇਜੀਆਂ। ਇਸ ਮੌਕੇ ਰਜਿਸਟਰਾਰ ਪ੍ਰੋ. ਜਤਿੰਦਰ ਕੌਰ, ਸੀਨੀ ਸੈਕੰਡਰੀ ਇੰਚਾਰਜ ਪ੍ਰੋ. ਸਾਹਿਬ ਸਿੰਘ, ਕੋ-ਇੰਚਾਰਜ ਪ੍ਰੋ. ਮਨਦੀਪ ਕੌਰ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਪੁਲਿਸ ਵੱਲੋਂ ਡਕੈਤੀ ਦੀ ਯੋਜਨਾ ਨਾਕਾਮ, 6 ਦੋਸ਼ੀਆਂ ਨੂੰ ਪਿਸਤੌਲ ਸਮੇਤ ਕੀਤਾ ਕਾਬੂ

ਦੀਨਾਨਗਰ ,15 ਮਈ (ਡਾ.ਰਮੇਸ਼ ਸਰੰਗਲ) :ਐੱਸ ਐੱਸ ਪੀ ਗੁਰਦਾਸਪੁਰ, ਆਦਿੱਤਿਆ ਵੱਲੋਂ ਪੱਤਰਕਾਰਾਂ ਨਾਲ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਗਿਆ ਕਿ ਗੁਰਦਾਸਪੁਰ ਪੁਲਿਸ ਵੱਲੋਂ ਡਕੈਤੀ ਦੀ ਯੋਜਨਾ ਨਾਕਾਮ ਕਰਦਿਆਂ 06 ਦੋਸ਼ੀਆ ਨੂੰ 01 ਪਿਸਟਲ 30 ਬੋਰ ਸਮੇਤ ਮੈਗਜ਼ੀਨ, 04 ਰੌਦ ਜਿੰਦਾ ਅਤੇ ਹਥਿਆਰ ਸਮੇਤ ਕੀਤਾ ਕਾਬੂ ਕੀਤਾ ਗਿਆ ਹੈ। ਇਸ ਮੌਕੇ ਡੀ ਐੱਸ ਪੀ ਦੀਨਾਨਗਰ ਰਜਿੰਦਰ ਸਿੰਘ ਮਿਨਹਾਸ ਵੀ ਮੌਜੂਦ ਸਨ। ਐੱਸ ਐੱਸ ਪੀ ਗੁਰਦਾਸਪੁਰ ਆਦਿੱਤਿਆ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਵਲੋਂ ਗੈਂਗਸਟਰ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦਾਸਪੁਰ ਪੁਲਿਸ ਵੱਲੋਂ ਗੈਰ ਕਾਨੂੰਨੀ ਅਨਸਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਥਾਣਾ ਦੀਨਾਨਗਰ ਦੀ ਪੁਲਿਸ ਨੂੰ ਮਿਤੀ 14.05.2026 ਨੂੰ ਗੁਪਤ ਸੂਚਨਾ ਮਿਲੀ ਕਿ ਮੜੀਆ ਪਿੰਡ ਕੋਟਾ ਵਿਖੇ ਇੱਕ ਕਾਰ ਮਾਰਕਾ ਵਰਨਾ ਵਿੱਚ ਸਵਾਰ ਵਿਅਕਤੀ ਡਕੈਤੀ ਦੀ ਯੋਜਨਾ ਬਣਾ ਰਹੇ ਹਨ। ਜਿਸ ਤੇ ਪੁਲਿਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਇਆ ਡਕੈਤੀ ਦੀ ਯੋਜਨਾ ਬਣਾ ਰਹੇ 06 ਦੋਸ਼ੀਆ ਯੂਸਫ ਮਸੀਹ ਉਰਫ ਐਮ.ਪੀ.. ਮਲੂਕ ਮਸੀਹ, ਕਮਲਜੀਤ ਉਰਫ ਦਾਤਰ, ਹਨੀ, ਮਹਿਕਪ੍ਰੀਤ ਸਿੰਘ ਅਤੇ ਸੰਦੀਪ ਮਸੀਹ ਨੂੰ ਕਾਰ ਮਾਰਕਾ ਵਰਨਾ ਸਮੇਤ ਕਾਬੂ ਕੀਤਾ। ਦੋਸ਼ੀਆ ਦੀ ਤਲਾਸ਼ੀ ਦੌਰਾਨ ਉਹਨਾਂ ਪਾਸੋਂ 01 ਪਿਸਟਲ 30 ਬੋਰ ਸਮੇਤ ਮੈਗਜ਼ੀਨ ਅਤੇ 04 ਰੌਦ ਜਿੰਦਾ ਬ੍ਰਾਮਦ ਕੀਤੇ ਗਏ।

ਸਿਵਲ ਸਰਜਨ ਦਫ਼ਤਰ ਵਿਖੇ ਮਨਾਇਆ ਵਿਸ਼ਵ ਡੇਂਗੂ ਜਾਗਰੂਕਤਾ ਦਿਵਸ

ਚੋਹਲਾ ਸਾਹਿਬ , 15 ਮਈ (ਭਗਤ ਸਿੰਘ ਸੰਧੂ) : ਦਫ਼ਤਰ ਸਿਵਲ ਸਰਜਨ, ਤਰਨ ਤਾਰਨ ਵਿਖੇ ਵਿਸ਼ਵ ਡੇਂਗੂ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਇਕ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਨੂੰ ਸਿਵਲ ਸਰਜਨ ਡਾ: ਗੁਰਪ੍ਰੀਤ ਸਿੰਘ ਰਾਏ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ, ਕਾਲਜਾਂ ਅਤੇ ਜਨਤਕ ਥਾਵਾਂ ਤੋਂ ਇਲਾਵਾ ਘਰ-ਘਰ ਜਾ ਕੇ ਆਮ ਲੋਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਡੇਂਗੂ, ਬੁਖ਼ਾਰ ਅਤੇ ਇਸ ਦੇ ਬਚਾਅ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ: ਰਾਘਵ ਗੁਪਤਾ ਨੇ ਕਿਹਾ ਕਿ ਲੋਕ ਆਪਣੇ ਆਲੇ-ਦੁਆਲੇ ਸਾਫ-ਸਫਾਈ ਦਾ ਖਾਸ ਖਿਆਲ ਰੱਖਣ ਅਤੇ ਬਾਰਿਸ਼ ਦੇ ਪਾਣੀ ਨੂੰ ਘਰਾਂ ਲਾਗੇ ਖੜ੍ਹਾ ਨਾ ਹੋਣ ਦੇਣ। ਉਨ੍ਹਾਂ ਕਿਹਾ ਕਿ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ, ਛੱਤਾਂ ਅਤੇ ਆਲੇ-ਦੁਆਲੇ ਪਏ ਪੁਰਾਣੇ ਟਾਇਰਾਂ, ਭਾਂਡਿਆਂ, ਟੁੱਟੇ ਗਮਲਿਆਂ, ਟੈਂਕੀਆਂ ਵਿਚ ਬਾਰਿਸ਼ ਦਾ ਪਾਣੀ ਨਾ ਇਕੱਠਾ ਨਾ ਹੋਣ ਦਿੱਤਾ ਜਾਵੇ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡ. ਭ

ਟਿਕਟ ਵੰਡ ਨੇ ਉਲਝਾਏ ਸਿਆਸੀ ਸਮੀਕਰਨ; ਬਠਿੰਡਾ ਦੇ ਸਿਆਸੀ ਮੈਦਾਨ 'ਚ ਮਹਿਤਾ ਗਰੁੱਪ ਦੀ ਪਕੜ ਹੋਈ ਮਜ਼ਬੂਤ

ਬਠਿੰਡਾ, 15 ਮਈ (ਦੀਪਕ ਸ਼ਰਮਾ): ਬਠਿੰਡਾ ਨਗਰ ਨਿਗਮ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਨੇ ਸ਼ੁੱਕਰਵਾਰ ਨੂੰ

ਆਪਣੇ 50 ਉਮੀਦਵਾਰਾਂ ਦੀ ਅੰਤਿਮ ਸੂਚੀ ਜਾਰੀ ਕਰ ਦਿੱਤੀ ਹੈ। 26 ਮਈ ਨੂੰ ਹੋਣ ਜਾ ਰਹੀਆਂ ਇਨ੍ਹਾਂ ਚੋਣਾਂ ਲਈ ਜਾਰੀ ਕੀਤੀ ਗਈ ਸੂਚੀ ਵਿੱਚ ਸਾਬਕਾ ਮੇਅਰ ਪਦਮਜੀਤ ਸਿੰਘ ਮਹਿਤਾ ਦੇ ਅਗਵਾਈ ਵਾਲੇ 'ਮਹਿਤਾ ਗਰੁੱਪ' ਦਾ ਪੂਰਾ ਦਬਦਬਾ ਦੇਖਣ ਨੂੰ ਮਿਲ ਰਿਹਾ ਹੈ। ਪਾਰਟੀ ਨੇ ਜ਼ਿਆਦਾਤਰ ਟਿਕਟਾਂ ਮੌਜੂਦਾ ਕੌਂਸਲਰਾਂ ਅਤੇ ਪੁਰਾਣੇ ਵਫ਼ਾਦਾਰ ਆਗੂਆਂ ਨੂੰ ਦੇ ਕੇ ਇਹ ਸਾਫ਼ ਸੰਕੇਤ ਦਿੱਤਾ ਹੈ ਕਿ ਸੰਗਠਨ ਇਸ ਵਾਰ ਜਿੱਤ ਲਈ ਤਜ਼ਰਬੇਕਾਰ ਅਤੇ ਮਜ਼ਬੂਤ ਚਿਹਰਿਆਂ 'ਤੇ ਹੀ ਭਰੋਸਾ ਜਤਾ ਰਿਹਾ ਹੈ। ਸੂਚੀ ਸਾਹਮਣੇ ਆਉਣ ਤੋਂ ਬਾਅਦ ਸ਼ਹਿਰ ਦੀ ਸਿਆਸਤ ਵਿੱਚ ਇਹ ਚਰਚਾ ਛਿੜ ਗਈ ਹੈ ਕਿ ਬਦਲੇ ਹੋਏ ਸਿਆਸੀ ਹਾਲਾਤ ਦੇ ਬਾਵਜੂਦ ਵਿਧਾਇਕ ਜਗਰੂਪ ਸਿੰਘ ਗਿੱਲ ਦੇ ਸਮਰਥਕਾਂ ਨੂੰ ਉਮੀਦ ਅਨੁਸਾਰ ਥਾਂ ਨਹੀਂ ਮਿਲ ਸਕੀ। ਪਾਰਟੀ ਨੇ ਉਨ੍ਹਾਂ ਆਗੂਆਂ 'ਤੇ ਵੀ ਭਰੋਸਾ ਜਤਾਇਆ ਹੈ ਜਿਨ੍ਹਾਂ ਨੇ ਪਿਛਲੇ ਸਮੇਂ ਦੌਰਾਨ ਕਾਂਗਰਸ, ਅਕਾਲੀ ਦਲ ਤੇ ਮਨਪ੍ਰੀਤ ਬਾਦਲ ਖੇਮੇ ਨੂੰ ਛੱਡ ਕੇ 'ਆਪ' ਦਾ ਪੱਲਾ ਫੜਿਆ ਸੀ। ਅਜਿਹੇ ਤਕਰੀਬਨ ਸਾਰੇ ਮੌਜੂਦਾ ਕੌਂਸਲਰਾਂ ਨੂੰ ਉਨ੍ਹਾਂ ਦੇ ਪੁਰਾਣੇ ਵਾਰਡਾਂ ਤੋਂ ਹੀ ਮੈਦਾਨ ਵਿੱਚ ਉਤਾਰਿਆ ਗਿਆ ਹੈ। ਸਾਬਕਾ ਮੇਅਰ ਪਦਮਜੀਤ ਸਿੰਘ ਮਹਿਤਾ ਖੁਦ ਵਾਰਡ ਨੰਬਰ 46 ਤੋਂ ਚੋਣ ਲੜਨਗੇ, ਜਦਕਿ ਸਾਬਕਾ ਸੀਨੀਅਰ ਡਿਪਟੀ ਮੇਅਰ ਸ਼ਾਮ ਲਾਲ ਜੈਨ ਵਾਰਡ ਨੰਬਰ 22 ਤੋਂ ਆਪਣੀ ਕਿਸਮਤ ਅਜ਼ਮਾਉਣਗੇ। ਵਿਧਾਇਕ ਜਗਰੂਪ ਸਿੰਘ ਗਿੱਲ ਦੇ ਭਾਣਜੇ ਸੁਖਦੀਪ ਸਿੰਘ ਢਿੱਲੋਂ ਨੂੰ ਵਾਰਡ ਨੰਬਰ 14 ਤੋਂ ਟਿਕਟ ਦਿੱਤੀ ਗਈ ਹੈ, ਜੋ ਪਹਿਲਾਂ ਵਾਰਡ ਨੰਬਰ 2 ਦੀ ਨੁਮਾਇੰਦਗੀ ਕਰ ਚੁੱਕੇ ਹਨ।

ਮਾਹਰਾਂ ਅਨੁਸਾਰ ਇਹ ਸੂਚੀ ਸਿਰਫ਼ ਨਾਵਾਂ ਦਾ ਐਲਾਨ ਨਹੀਂ, ਸਗੋਂ ਪਾਰਟੀ ਦੇ ਅੰਦਰੂਨੀ ਸ਼ਕਤੀ ਸੰਤੁਲਨ ਦੀ ਤਸਵੀਰ ਪੇਸ਼ ਕਰਦੀ ਹੈ। ਮਹਿਤਾ ਗਰੁੱਪ ਦੀ ਮਜ਼ਬੂਤ ਪਕੜ ਇਹ ਦੱਸਦੀ ਹੈ ਕਿ ਚੋਣਾਂ ਜਿੱਤਣ ਲਈ ਸਥਾਨਕ ਨੈੱਟਵਰਕ ਨੂੰ ਪਹਿਲ ਦਿੱਤੀ ਗਈ ਹੈ। ਦੂਜੇ ਪਾਸੇ, ਵਿਧਾਇਕ ਖੇਮੇ ਨੂੰ ਮਿਲੀ ਘੱਟ ਪ੍ਰਤੀਨਿਧਤਾ ਆਉਣ ਵਾਲੇ ਦਿਨਾਂ ਵਿੱਚ ਅੰਦਰੂਨੀ ਬਗ਼ਾਵਤ ਜਾਂ ਅਸੰਤੋਸ਼ ਦਾ ਕਾਰਨ ਬਣ ਸਕਦੀ ਹੈ। ਹਾਲਾਂਕਿ ਪਾਰਟੀ ਦੇ ਉੱਚ ਆਗੂ ਕਿਸੇ ਵੀ ਤਰ੍ਹਾਂ ਦੀ ਗੁੱਟਬੰਦੀ ਤੋਂ ਇਨਕਾਰ ਕਰ ਰਹੇ ਹਨ। ਇਹ ਸੂਚੀ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਦੀ ਮਨਜ਼ੂਰੀ ਤੋਂ ਬਾਅਦ ਜਾਰੀ ਕੀਤੀ ਗਈ ਹੈ। ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਟਿਕਟਾਂ ਦੀ ਵੰਡ ਵੇਲੇ ਸਾਫ਼ ਅਕਸ ਅਤੇ ਜਿੱਤਣ ਦੀ ਸਮਰੱਥਾ ਨੂੰ ਹੀ ਮੁੱਖ ਰੱਖਿਆ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਔਰਤਾਂ ਤੇ ਰਾਖਵੇਂ ਵਾਰਡਾਂ ਵਿੱਚ ਵੀ ਮਜ਼ਬੂਤ ਉਮੀਦਵਾਰ ਉਤਾਰੇ ਗਏ ਹਨ ਅਤੇ ਪਾਰਟੀ 50 ਦੇ 50 ਵਾਰਡਾਂ ਵਿੱਚ ਜਿੱਤ ਦਰਜ ਕਰਕੇ ਆਪਣਾ ਮੇਅਰ ਬਣਾਏਗੀ।

"ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ 1 ਜਨਵਰੀ ਤੋਂ ਨਸ਼ਿਆਂ ਵਿਰੁੱਧ 584 ਮੁਕਦਮੇ ਦਰਜ

ਸ੍ਰੀ ਮੁਕਤਸਰ ਸਾਹਿਬ, 15 ਮਈ (ਐਚ ਐਸ ਕਪੂਰ): ਪੰਜਾਬ ਸਰਕਾਰ ਤੇ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਰਾਜ ਪੱਧਰੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਤਹਿਤ, ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰਾਂ ਵਿਰੁੱਧ ਨਿਰੰਤਰ, ਠੋਸ ਤੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਐਸ.ਐਸ.ਪੀ. ਦੀ ਦੇਖ-ਰੇਖ ਹੇਠ ਜਿੱਥੇ ਇੱਕ ਪਾਸੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਅੰਦਰ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਦੂਜੇ ਪਾਸੇ ਨਸ਼ਾ ਤਸਕਰਾਂ, ਸੁਦਾਗਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਜੁੜੇ ਗਿਰੋਹਾਂ ਵਿਰੁੱਧ ਲਗਾਤਾਰ ਕਾਰਵਾਈ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਘਰੇ ਵਿੱਚ ਲਿਆਂਦਾ ਜਾ ਰਿਹਾ ਹੈ।

ਨਸ਼ਿਆਂ ਖ਼ਿਲਾਫ਼ ਕਾਰਵਾਈ ਤੇ ਰਿਕਵਰੀ 1 ਜਨਵਰੀ ਤੋਂ ਅੱਜ ਤੱਕ (ਪਿੱਛਲੇ 134) ਦਿਨਾਂ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਿਆਂ ਖ਼ਿਲਾਫ਼ 584 ਮੁਕਦਮੇ ਦਰਜ ਕਰਕੇ 878 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਇਸ ਦੌਰਾਨ ਪੁਲਿਸ ਵੱਲੋਂ ਹੇਠ ਲਿਖੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ: ਹੈਰੋਇਨ-3.892 ਕਿਲੋਗ੍ਰਾਮ, ਅਫ਼ੀਮ-10.386 ਕਿਲੋਗ੍ਰਾਮ, ਪੋਸਤ-342.386 ਕਿਲੋਗ੍ਰਾਮ, ਨਸ਼ੀਲੀਆਂ ਗੋਲੀਆਂ-75598, ਗਾਂਜਾ- 976 ਗ੍ਰਾਮ, ਨਸ਼ੀਲਾ ਪਾਊਡਰ:- 25 ਗ੍ਰਾਮ, ਪ੍ਰੈਗਾਬਲੀਨ ਕੈਪਸੂਲ-276859, ਡਰੱਗ ਮਨੀ-₹275390 ਜ਼ਬਤ ਕੀਤੀ। ਐਸ.ਐਸ.ਪੀ. ਜੀ ਨੇ ਦੱਸਿਆ ਪੁਲਿਸ ਦੀ ਕਾਰਵਾਈ ਸਿਰਫ਼ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਸੀਮਿਤ ਨਹੀਂ ਰਹੀ, ਸਗੋਂ ਨਸ਼ਾ ਕਰ ਰਹੇ ਵਿਅਕਤੀਆਂ ਨੂੰ ਇਲਾਜ ਤੇ ਕਾਉਂਸਲਿੰਗ ਰਾਹੀਂ ਮੁੜ ਸਹੀ ਜੀਵਨ ਧਾਰਾ ਵੱਲ ਲਿਆਂਦਾ ਜਾ ਰਿਹਾ ਹੈ।

SSP ਵੱਲੋਂ ਲੋਕਾਂ ਨੂੰ ਅਪੀਲ : ਇਹ ਲੜਾਈ ਸਾਂਝੀ ਹੈ ਐਸ.ਐਸ.ਪੀ. ਅਭਿਮੰਨਿਊ ਰਾਣਾ, ਆਈ.ਪੀ.ਐਸ. ਨੇ ਲੋਕਾਂ ਨੂੰ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਸਿਰਫ਼ ਪੁਲਿਸ ਦੀ ਨਹੀਂ, ਸਗੋਂ ਸਮੂਹ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਅਪੀਲ ਕੀਤੀ ਕਿ ਨਸ਼ਾ ਵੇਚਣ ਜਾਂ ਵਰਤਣ ਵਾਲਿਆਂ ਬਾਰੇ ਜਾਣਕਾਰੀ ਪੁਲਿਸ ਨਾਲ ਗੁਪਤ ਤਰੀਕੇ ਨਾਲ ਸਾਂਝੀ ਕੀਤੀ ਜਾਵੇ। ਪੁਲਿਸ ਹਰ ਸੂਚਨਾ 'ਤੇ ਗੰਭੀਰਤਾ ਨਾਲ ਕਾਰਵਾਈ ਕਰੇਗੀ ਤੇ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਥਾਪਨਾ ਲਈ ਸ੍ਰੀ ਮੁਕਤਸਰ ਸਾਹਿਬ ਪੁਲਿਸ ਅੱਗੇ ਵੀ ਅਜਿਹੀਆਂ ਸਖ਼ਤ ਤੇ ਲਗਾਤਾਰ ਕਾਰਵਾਈਆਂ ਜਾਰੀ ਰੱਖੇਗੀ।

ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਬਠਿੰਡਾ ਵੱਲੋਂ ਦਸਵੀਂ ਤੇ ਬਾਰ੍ਹਵੀਂ 'ਚੋਂ ਮੈਰਿਟ 'ਚ ਆਉਣ ਵਾਲੇ ਵਿਦਿਆਰਥੀਆਂ ਦਾ ਜ਼ਿਲ੍ਹਾ ਪੱਧਰ 'ਤੇ ਸਨਮਾਨ

ਬਠਿੰਡਾ 15 ਮਈ (ਇੰਦਰਪਾਲ ਬਾਂਸਲ): ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਬਠਿੰਡਾ ਮਮਤਾ ਖੁਰਾਣਾ ਸੇਠੀ ਦੂਰ ਅੰਦੇਸ਼ੀ ਸੋਚ ਤੇ ਸਟੇਟ ਨੋਡਲ ਅਫ਼ਸਰ ਸੁਸ਼ੀਲ ਨਾਥ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਕੈਨਾਲ ਕਿਲੋਨੀ ਬਠਿੰਡਾ ਵਿਖੇ ਪੰਜਾਬ ਸਿੱਖਿਆ ਬੋਰਡ ਵੱਲੋਂ ਐਲਾਨੇ ਬਾਰਵੀਂ ਜਮਾਤ ਦੇ ਨਤੀਜਆ ਵਿਚ ਬਠਿਡੇ ਜਿਲ੍ਹੇ ਦੇ ਨਾਮ ਰੋਸ਼ਨ ਕਰਨ ਵਾਲੇ ਮੈਰਿਟ ਹੋਲਡਰ ਵਿਦਿਆਰਥੀਆਂ ਲਈ ਇਕ ਵਿਸ਼ੇਸ਼ ਸਨਮਾਨ ਸਮਾਰੋਹ ਮਮਤਾ ਖੁਰਾਣਾ ਸੇਠੀ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਬਠਿੰਡਾ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤਾ ਇਸ ਦੌਰਾਨ ਮਾਨਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਮਮਤਾ ਖੁਰਾਣਾ ਸੇਠੀ ਨੇ ਦਸਵੀਂ, ਬਾਰਵੀਂ ਜਮਾਤ ਦੇ ਮੈਰਿਟ ਹੋਲਡਰ ਵਿਦਿਆਰਥੀਆਂ ਨੂੰ ਪ੍ਰਿੰਸੀਪਲਾਂ ਤੇ ਅਧਿਆਪਕਾ, ਟੀਮ ਮੈਂਬਰ ਮਹਿੰਦਰ ਪਾਲ ਸਸ ਮਾਸਟਰ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ, ਮਾਨਵ ਨਾਗਪਾਲ ਜ਼ਿਲ੍ਹਾ ਰਿਸੋਰਸ ਪਰਸਨ ਬਠਿੰਡਾ, ਅਨੀਤਾ ਕੰਪਿਊਟਰ ਫੈਕਲਟੀ ਨੇ ਬੱਚਿਆਂ ਨੂੰ ਵਧੀਆ ਤੇ ਅਸ਼ੀਰਵਾਦ ਦਿੱਤਾ ਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਮਹਿੰਦਰ ਪਾਲ ਸਸ ਮਾਸਟਰ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ, ਅਮਨ ਆਹੂਜਾ, ਕਰਮ ਸਿੰਘ, ਰਾਜਵੰਤ ਕੌਰ, ਮੀਨੂ, ਮਾਨਵ ਨਾਗਪਾਲ ਜ਼ਿਲ੍ਹਾ ਰਿਸੋਰਸ ਪਰਸਨ ਬਠਿੰਡਾ ਨੇ ਆਪਣਾ ਵੱਡਾ ਮੁੱਲਾਂ ਸਹਿਯੋਗ ਦਿੱਤਾ।

ਅਫ਼ਸਰ ਸੈਕੰਡਰੀ ਬਠਿੰਡਾ ਮਮਤਾ ਖੁਰਾਣਾ ਸੇਠੀ ਪ੍ਰਿੰਸੀਪਲਾਂ, ਹੈਡ ਮਾਸਟਰਾਂ ਟੀਮ ਮੈਂਬਰ ਸਿੱਖਿਆ ਵਿਭਾਗ ਬਠਿੰਡਾ ਮਹਿੰਦਰ ਪਾਲ, ਜਸਬੀਰ ਕੌਰ ਮਾਈਸਰਖਾਨਾ, ਪ੍ਰਿੰਸੀਪਲ ਆਸ਼ੂ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ ਮੰਡੀ ਕਲਾਂ ਪ੍ਰਿੰਸੀਪਲ ਦੀਪਕ, ਪ੍ਰਿੰਸੀਪਲ ਅਮਨਪ੍ਰੀਤ ਕੌਰ ਨੰਦ ਗੜ੍ਹ ਬਠਿੰਡਾ, ਪ੍ਰਿੰਸੀਪਲ ਕ੍ਰਿਸ਼ਨ ਕੁਮਾਰ ਗੁਪਤਾ ਇੰਚਾਰਜ ਪ੍ਰਿੰਸੀਪਲ ਰਾਕੇਸ਼ ਕੁਮਾਰ, ਸੁਖਦੀਪ ਸਿੰਘ ਹੈਡ ਮਾਸਟਰ ਆਦਰਸ਼ ਸਕੂਲ ਬਠਿੰਡਾ, ਮਾਨਵ ਨਾਗਪਾਲ ਜ਼ਿਲ੍ਹਾ ਰਿਸੋਰਸ ਪਰਸਨ ਬਠਿੰਡਾ, ਮਹਿੰਦਰ ਪਾਲ ਸਸ ਮਾਸਟਰ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ, ਸੰਦੀਪ ਕੌਰ, ਪੂਜਾ, ਅਨੀਤਾ ਕੰਪਿਊਟਰ ਫੈਕਲਟੀ ਨੇ

ਸ੍ਰੀ ਸੰਗਮੇਸ਼ਵਰ ਮਹਾਦੇਵ ਸੇਵਾ ਮੰਡਲ ਵੱਲੋਂ 144ਵੀਂ ਬੱਸ ਰਵਾਨਾ

ਮੌੜ ਮੰਡੀ, 15 ਮਈ (ਭੋਲਾ ਸਿੰਘ ਮਾਨ): ਸ੍ਰੀ ਸੰਗਮੇਸ਼ਵਰ ਮਹਾਦੇਵ ਸੇਵਾ ਮੰਡਲ, ਮੌੜ ਵੱਲੋਂ 144ਵੀਂ ਬੱਸ ਯਾਤਰਾ

ਨੂੰ ਰਵਾਨਾ ਕੀਤਾ ਗਿਆ, ਜੋ ਸ਼ਰਧਾਲੂਆਂ ਨੂੰ ਸ੍ਰੀ ਸੰਗਮੇਸ਼ਵਰ ਮਹਾਦੇਵ ਮੰਦਰ, ਅਰੁਣਾਏ ਦੇ ਦਰਸ਼ਨਾਂ ਕਰਵਾਏਗੀ। ਇਸ ਯਾਤਰਾ ਨੂੰ ਗਾਇਕ ਪੱਪੂ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਸੇਵਾ ਮੰਡਲ ਦੇ ਪ੍ਰਧਾਨ ਬੱਬੂ ਜਿੰਦਲ ਤੇ ਸਕੱਤਰ ਰਾਕੀ ਸਿੰਗਲਾ ਨੇ ਦੱਸਿਆ ਕਿ ਯਾਤਰਾ ਦੌਰਾਨ ਸ਼ਰਧਾਲੂ ਸੀਤਾਸਰ ਮੰਦਰ (ਸੁਨਾਮ), ਕਾਲੀ ਮਾਤਾ ਮੰਦਰ (ਪਟਿਆਲਾ) ਵਿਖੇ ਵੀ ਦਰਸ਼ਨ ਕਰਨਗੇ।

ਇਸ ਮੌਕੇ 'ਤੇ ਬਿੰਦਰ ਸਿੰਘ, ਨੀਤਿਸ ਵਧਵਾ, ਗੁਨੀਤ ਸਿੰਘ, ਬੱਬੂ ਸ਼ਰਮਾ, ਅੰਕੁਸ਼ ਬੰਸਲ, ਰਜਨੀਸ਼, ਰਾਜੀਵ ਫਾਰਮਾਸਿਸਟ, ਰਾਜੂ, ਸੁਮਿਤ, ਪ੍ਰੇਮ, ਗੌਰਵ, ਸੋਮਨਾਥ, ਵਿਸ਼ਾਲ ਨਾਰੰਗ, ਸੋਨੂ ਅਰੋੜਾ, ਸੁਰਿੰਦਰ ਮਹਿਤਾ ਸਮੇਤ ਵੱਡੀ ਗਿਣਤੀ ਸ਼ਰਧਾਲੂ ਮੌਜੂਦ ਸਨ ।

6 ਸੋਨ ਤੇ 1 ਚਾਂਦੀ ਦੇ ਤਗਮਿਆਂ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਬਣੀ ਗਤਕਾ ਚੈਂਪੀਅਨ

ਤਲਵੰਡੀ ਸਾਬੋ, 15 ਮਈ (ਰਾਮ ਜਿੰਦਲ ਜਗਾ): ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਕੋਟਾ ਯੂਨੀਵਰਸਿਟੀ, ਕੋਟਾ ਵਿਖੇ ਸਮਾਪਤ ਹੋਈ ਆਲ ਇੰਡੀਆ ਇੰਟਰ ਯੂਨੀਵਰਸਿਟੀ ਗਤਕਾ ਚੈਂਪੀਅਨਸ਼ਿਪ ਲੜਕਿਆਂ ਵਿੱਚ 6 ਸੋਨ ਤੇ 1 ਚਾਂਦੀ ਦਾ ਤਗਮਾ ਜਿੱਤ ਕੇ ਓਵਰ ਆਲ ਚੈਂਪੀਅਨ ਹੋਣ ਦਾ ਮਾਣ ਹਾਸਿਲ ਕੀਤਾ, ਜਦ ਕਿ ਲੜਕੀਆਂ ਵਿੱਚੋਂ ਜੀ.ਕੇ.ਯੂ. 4 ਸੋਨ ਅਤੇ 1 ਚਾਂਦੀ ਦੇ ਤਗਮੇ ਨਾਲ ਰਨਰ ਅੱਪ ਚੈਂਪੀਅਨ ਬਣੀ। ਜੀ.ਕੇ.ਯੂ. ਵੱਲੋਂ ਵਿਸ਼ੇਸ਼ ਸਮਾਰੋਹ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਮੈਨੇਜ਼ਿੰਗ ਡਾਇਰੈਕਟਰ ਸੁਖਰਾਜ ਸਿੰਘ ਸਿੱਧੂ, ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਕੈਂਪਸ, ਡਾ. ਹਰਜਸਪਾਲ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਉਹਨਾਂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਗਤਕਾ ਸਾਡੇ ਪੰਜਾਬ ਦੀ ਅਮੀਰ ਵਿਰਾਸਤ ਹੈ, ਖਿਡਾਰੀਆਂ ਨੇ ਇਹ ਚੈਂਪੀਅਨਸ਼ਿਪ ਜਿੱਤ ਕੇ ਇਲਾਕੇ ਅਤੇ ਵਰਸਿਟੀ ਦਾ ਨਾਂ ਰੋਸ਼ਨ ਕੀਤਾ ਹੈ। ਉਹਨਾਂ ਇਸ ਮਾਣਮਤੀ ਪ੍ਰਾਪਤੀ ਤੇ ਡਾਇਰੈਕਟਰ ਸਪੋਰਟਸ ਡਾ. ਬਲਵਿੰਦਰ ਕੁਮਾਰ ਸ਼ਰਮਾ,

ਕੋਚ ਗੁਰਪ੍ਰੀਤ ਸਿੰਘ ਤੇ ਹਰਜਿੰਦਰ ਸਿੰਘ ਨੂੰ ਵਧਾਈ ਦਿੱਤੀ ਅਤੇ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਸਹਿਯੋਗ ਦੀ ਗੱਲ ਆਖੀ।

ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਪਰੋ. ਵਾਈਸ ਚਾਂਸਲਰ ਡਾ. ਧੀਮਾਨ ਤੇ ਡਾਇਰੈਕਟਰ ਕੈਂਪਸ ਡਾ. ਸਿੱਧੂ ਨੇ ਕਿਹਾ ਕਿ ਵਰਸਿਟੀ ਪ੍ਰਬੰਧਕਾਂ ਵੱਲੋਂ ਅੰਤਰ-ਰਾਸ਼ਟਰੀ ਤੇ ਰਾਸ਼ਟਰੀ ਪੱਧਰ ਤੇ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵਜ਼ੀਫ਼ੇ ਅਤੇ ਉੱਚ ਦਰਜੇ ਦੀਆਂ ਖੇਡ ਸਹੂਲਤਾਂ ਮੁਹਈਆਂ ਕਰਵਾਈਆਂ ਜਾਂਦੀਆਂ ਹਨ। ਉਹਨਾਂ ਦੱਸਿਆ ਕਿ ਗਤਕੇ ਦੀ ਖੇਡ ਨੂੰ ਹਰਮਨ ਪਿਆਰਾ ਬਣਾਉਣ ਅਤੇ ਇਸ ਦੇ ਪਸਾਰ ਲਈ ਵਰਸਿਟੀ ਭਵਿੱਖ ਵਿੱਚ ਨਵੇਂ ਪ੍ਰੋਗਰਾਮ ਵੀ ਸ਼ੁਰੂ ਕਰਨ ਜਾ ਰਹੀ ਹੈ। ਉਹਨਾਂ ਖਿਡਾਰੀਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਕਿਹਾ। ਖਿਡਾਰੀਆਂ ਦਾ ਮਨੋਬਲ ਵਧਾਉਂਦੇ ਹੋਏ ਉਹਨਾਂ ਕਿਹਾ ਕਿ ਖੇਡਾਂ ਅਨੁਸ਼ਾਸਨ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਖੇਡਾਂ ਖਿਡਾਰੀਆਂ ਨੂੰ ਸ਼ਰੀਰਕ, ਮਾਨਸਿਕ ਪੱਧਰ ਤੇ ਮਜ਼ਬੂਤ ਬਣਾਉਂਦੀਆਂ ਹਨ ਤੇ ਉਹਨਾਂ ਦੇ ਵਿਅਕਤੀਤਵ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ।

ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਸਪੋਰਟਸ ਡਾ. ਸ਼ਰਮਾ ਨੇ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ 36 ਯੂਨੀਵਰਸਿਟੀਆਂ ਦੇ ਖਿਡਾ

ਮਰਦਮਸ਼ੁਮਾਰੀ 2027 ਦਾ ਪਹਿਲਾ ਪੜਾਅ ਸ਼ੁਰੂ, ਗਿਣਤੀਕਾਰਾਂ ਵੱਲੋਂ ਘਰ-ਘਰ ਸੂਚੀਕਰਨ ਆਰੰਭ

ਬਰਨਾਲਾ, 15 ਮਈ (ਬਘੇਲ ਸਿੰਘ ਧਾਲੀਵਾਲ) : ਮਰਦਮਸ਼ੁਮਾਰੀ 2027 ਦੇ ਪਹਿਲੇ ਪੜਾਅ ਤਹਿਤ ਅੱਜ ਤੋਂ ਗਿਣਤੀਕਾਰਾਂ ਵੱਲੋਂ ਘਰ ਘਰ ਜਾ ਕੇ ਘਰਾਂ ਦਾ ਸੂਚੀਕਰਨ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਕਿ 13 ਜੂਨ 2026 ਤੱਕ ਹੋਵੇਗਾ। ਗਿਣਤੀਕਾਰ ਜਨਗਣਨਾ ਦੇ ਕਾਰਜ ਦੀ ਸਭ ਤੋਂ ਅਹਿਮ ਕੜੀ ਹਨ ਤੇ ਇਹ ਕੰਮ ਸ਼ਿੱਦਤ ਨਾਲ ਮੁਕੰਮਲ ਕੀਤਾ ਜਾਵੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਦੇ ਮੀਟਿੰਗ ਹਾਲ ਵਿੱਚ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਲਈ ਰਵਾਨਾ ਕਰਦਿਆਂ ਕੀਤਾ। ਓਹਨਾਂ ਕਿਹਾ ਕਿ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਗਿਣਤੀਕਾਰਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਕਾਰਜ ਲਈ ਜ਼ਿਲ੍ਹੇ ਵਿਚ 1200 ਤੋਂ ਵੱਧ ਗਿਣਤੀਕਾਰ ਅਤੇ ਸੁਪਰਵਾਈਜ਼ਰ ਲਾਏ ਗਏ ਹਨ। ਓਹਨਾਂ ਕਿਹਾ ਕਿ ਗਿਣਤੀਕਾਰਾਂ ਨੂੰ ਮੁਕੰਮਲ ਕਿੱਟਾਂ ਦਿੱਤੀਆਂ ਗਈਆਂ ਹਨ। ਜਿਨ੍ਹਾਂ ਨਾਗਰਿਕਾਂ ਨੇ ਪਹਿਲਾਂ ਹੀ ਔਨਲਾਈਨ ਸਵੈ ਗਣਨਾ ਕੀਤੀ ਹੋਈ ਹੈ, ਓਹਨਾਂ ਨੂੰ ਸਿਰਫ SE ਆਈ ਡੀ ਦਿਖਾਉਣੀ ਪਵੇਗੀ। ਓਹਨਾਂ ਦੱਸਿਆ ਕਿ ਮਕਾਨ ਸੂਚੀਕਰਨ ਅਤੇ ਰਿਹਾਇਸ਼ੀ ਜਨਗਣਨਾ (HLO) ਲਈ 33 ਪ੍ਰਸ਼ਨ ਪੁੱਛੇ ਜਾਣਗੇ ਜਿਨ੍ਹਾਂ ਵਿਚ ਇਮਾਰਤ ਨੰਬਰ (ਨਗਰਪਾਲਿਕਾ ਜਾਂ ਸਥਾਨਕ ਅਥਾਰਟੀ ਜਾਂ ਜਨਗਣਨਾ ਨੰਬਰ), ਮਕਾਨ ਨੰਬਰ, ਮਕਾਨ ਦੇ ਫਰਸ਼ ਦੀ ਮੁੱਖ ਸਮੱਗਰੀ, ਪਰਿਵਾਰ ਵਿੱਚ ਆਮ ਤੌਰ 'ਤੇ ਰਹਿਣ ਵਾਲੇ ਵਿਅਕਤੀਆਂ ਦੀ ਕੁੱਲ ਗਿਣਤੀ, ਵਾਹਨ, ਮੋਬਾਈਲ ਨੰਬਰ ਆਦਿ ਸ਼ਾਮਲ ਹਨ। ਓਹਨਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਟੋਲ ਫਰੀ ਨੰਬਰ 1855 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਓਹਨਾਂ ਜ਼ਿਲ੍ਹਾ ਵਾਸੀਆਂ ਨੂੰ ਮਰਦਮਸ਼ੁਮਾਰੀ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ।

ਨਗਰ ਨਿਗਮ ਚੋਣਾਂ ਲਈ ਆਦਰਸ਼ ਚੋਣ ਜ਼ਾਬਤਾ ਲਾਗੂ

ਉਮੀਦਵਾਰਾਂ ਨੂੰ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ

ਬਰਨਾਲਾ, 15 ਮਈ (ਬਘੇਲ ਸਿੰਘ ਧਾਲੀਵਾਲ) : ਰਾਜ ਚੋਣ ਕਮਿਸ਼ਨ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਰਪੋਰੇਸ਼ਨਾਂ/ਨਗਰ ਕੌਂਸਲਾਂ/ਨਗਰ ਪੰਚਾਇਤਾਂ 2026 ਦੀਆਂ ਚੋਣਾਂ 26 ਮਈ ਦਿਨ ਮੰਗਲਵਾਰ ਨੂੰ ਕਰਵਾਈਆਂ ਜਾ ਰਹੀਆਂ ਹਨ। ਚੋਣਾਂ ਦੇ ਐਲਾਨ ਨਾਲ ਹੀ ਸਬੰਧਤ ਨਗਰ ਨਿਗਮਾਂ/ਨਗਰ ਕੌਂਸਲਾਂ ਦੀ ਹਦੂਦ ਅੰਦਰ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਚੁੱਕਾ ਹੈ। ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਕਿਹਾ ਕਿ ਇਨ੍ਹਾਂ ਚੋਣਾਂ ਦੌਰਾਨ ਉਮੀਦਵਾਰਾਂ ਅਤੇ ਸਿਆਸੀ ਪਾਰਟੀਆਂ ਆਦਰਸ਼ ਚੋਣ ਜ਼ਾਬਤੇ ਦੀ ਪੂਰੀ ਤਰ੍ਹਾਂ ਪਾਲਣਾ ਕਰਨ ਤਾਂ ਜੋ ਚੋਣ ਪ੍ਰਕਿਰਿਆ ਸੁਤੰਤਰ, ਨਿਰਪੱਖ ਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ। ਇਨ੍ਹਾਂ ਹਦਾਇਤਾਂ ਅਨੁਸਾਰ ਕੋਈ ਵੀ ਉਮੀਦਵਾਰ ਧਰਮ, ਜਾਤ ਜਾਂ ਭਾਈਚਾਰੇ ਦੇ ਆਧਾਰ 'ਤੇ ਵੋਟਾਂ ਦੀ ਮੰਗ ਨਹੀਂ ਕਰੇਗਾ ਅਤੇ ਨਾ ਹੀ ਕਿਸੇ ਧਾਰਮਿਕ ਸਥਾਨ ਨੂੰ ਚੋਣ ਪ੍ਰਚਾਰ ਲਈ ਵਰਤਿਆ ਜਾਵੇਗਾ। ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਘੇਰੇ ਅੰਦਰ ਚੋਣ ਪ੍ਰਚਾਰ ਕਰਨ 'ਤੇ ਵੀ ਪਾਬੰਦੀ ਰਹੇਗੀ। ਕੋਈ ਵੀ ਉਮੀਦਵਾਰ ਅਜਿਹੀ ਗਤੀਵਿਧੀ ਵਿੱਚ ਸ਼ਾਮਲ ਨਹੀਂ ਹੋਵੇਗਾ, ਜਿਸ ਨਾਲ ਵੱਖ-ਵੱਖ ਜਾਤਾਂ, ਧਰਮਾਂ ਜਾਂ ਭਾਈਚਾਰਿਆਂ ਵਿਚਕਾਰ ਨਫ਼ਰਤ ਜਾਂ ਤਣਾਅ ਪੈਦਾ ਹੋਵੇ। ਵਿਰੋਧੀ ਉਮੀਦਵਾਰਾਂ ਦੇ ਘਰਾਂ ਅੱਗੇ ਕਿਸੇ ਵੀ ਤਰ੍ਹਾਂ ਦਾ ਰੋਸ ਪ੍ਰਦਰਸ਼ਨ ਜਾਂ ਧਰਨਾ ਲਗਾਉਣ ਦੀ ਇਜਾਜ਼ਤ ਨਹੀਂ ਹੋਵੇਗੀ। ਦੂਜੇ ਉਮੀਦਵਾਰਾਂ ਦੀਆਂ ਚੋਣ ਮੀਟਿੰਗਾਂ ਵਿੱਚ ਵਿਘਨ ਪਾਉਣਾ ਚੋਣ ਕਾਨੂੰਨ ਤਹਿਤ ਅਪਰਾਧ ਹੈ। ਓਹਨਾਂ ਸਮੂਹ ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਚੋਣ ਜ਼ਾਬਤੇ ਦੀ ਪਾਲਣਾ ਕਰਦੇ ਹੋਏ ਚੋਣਾਂ ਨੂੰ ਸ਼ਾਂਤੀਪੂਰਨ ਤਰੀਕੇ ਨਾਲ ਨੇਪਰੇ ਚੜ੍ਹਾਉਣ ਵਿੱਚ ਸਹਿਯੋਗ ਦਿੱਤਾ ਜਾਵੇ।

ਸਹਿਣਾ ਪੁਲਿਸ ਵੱਲੋਂ ਨਾਕੇਬੰਦੀ ਦੌਰਾਨ ਸ਼ੱਕੀ ਵਾਹਨਾਂ ਦੀ ਚੈਕਿੰਗ

ਸ਼ਹਿਣਾ/ਭਦੌੜ, 15 ਮਈ (ਸੁਖਵਿੰਦਰ ਪਲਾਹਾ) : ਸਹਿਣਾ ਪੁਲਿਸ ਨੇ ਇਲਾਕੇ ਵਿੱਚ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਦੇ ਉਦੇਸ਼ ਨਾਲ ਮੁੱਖ ਮਾਰਗ ਪੱਖੋ ਕੈਂਚੀਆਂ ਵਿਖੇ ਵਿਸ਼ੇਸ਼ ਨਾਕੇਬੰਦੀ ਕਰਦੇ ਹੋਏ ਸ਼ੱਕੀ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ। ਥਾਣਾ ਮੁਖੀ ਰੇਨੂੰ ਪਰੋਚਾ ਦੀ ਅਗਵਾਈ ਵਿੱਚ ਪੁਲਿਸ ਟੀਮ ਨੇ ਇਸ ਮਹੱਤਵਪੂਰਨ ਚੌਕ ਵਿੱਚ ਨਾਕਾ ਲਗਾ ਕੇ ਆਉਣ ਜਾਣ ਵਾਲੇ ਦੋ ਪਹੀਆ ਅਤੇ ਚਾਰ ਪਹੀਆ ਵਾਹਨਾਂ ਨੂੰ ਰੋਕ ਕੇ ਉਨ੍ਹਾਂ ਦੇ ਦਸਤਾਵੇਜ਼ਾਂ ਦੀ ਜਾਂਚ ਕੀਤੀ। ਇਸ ਮੁਹਿੰਮ ਦੌਰਾਨ ਵਿਸ਼ੇਸ਼ ਤੌਰ 'ਤੇ ਉਨ੍ਹਾਂ ਵਾਹਨਾਂ 'ਤੇ ਨਜ਼ਰ ਰੱਖੀ ਗਈ, ਜਿਨ੍ਹਾਂ ਦੀਆਂ ਨੰਬਰ ਪਲੇਟਾਂ ਸਪੱਸ਼ਟ ਨਹੀਂ ਸਨ ਜਾਂ ਜਿਨ੍ਹਾਂ 'ਤੇ ਕਾਲੀ ਫਿਲਮ ਲੱਗੀ ਹੋਈ ਸੀ। ਰੇਨੂੰ ਪਰੋਚਾ ਨੇ ਪੁਲਿਸ ਕਰਮਚਾਰੀਆਂ ਦੇ ਨਾਲ ਮਿਲ ਕੇ ਖੁਦ ਵਾਹਨਾਂ ਦੀ ਤਲਾਸ਼ੀ ਲਈ ਅਤੇ ਵਾਹਨ ਚਾਲਕਾਂ ਕੋਲੋਂ ਪੁੱਛਗਿੱਛ ਕਰਦੇ ਹੋਏ ਉਨ੍ਹਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਸਖ਼ਤ ਹਦਾਇਤ ਦਿੱਤੀ। ਜਾਂਚ ਦੌਰਾਨ ਜਿਨ੍ਹਾਂ ਵਾਹਨ ਚਾਲਕਾਂ ਕੋਲ ਅਧੂਰੇ ਦਸਤਾਵੇਜ਼ ਪਾਏ ਗਏ ਉਨ੍ਹਾਂ ਦੇ ਚਾਲਾਨ ਵੀ ਕੱਟੇ ਗਏ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਨਿਯਮਾਂ ਦੀ ਉਲੰਘਣਾ ਨਾ ਕਰਨ ਦੀ ਚੇਤਾਵਨੀ ਦਿੱਤੀ ਗਈ। ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਵਸਤੂ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਇਸ ਪੂਰੀ ਕਾਰਵਾਈ ਨਾਲ ਵਾਹਨ ਚਾਲਕਾਂ ਵਿੱਚ ਹੜਕੰਪ ਦੀ ਸਥਿਤੀ ਦੇਖੀ ਗਈ, ਪਰ ਪੁਲਿਸ ਨੇ ਸਪੱਸ਼ਟ ਕੀਤਾ ਕਿ ਇਹ ਸਭ ਜਨਤਾ ਦੀ ਸੁਰੱਖਿਆ ਅਤੇ ਸ਼ਾਂਤੀ ਵਿਵਸਥਾ ਬਣਾਈ ਰੱਖਣ ਲਈ ਕੀਤਾ ਜਾ ਰਿਹਾ ਹੈ।

ਆਜ਼ਾਦੀ ਘੁਲਾਟੀਏ ਸ਼ਹੀਦ ਸੁਖਦੇਵ ਥਾਪਰ ਦਾ 120ਵਾਂ ਜਨਮ ਦਿਨ ਮਨਾਇਆ

ਬਰਨਾਲਾ, 15 ਮਈ (ਸੁਖਵਿੰਦਰ ਸਿੰਘ ਭੰਡਾਰੀ) : ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਰਾਹੀਂ ਬਸਤੀ ਬਰਨਾਲਾ ਵਿਖੇ ਸੂਰਿਆਵੰਸ਼ੀ ਖੱਤਰੀ ਸਭਾ ਬਰਨਾਲਾ ਵੱਲੋਂ ਸ਼ਹੀਦ ਸੁਖਦੇਵ ਥਾਪਰ ਦਾ 120ਵਾਂ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਬੋਲਦਿਆਂ ਸੂਰਿਆਵੰਸ਼ੀ ਖੱਤਰੀ ਸਭਾ ਦੇ ਚੇਅਰਮੈਨ ਪ੍ਰੋਫ਼ੈਸਰ ਡਾ ਮਨਦੀਪ ਸਿੰਘ ਘਈ, ਮਹਿਲਾ ਵਿੰਗ ਦੀ ਪ੍ਰਧਾਨ ਮੋਨਿਕਾ ਘਈ, ਸਰਪ੍ਰਸਤ ਨੀਰਜ ਬਾਲਾ ਦਾਨੀਆ ਅਤੇ ਸੋਮਾ ਭੰਡਾਰੀ, ਸਭਾ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਭੁਟਾਨੀ ਅਤੇ ਸੰਦੀਪ ਜੇਠੀ ਨੇ ਬੋਲਦਿਆਂ ਕਿਹਾ ਕਿ ਅਣਵੰਡੇ ਪੰਜਾਬ ਦੇ ਲੁਧਿਆਣਾ ਵਿਖੇ ਮੁਹੱਲਾ ਨੌਘਰੇ ਵਿੱਚ ਪਿਤਾ ਰਾਮਲਾਲ ਥਾਪਰ ਅਤੇ ਮਾਤਾ ਰੱਲੀ ਦੇਵੀ ਦੇ ਘਰ, 15 ਮਈ, 1907 ਨੂੰ ਹੋਇਆ। ਉਸਦੇ ਪਿਤਾ ਦਾ ਉਸਦੇ ਜਨਮ ਤੋਂ ਤਿੰਨ ਮਹੀਨੇ ਪਹਿਲਾਂ ਦੇਹਾਂਤ ਹੋ ਗਿਆ ਸੀ, ਇਸ ਲਈ ਉਸਦੇ ਚਾਚਾ ਅਚਿੰਤ ਰਾਮ ਨੇ ਉਸਦੀ ਪਰਵਰਿਸ਼ ਵਿੱਚ ਉਸਦੀ ਮਾਂ ਦਾ ਪੂਰਾ ਸਮਰਥਨ ਕੀਤਾ। ਸੁਖਦੇਵ ਦੀ ਮਾਸੀ ਨੇ ਵੀ ਉਸਨੂੰ ਆਪਣੇ ਪੁੱਤਰ ਵਾਂਗ ਪਾਲਿਆ। ਸੁਖਦੇਵ ਨੇ ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਲਿਆ। ਦੇਸ਼ ਕੌਮ ਲਈ ਆਪਾ ਵਾਰਣ ਵਾਲੇ ਨੇ ਦੇਸ਼ ਨੂੰ ਗੁਲਾਮੀ ਤੋਂ ਮੁਕਤ ਕਰਵਾਇਆ। ਉਹ ਇੱਕ ਕ੍ਰਾਂਤੀਕਾਰੀ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਦੇ ਸੰਸਥਾਪਕ ਮੈਂਬਰਾਂ ਚੋਂ ਇੱਕ ਸਨ। ਉਸਨੇ ਭਗਤ ਸਿੰਘ ਦਾ ਮਾਰਗਦਰਸ਼ਨ ਕੀਤਾ। ਇਹ ਲਾਲਾ ਲਾਜਪਤ ਰਾਏ ਨੂੰ ਮਿਲਿਆ। ਸੁਖਦੇਵ ਭਗਤ ਸਿੰਘ ਵਾਂਗ, ਉਸਨੇ ਬਚਪਨ ਤੋਂ ਹੀ ਆਜ਼ਾਦੀ ਦਾ ਸੁਪਨਾ ਪਾਲਿਆ ਸੀ। ਦੋਵੇਂ ਲਾਹੌਰ ਨੈਸ਼ਨਲ ਕਾਲਜ ਦੇ ਵਿਦਿਆਰਥੀ ਸਨ। ਉਹ ਇੱਕੋ ਸਾਲ ਪੈਦਾ ਹੋਏ ਸਨ ਅਤੇ ਇਕੱਠੇ ਸ਼ਹੀਦ ਹੋਏ ਸਨ। 1929 ਵਿੱਚ, ਉਸਨੇ ਜੇਲ੍ਹ ਵਿੱਚ ਕੈਦੀਆਂ ਨਾਲ ਅਣਮਨੁੱਖੀ ਵਿਵਹਾਰ ਦੇ ਵਿਰੋਧ ਵਿੱਚ ਰਾਜਨੀਤਿਕ ਕੈਦੀਆਂ ਦੁਆਰਾ ਕੀਤੀ ਗਈ ਵਿਆਪਕ ਹੜਤਾਲ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਅੰਗਰੇਜ਼ ਸਰਕਾਰ ਨੇ ਜੇਲ੍ਹ ਮੈਨੂਅਲ ਦੇ ਨਿਯਮਾਂ ਦੀ ਅਣਦੇਖੀ ਕਰਦੇ ਹੋਏ, ਸੁਖਦੇਵ, ਰਾਜਗੁਰੂ ਅਤੇ ਭਗਤ ਸਿੰਘ ਨੂੰ 23 ਮਾਰਚ, 1931 ਨੂੰ ਸ਼ਾਮ 7 ਵਜੇ ਲਾਹੌਰ ਸੈਂਟਰਲ ਜੇਲ੍ਹ ਵਿੱਚ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ । ਇਸ ਤਰ੍ਹਾਂ ਸੁਖਦੇਵ, ਭਗਤ ਸਿੰਘ ਅਤੇ ਰਾਜਗੁਰੂ ਦੇ ਨਾਲ, ਸਿਰਫ਼ 23 ਸਾਲ ਦੀ ਉਮਰ ਵਿੱਚ ਸ਼ਹੀਦ ਹੋ ਗਏ। ਅੰਤ 'ਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਸ਼ਹੀਦ ਸੁਖਦੇਵ ਥਾਪਰ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਸਭਨਾਂ ਦਾ ਧੰਨਵਾਦ ਕੀਤਾ।

ਬੀ.ਵੀ.ਐੱਮ. ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਨੂੰ ਪਾਣੀ ਸੰਭਾਲ ਦਾ ਸੰਦੇਸ਼ ਦਿੱਤਾ

ਬਰਨਾਲਾ, 15 ਮਈ (ਹਮੀਰ ਸਿੰਘ) : ਬੀਵੀਐਮ ਇੰਟਰਨੈਸ਼ਨਲ ਸਕੂਲ ਵੱਲੋਂ ਯੂਕੇਜੀ ਵਿਦਿਆਰਥੀਆਂ ਲਈ ਪਾਣੀ ਦੀ ਵਰਤੋਂ ਵਿਸ਼ੇ 'ਤੇ ਜਾਣਕਾਰੀਭਰਪੂਰ ਅਤੇ ਦਿਲਚਸਪ ਗਤੀਵਿਧੀ ਕਰਵਾਈ ਗਈ। ਇਸ ਦੌਰਾਨ ਬੱਚਿਆਂ ਨੂੰ ਪਾਣੀ ਦੀ ਮਹੱਤਤਾ, ਇਸਦੇ ਵੱਖ-ਵੱਖ ਉਪਯੋਗਾਂ ਅਤੇ ਪਾਣੀ ਬਚਾਉਣ ਦੀ ਲੋੜ ਬਾਰੇ ਜਾਣੂੰ ਕਰਵਾਇਆ ਗਿਆ।ਅਧਿਆਪਕਾਂ ਨੇ ਸਰਲ ਅਤੇ ਮਨੋਰੰਜਕ ਢੰਗ ਨਾਲ ਵਿਦਿਆਰਥੀਆਂ ਨੂੰ ਸਮਝਾਇਆ ਕਿ ਪਾਣੀ ਜੀਵਨ ਦਾ ਅਟੁੱਟ ਹਿੱਸਾ ਹੈ ਅਤੇ ਇਸਦੀ ਹਰ ਬੂੰਦ ਕੀਮਤੀ ਹੈ। ਬੱਚਿਆਂ ਨੇ ਪੀਣ, ਸਫਾਈ, ਪੌਦਿਆਂ ਨੂੰ ਪਾਣੀ ਦੇਣ ਅਤੇ ਹੋਰ ਰੋਜ਼ਾਨਾ ਕੰਮਾਂ ਵਿੱਚ ਪਾਣੀ ਦੀ ਵਰਤੋਂ ਬਾਰੇ ਸਿੱਖਿਆ।ਸਕੂਲ ਪ੍ਰਬੰਧਨ ਅਤੇ ਪ੍ਰਿੰਸੀਪਲ ਨੇ ਕਿਹਾ ਕਿ ਛੋਟੀ ਉਮਰ ਤੋਂ ਹੀ ਬੱਚਿਆਂ ਵਿੱਚ ਪਾਣੀ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਭਵਿੱਖ ਵਿੱਚ ਜ਼ਿੰਮੇਵਾਰ ਨਾਗਰਿਕ ਬਣ ਸਕਣ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਵੀਆਂ ਗੱਲਾਂ ਸਿੱਖਣ ਵਿੱਚ ਖਾਸ ਦਿਲਚਸਪੀ ਦਿਖਾਈ।

ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਨੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ

ਬਰਨਾਲਾ, 15 ਮਈ (ਬਘੇਲ ਸਿੰਘ ਧਾਲੀਵਾਲ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਸਿਹਤ ਵਿਭਾਗ ਬਰਨਾਲਾ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਸਾਰੇ ਵਿੱਦਿਅਕ ਅਦਾਰਿਆਂ ਵਿੱਚ ਡੇਂਗੂ ਤੋਂ ਬਚਾਅ ਲਈ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ ਤਾਂ ਜੋ ਵਿਦਿਆਰਥੀਆਂ ਰਾਹੀਂ ਸਕੂਲਾਂ ਅਤੇ ਘਰਾਂ ਵਿੱਚ ਮੱਛਰਾਂ ਦੇ ਫੈਲਾਅ ਨੂੰ ਰੋਕਿਆ ਜਾ ਸਕੇ, ਇਨ੍ਹਾਂ ਸਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ । ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਮੁਨੀਸ ਕੁਮਾਰ ਅਤੇ ਡਾ. ਸਾਕਸੀ ਸੋਨੀ ਨੇ ਦੱਸਿਆ ਕਿ ਜੇਕਰ ਕਿਸੇ ਵਿਆਕਤੀ ਨੂੰ ਤੇਜ ਬੁਖਾਰ, ਕਾਂਬੇ ਨਾਲ ਬੁਖਾਰ, ਮਾਸ ਪੇਸੀਆਂ 'ਚ ਦਰਦ, ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ, ਸਰੀਰ 'ਤੇ ਲਾਲ ਰੰਗ ਦੇ ਧੱਫੜ, ਨੱਕ ਜਾਂ ਮਸੂੜਿਆਂ 'ਚੋਂ ਖੂਨ ਆਉਣਾ ਆਦਿ ਲੱਛਣ ਮਹਿਸੂਸ ਹੋਣ, ਤਾਂ ਤੁਰੰਤ ਡਾਕਟਰੀ ਸਲਾਹ ਅਨੁਸਾਰ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ। ਸਿਹਤ ਸੁਪਰਵਾਈਜਰ ਗੁਰਮੇਲ ਸਿੰਘ ਢਿੱਲੋਂ, ਸੁਰਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਸਹਿਣਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ 67 ਟੀਮਾਂ ਵੱਲੋਂ ਡੇਂਗੂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਬਰਨਾਲਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਮੱਛਰਾਂ ਦੇ ਪੈਦਾ ਹੋਣ ਵਾਲੇ ਸੋਮਿਆਂ 'ਚ ਖੜ੍ਹੇ ਹੋਏ ਪਾਣੀ ਨੂੰ ਖਾਲੀ ਕਰਕੇ ਡੇਂਗੂ ਮਲੇਰੀਆ ਦੇ ਖਾਤਮੇ ਲਈ ਵੱਧ ਤੋਂ ਵੱਧ ਸਹਿਯੋਗ ਦੇਣ।

ਬੂਟੇ ਲਾਉਣ ਅਤੇ ਨਸ਼ਿਆਂ ਦੀ ਰੋਕਥਾਮ ਲਈ ਕੀਤਾ ਜਾ ਰਿਹੈ ਸਮਾਜ ਨੂੰ ਜਾਗਰੂਕ

ਬਰਨਾਲਾ, 15 ਮਈ (ਸੁਖਵਿੰਦਰ ਸਿੰਘ ਭੰਡਾਰੀ) : ਉਪਕਾਰ ਕੋਆਰਡੀਨੇਸ਼ਨ ਸੋਸਾਇਟੀ (ਰਜਿ.) ਬਰਨਾਲਾ ਵੱਲੋਂ ਬੂਟੇ ਲਾਉਣ ਅਤੇ ਨਸ਼ਿਆਂ ਦੀ ਰੋਕਥਾਮ ਲਈ ਸਮਾਜ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਾਤਾਵਰਣ ਪ੍ਰੇਮੀ ਸੰਗੀਤ ਸ਼ਰਮਾ ਪ੍ਰੈੱਸ ਸਕੱਤਰ ਨੇ ਦੱਸਿਆ ਕਿ ਬੂਟੇ ਲਗਾਉਣ ਨਾਲ ਆਲਾ ਦੁਆ

ਪਟਿਆਲਾ-ਆਸ/ਪਾਸ

ਰੱਖੜਾ ਧੜਾ ਦੇ 'ਆਪ' 'ਚ ਜਾਣ ਨਾਲ ਟਕਸਾਲੀ ਵਲੰਟੀਅਰਾਂ ਦਾ ਸਿਆਸੀ ਭਵਿੱਖ ਖ਼ਤਰੇ 'ਚ

➢ *ਲਾਭ ਵਾਲੇ ਅਹੁਦਿਆਂ ਦੇ ਚਾਹਵਾਨਾਂ ਦੇ ਸੁਪਨੇ ਹੋਣਗੇ ਚਕਨਾਚੂਰ*

ਪਟਿਆਲਾ, 15 ਮਈ (ਗੁਰਮੁੱਖ ਸਿੰਘ ਰੁਪਾਣਾ) : ਪਿਛਲੇ ਦੋ ਦਿਨ ਤੋਂ ਪੂਰੇ ਪੰਜਾਬ 'ਚ ਇੱਕ ਖਬਰ ਬਹੁਤ ਹੀ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ ਕਿ ਪੰਜਾਬ ਦੇ ਸਾਬਕਾ ਕੈਬਿਨਟ ਮੰਤਰੀ ਅਤੇ ਸੀਨੀਅਰ ਅਕਾਲੀ ਆਗੂ ਸਰਜੀਤ ਸਿੰਘ ਰੱਖੜਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਬੇਸ਼ੱਕ ਅਜੇ ਤੱਕ ਕੋਈ ਵੀ ਅਧਿਕਾਰਤ ਪੁਸ਼ਟੀ ਨਹੀਂ ਹੋਈ ਅਤੇ ਨਾ ਹੀ ਰੱਖੜਾ ਪਰਿਵਾਰ ਵੱਲੋਂ ਇਹ ਕਲੀਅਰ ਕੀਤਾ ਗਿਆ ਹੈ ਕਿ ਉਹ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋ ਰਹੇ ਹਨ ਜਾਂ ਨਹੀਂ ਪਰ ਲੋਕ ਲਗਾਤਾਰ ਉਹਨਾਂ ਦੇ ਜਾਣ ਦੀਆਂ ਕਿਆਸਰਾਈਆਂ ਲਗਾ ਰਹੇ ਹਨ। ਯਾਦ ਰਹੇ ਕਿ ਸ ਸੁਰਜੀਤ ਸਿੰਘ ਰੱਖੜਾ ਹਲਕਾ ਸਮਾਣਾ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਹਨ ਅਤੇ ਇੱਕ ਟਰਮ 'ਚ ਕੈਬਨਟ ਮੰਤਰੀ ਵੀ ਰਹੇ। ਉਹਨਾਂ ਦਾ ਜੱਦੀ ਸਿਆਸੀ ਹਲਕਾ ਸਮਾਣਾ ਹੈ। ਹਾਲ ਦੀ ਘੜੀ ਸਮਾਣਾ ਦੇ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਹਨ।

ਜਦਕਿ ਦੂਜੇ ਵੱਡੇ ਦਾਅਵੇਦਾਰ ਹਰਚੰਦ ਸਿੰਘ ਬਰਸਟ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਨ। ਕਿਆਸਰਾਈਆਂ ਤਾਂ ਇਹ ਵੀ ਹਨ ਕਿ ਸਰਦਾਰ ਰੱਖੜਾ ਨੂੰ ਪੰਜਾਬ ਮੰਡੀ ਬੋਰਡ ਦਾ ਚੇਅਰਮੈਨ ਲਗਾਇਆ ਜਾ ਸਕਦਾ ਹੈ ਅਤੇ ਨਾਲ ਹੀ ਸਮਾਣਾ ਹਲਕੇ ਤੋਂ ਉਮੀਦਵਾਰ ਵੀ ਹੋਣਗੇ। ਇਹ ਕਿਆਸਰਾਈਆਂ ਸੱਚ ਹੁੰਦੀਆਂ ਹਨ ਜਾਂ ਨਹੀਂ ਇਹ ਤਾਂ ਸ਼ਮੂਲੀਅਤ ਤੋਂ ਬਾਅਦ ਹੀ ਪਤਾ ਲੱਗੇਗਾ ਪਰ ਜਦੋਂ ਤੋਂ ਸੋਸ਼ਲ ਮੀਡੀਆ 'ਤੇ ਅਫਵਾਹਾਂ ਜਾਂ ਉਹਨਾਂ ਦੇ ਆਪ 'ਚ ਜਾਣ ਦੀਆਂ ਚਰਚਾਵਾਂ ਆ ਰਹੀਆਂ ਹਨ, ਉਦੋਂ ਤੋਂ ਹਲਕਾ ਸਮਾਣਾ ਨਾਲ ਸੰਬੰਧਿਤ ਟਕਸਾਲੀ ਵਲੰਟੀਅਰ ਵਿੱਚ ਬੇਚੈਨੀ ਦਾ ਮਾਹੌਲ ਹੈ। ਇਸ ਸਮੇਂ ਪੰਜਾਬ 'ਚ ਨਗਰ ਕੌਂਸਲ ਦੀਆਂ ਚੋਣਾਂ ਹੋ ਰਹੀਆਂ ਹਨ ਸਮਾਣਾ ਵੀ ਜਿਨ੍ਹਾਂ ਵਿੱਚ ਇੱਕ ਹੈ। ਸੂਤਰਾਂ ਦੀ ਮੰਨੀਏ ਤਾਂ ਇਸ ਸਮੇਂ ਨਗਰ ਕੌਂਸਲ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਭਰੀਆਂ ਜਾ ਰਹੀਆਂ ਹਨ। ਜੇਕਰ ਸਮਾਣਾ ਦੀ ਗੱਲ ਕਰੀਏ ਤਾਂ ਉਥੇ ਇਸ ਸਮੇਂ ਰੱਖੜਾ ਧੜਾ, ਮੌਜੂਦਾ ਐਮਐਲਏ ਚੇਤਨ ਸਿੰਘ ਜੌੜਾਮਾਜਰਾ ਧੜਾ ਅਤੇ ਦਾਅਵੇਦਾਰ ਹਰਚੰਦ ਸਿੰਘ ਬਰਸਟ ਦਾ ਧੜਾ ਆਹਮੋ ਸਾਹਮਣੇ ਨਜ਼ਰ ਆ ਰਿਹਾ। ਸੰਭਾਵਿਤ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਦੇ ਧੜੇ ਨਾਲ ਸੰਬੰਧਿਤ ਆਗੂ ਦੂਜਿਆਂ ਨਾਲੋਂ ਹਾਵੀ ਨਜ਼ਰ ਆ ਰਿਹਾ ਹੈ। ਇਸ ਲਈ ਜੇਕਰ ਟਿਕਟਾਂ ਦੇ ਵਿੱਚ ਰੱਖੜਾ ਧੜਾ ਬਾਜ਼ੀ ਮਾਰਦਾ ਹੈ ਤਾਂ ਆਮ ਆਦਮੀ ਪਾਰਟੀ ਤੇ ਟਕਸਾਲੀ ਵਲੰਟੀਅਰ ਦਾ ਸਿਆਸੀ ਭਵਿੱਖ ਤਬਾਹ ਹੋ ਜਾਵੇਗਾ। ਜਿਹੜੇ ਵਲੰਟੀਅਰ ਸਿਰਫ ਕੌਂਸਲਰ ਬਣਨ ਲਈ ਲੰਬੇ ਸਮੇਂ ਤੋਂ ਕੰਮ ਕਰ ਰਹੇ ਸੀ। ਅੱਜ ਜੇਕਰ ਉਹਨਾਂ ਨੂੰ ਟਿਕਟ ਨਹੀਂ ਮਿਲਦੀ ਤਾਂ 2027 'ਚ ਸਮਾਣਾ ਦੀ ਸਿਆਸੀ ਦਿਸ਼ਾ ਅਤੇ ਦਸ਼ਾ ਬਦਲ ਜਾਵੇਗੀ। ਹਾਲ ਦੀ ਘੜੀ ਲੋਕਾਂ ਦੀਆਂ ਨਜ਼ਰਾਂ ਸ. ਸੁਰਜੀਤ ਸਿੰਘ ਰੱਖੜਾ ਦੇ ਸ਼ਾਮਿਲ ਹੋਣ ਵੱਲ ਲੱਗੀਆਂ ਹੋਈਆਂ ਹਨ।

ਸਮਾਣਾ-ਪਾਤੜਾਂ 'ਤੇ ਸੜਕ ਹਾਦਸਾ, ਬੱਸ ਪਲਟੀ, ਇੱਕ ਦੀ ਮੌਤ, ਦਰਜਨ ਦੇ ਕਰੀਬ ਸਵਾਰੀਆਂ ਜ਼ਖ਼ਮੀ

ਸਮਾਣਾ, 15 ਮਈ (ਵਿਜੇ ਕੁਮਾਰ) : ਸ਼ੁੱਕਰਵਾਰ ਤੜਕਸਾਰ ਸਮਾਣਾ-ਪਾਤੜਾਂ ਸੜਕ 'ਤੇ ਘੱਗਾ ਨੇੜੇ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਬੱਸ ਪਲਟ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ, ਜਦੋਂ ਕਿ ਇੱਕ ਦਰਜ਼ਨ ਦੇ ਕਰੀਬ ਸਵਾਰੀਆਂ ਜ਼ਖ਼ਮੀ ਹੋ ਗਈਆਂ। ਜ਼ਖ਼ਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ ਵਿਖੇ ਦਾਖਲ ਕਰਵਾਇਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੈਪੁਰ ਤੋਂ ਚੰਡੀਗੜ੍ਹ ਜਾ ਰਹੀ ਇੱਕ ਨਿੱਜੀ ਬੱਸ ਤੜਕੇ ਸਵੇਰੇ 3 ਵਜੇ ਦੇ ਕਰੀਬ ਜਦੋਂ ਘੱਗਾ ਨੇੜੇ ਪਹੁੰਚੀ, ਤਾਂ ਚਾਲਕ ਸੰਤੁਲਨ ਗੁਆ ਬੈਠਾ। ਇਸ ਕਾਰਨ ਬੱਸ ਸੜਕ ਕਿਨਾਰੇ ਲੱਗੇ ਬਿਜਲੀ ਦੇ ਖੰਭੇ ਨਾਲ ਟਕਰਾ ਕੇ ਸੜਕ 'ਤੇ ਹੀ ਪਲਟ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਬੱਸ ਵਿੱਚ ਸਵਾਰ ਲਗਭਗ ਇੱਕ ਦਰਜਨ ਸਵਾਰੀਆਂ ਜ਼ਖ਼ਮੀ ਹੋ ਗਈਆਂ। ਇਹ ਸਾਰੇ ਜ਼ਖ਼ਮੀ ਰਾਜਸਥਾਨ ਦੇ ਰਹਿਣ ਵਾਲੇ ਹਨ, ਜਿਨ੍ਹਾਂ ਨੂੰ ਲੋਕਾਂ ਵੱਲੋਂ ਐਂਬੂਲੈਂਸ ਅਤੇ ਨਿੱਜੀ ਵਾਹਨਾਂ ਰਾਹੀਂ ਹਸਪਤਾਲ ਪਹੁੰਚਾਇਆ ਗਿਆ। ਹਸਪਤਾਲ ਵਿੱਚ ਜ਼ੇਰੇ ਇਲਾਜ ਸਹਿਜ (21), ਰਘੂ ਲੇਖੀ (43), ਅਮਰਚੰਦ (35), ਸੋਨੂੰ ਕੁਮਾਰ (27), ਮਨੋਜ ਕੁਮਾਰ (45), ਰਾਮ ਅਵਤਾਰ (58) ਅਤੇ ਨਰਿੰਦਰ (29) ਸ਼ਾਮਲ ਹਨ। ਜਦੋਂਕਿ ਸੁਸ਼ੀਲ ਕੁਮਾਰ (34), ਉਸਦੀ ਪਤਨੀ ਸੁਮਨ ਦੇਵੀ (32), ਸੰਜੀਵ ਕੁਮਾਰ (37) ਅਤੇ ਅਮਿਤ ਕੁਮਾਰ (26) ਇਨ੍ਹਾਂ ਦੀ ਹਾਲਤ ਗੰਭੀਰ ਹੋਣ ਕਾਰਨ ਮੁੱਢਲੀ ਸਹਾਇਤਾ ਤੋਂ ਬਾਅਦ ਪਟਿਆਲਾ ਭੇਜ ਦਿੱਤਾ ਗਿਆ ਹੈ।

ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਘੱਗਾ ਮੁਖੀ ਜੈਦੀਪ ਸ਼ਰਮਾ ਨੇ ਦੱਸਿਆ ਕਿ ਬਸ 'ਚ ਸਵਾਰ ਅਮਿਤ ਕੁਮਾਰ ਵਾਸੀ ਕਿੰਡਰ ਜ਼ਿਲ੍ਹਾ ਝੁਝਨੂ (ਰਾਜਸਥਾਨ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਉਹ ਪਤਨੀ ਸਣੇ ਉਕਤ ਬਸ ਵਿੱਚ ਸਵਾਰ ਹੋ ਕੇ ਚੰਡੀਗੜ੍ਹ ਵੱਲ ਜਾ ਰਹੇ ਸਨ, ਕਿ ਪੁੱਤਰ ਮਹਾਂਵੀਰ ਪ੍ਰਸ਼ਾਦ ਵਾਸੀ ਸਨਾਲੀ ਰਾਜਸਥਾਨ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਵਾਹਨ ਨੂੰ ਕਬਜ਼ੇ ਵਿੱਚ ਲੈ ਕੇ ਚਾਲਕ ਨੂੰ ਕਾਬੂ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਇੰਜ. ਰਾਕੇਸ਼ ਕੁਮਾਰ ਬੰਗਾ ਨੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਵਜੋਂ ਚਾਰਜ ਸੰਭਾਲਿਆ

ਪਟਿਆਲਾ, 15 ਮਈ (ਚ.ਨ.ਸ) :ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਵਿਖੇ ਅਸਿਸਟੈਂਟ ਡਾਇਰੈਕਟਰ ਇੰਜ. ਰਾਕੇਸ਼ ਕੁਮਾਰ ਬੰਗਾ ਨੇ ਪ੍ਰਿੰਸੀਪਲ ਦਾ ਚਾਰਜ ਸੰਭਾਲਿਆ। ਸੰਸਥਾ ਦੇ ਸਮੂਹ ਸਟਾਫ ਵਿਦਿਆਰਥੀਆਂ ਅਤੇ ਐਨ.ਸੀ.ਸੀ. ਕੈਡਿਟਾਂ, ਐਨ.ਐਸ.ਐਸ. ਵਲੰਟੀਅਰਾਂ ਵੱਲੋਂ ਪ੍ਰਿੰਸੀਪਲ ਜੀ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਤਕਨੀਕੀ ਸਿੱਖਿਆ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਆਪਣੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।ਇੱਥੇ ਇਹ ਵੀ ਜਿਕਰ ਯੋਗ ਹੈ ਕਿ ਸੰਸਥਾ ਵਿੱਚ ਅਨੁਸ਼ਾਸਨ, ਸਾਫ਼-ਸਫ਼ਾਈ, ਪ੍ਰੈਕਟੀਕਲ ਟ੍ਰੇਨਿੰਗ ਅਤੇ ਵਿਦਿਆਰਥੀਆਂ ਦੀ ਪਲੇਸਮੈਂਟ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪ੍ਰਿੰਸੀਪਲ ਸਾਹਿਬ ਵੱਲੋਂ ਵਿਦਿਆਰਥੀਆਂ ਦੀ ਭਲਾਈ, ਸਾਫ਼-ਸੁਥਰਾ ਵਾਤਾਵਰਨ ਅਤੇ ਤਕਨੀਕੀ ਸਿੱਖਿਆ ਦੇ ਮਿਆਰ ਨੂੰ ਸੰਚਾਰੂ ਰੂਪ ਦੇਣ ਲਈ ਸ਼ਲਾਘਾਯੋਗ ਕੰਮ ਕੀਤੇ ਜਾ ਰਹੇ ਹਨ।

ਮਲੇਰਕੋਟਲਾ 'ਚ ਪਟਾਕੇ ਮਾਰਨ ਵਾਲੇ ਸਾਇਲੈਂਸਰ, ਫੈਂਸੀ ਨੰਬਰ ਪਲੇਟਾਂ ਤੇ ਹੂਟਰਾਂ 'ਤੇ ਪਾਬੰਦੀ

➢ **ਵਾਹਨਾਂ ਦੀ ਗ਼ੈਰ-ਕਾਨੂੰਨੀ ਮੋਡੀਫਿਕੇਸ਼ਨ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ**

ਮਲੇਰਕੋਟਲਾ, 15 ਮਈ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮੈਜਿਸਟਰੇਟ-ਕਮ- ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਬੁਲਟ ਮੋਟਰਸਾਈਕਲ ਦੇ ਉੱਚੀ ਆਵਾਜ਼ ਅਤੇ ਪਟਾਕੇ ਮਾਰਨ ਵਾਲੇ ਸਾਇਲੈਂਸਰ ਲਗਾਉਣ, ਬਦਲਣ, ਵੇਚਣ, ਖਰੀਦਣ ਜਾਂ ਸਟੋਰ ਕਰਨ, ਦੋ ਪਹੀਆ/ਚਾਰ ਪਹੀਆ ਵਾਹਨਾਂ 'ਤੇ ਵੀ.ਆਈ.ਪੀ./ਫੈਂਸੀ ਨੰਬਰ ਪਲੇਟਾਂ ਅਤੇ ਹੂਟਰ ਲਗਾਉਣ ਅਤੇ ਮੋਟਰਸਾਈਕਲਾਂ ਨੂੰ ਮੋਡੀਫਾਈ ਕਰਨ ਜਾ ਚਾਸੀ ਪਿੱਛੇ ਰੇਹੜੀ ਲਗਾ ਕੇ ਕਮਰਸ਼ੀਅਲ ਵਰਤੋਂ ਲਈ ਤਿਆਰ ਕਰਨ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਜ਼ਿਲੇ ਦੇ ਅਧਿਕਾਰ ਖੇਤਰ ਅੰਦਰ ਕੁਝ ਮਕੈਨਿਕਾਂ ਅਤੇ ਵਰਕਸ਼ਾਪ ਮਾਲਕਾਂ ਵੱਲੋਂ ਬੁਲਟ ਮੋਟਰਸਾਈਕਲਾਂ ਵਿੱਚ ਉੱਚੀ ਆਵਾਜ਼ ਅਤੇ ਪਟਾਕੇ ਮਾਰਨ ਵਾਲੇ ਮੋਡੀਫਾਈਡ ਸਿਲੰਸਰ ਲਗਾਏ ਜਾਂਦੇ ਹਨ, ਇਹਨਾਂ ਵਾਹਨਾਂ ਦੀ ਵਰਤੋਂ ਕਾਰਨ ਧੁਨੀ ਪ੍ਰਦੂਸ਼ਨ ਪੈਦਾ ਹੁੰਦਾ ਹੈ। ਅਜਿਹਾ ਹੋਣ ਨਾਲ ਹਸਪਤਾਲਾਂ ਵਿੱਚ ਦਾਖਲ ਮਰੀਜ਼ਾਂ, ਬੱਚਿਆਂ, ਬਜ਼ੁਰਗਾਂ ਅਤੇ ਆਮ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਹ ਧੁਨੀ ਪ੍ਰਦੂਸ਼ਣ ਕੰਨਾਂ ਦੀਆਂ ਭਿਆਨਕ ਬਿਮਾਰੀਆਂ ਵੀ ਪੈਦਾ ਕਰ ਸਕਦਾ ਹੈ। ਇਸ ਤੋਂ ਇਲਾਵਾ ਕੁਝ ਫੈਬਰੀਕੇਟਰਜ਼ ਜਾਂ ਮਕੈਨਿਕਾਂ ਵੱਲੋਂ ਦੋ-ਪਹੀਆ ਅਤੇ ਚਾਰ-ਪਹੀਆ ਵਾਹਨਾਂ 'ਤੇ ਗੈਰ-ਕਾਨੂੰਨੀ ਵੀ.ਆਈ.ਪੀ./ਫੈਂਸੀ ਨੰਬਰ ਪਲੇਟਾਂ ਅਤੇ ਹੂਟਰ ਲਗਾ ਕੇ ਜਾਂ ਮੋਟਰਸਾਈਕਲਾਂ ਨੂੰ ਮੋਡੀਫਾਈ ਕਰਕੇ ਚਾਸੀ ਪਿੱਛੇ ਰੇਹੜੀ ਲਗਾ ਕੇ ਕਮਰਸ਼ੀਅਲ ਵਰਤੋਂ ਲਈ ਤਿਆਰ ਕੀਤਾ ਜਾਂਦਾ ਹੈ ਜੋ ਕਿ ਮੋਟਰ ਵਹੀਕਲ ਐਕਟ, 1988 ਦੇ ਨਿਯਮਾਂ ਦੀ ਉਲੰਘਣਾ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੂਹ ਮਕੈਨਿਕਾਂ, ਵਰਕਸ਼ਾਪ ਮਾਲਕਾਂ ਅਤੇ ਆਮ ਲੋਕਾਂ ਨੂੰ ਕਾਨੂੰਨੀ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ। ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

10 ਹਜ਼ਾਰ ਦਾ ਦੜ੍ਹਾ-ਸੱਟਾ ਬ੍ਰਾਮਦ

ਪਟਿਆਲਾ, 15 ਮਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਜੋਧਵੀਰ ਸਿੰਘ ਵਾਸੀ ਗਲੀ ਨੰ. 1 ਬਡੂੰਗਰ ਥਾਣਾ ਸਿਵਲ ਲਾਇਨ ਪਟਿਆਲਾ ਵਿਰੁੱਧ ਧਾਰਾ 13-ਏ,3, 67 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਚਰਨਜੀਤ ਕੁਮਾਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਇਲਾਕਾ ਗਸ਼ਤ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਸਨੌਰੀ ਅੱਡਾ ਪਟਿਆਲਾ ਵਿਖੇ ਦੜ੍ਹਾ ਸੱਟਾ ਲਗਾ ਰਿਹਾ ਹੈ, ਜੋ ਰੇਡ ਕਰਨ ਪਰ 10,000 ਰੁਪਏ ਦੜ੍ਹਾ ਸੱਟਾ ਦੇ ਬ੍ਰਾਮਦ ਹੋਏ।

ਕੰਬਾਈਨ ਫੈਕਟਰੀ ਦਾ ਡਿਜ਼ਾਈਨ ਮੈਨੇਜਰ ਪੈਨ-ਡਰਾਈਵ ਚੋਰੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ

ਸਮਾਣਾ, 15 ਮਈ (ਵਿਜੇ ਕੁਮਾਰ) : ਸਥਾਨਕ ਸਹਿਜਪੁਰਾ ਰੋਡ 'ਤੇ ਸਥਿਤ ਇੱਕ ਕੰਬਾਈਨ ਫੈਕਟਰੀ ਵਿੱਚ ਪ੍ਰੋਗਰਾਮ ਅਤੇ ਡਿਜ਼ਾਈਨ ਮੈਨੇਜਰ ਵੱਲੋਂ ਪ੍ਰੋਗਰਾਮਾਂ ਤੇ ਡਿਜ਼ਾਈਨਾਂ ਵਾਲੀ ਪੈਨ ਡਰਾਈਵ ਚੋਰੀ ਕਰਕੇ ਲੈ ਜਾਣ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ ਦਿਲਸ਼ਾਦ ਅਖ਼ਤਰ (ਨਿਵਾਸੀ ਪਿੰਡ ਬਸਨਪੁਰ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ) ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਾਮਲੇ ਦੀ ਜਾਂਚ ਕਰ ਰਹੇ ਸਿਟੀ ਪੁਲਿਸ ਦੇ ਏ.ਐਸ.ਆਈ. ਬਲਬੀਰ ਸਿੰਘ ਨੇ ਦੱਸਿਆ ਕਿ ਸਹਿਜਪੁਰਾ ਰੋਡ 'ਤੇ ਸਥਿਤ ਜੇ.ਐਮ.ਐਸ.ਐਸ.ਪੀ ਨਾਮਕ ਕੰਬਾਈਨ ਇੰਡਸਟਰੀ ਦੇ ਮਾਲਕ ਮਨਿੰਦਰ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਦਿਲਸ਼ਾਦ ਅਖ਼ਤਰ ਪਿਛਲੇ ਦੋ ਸਾਲਾਂ ਤੋਂ ਉਸ ਦੀ ਫੈਕਟਰੀ ਵਿੱਚ ਪ੍ਰੋਗਰਾਮ ਅਤੇ ਡਿਜ਼ਾਈਨ ਮੈਨੇਜਰ ਵਜੋਂ ਕੰਮ ਕਰ ਰਿਹਾ ਸੀ। ਉਹ ਆਪਣਾ ਇਲਾਜ ਕਰਵਾਉਣ ਦੇ ਬਹਾਨੇ ਛੁੱਟੀ ਲੈ ਕੇ ਗਿਆ ਸੀ, ਪਰ ਵਾਪਸ ਕੰਮ 'ਤੇ ਨਹੀਂ ਆਇਆ। ਇਸ ਦੌਰਾਨ ਉਹ ਕੰਪਨੀ ਦੇ ਅਹਿਮ ਪ੍ਰੋਗਰਾਮਾਂ ਅਤੇ ਡਿਜ਼ਾਈਨਾਂ ਵਾਲੀ ਪੈਨ ਡਰਾਈਵ ਵੀ ਚੋਰੀ ਕਰਕੇ ਲੈ ਗਿਆ। ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹੁਣ ਉਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਡੀ.ਸੀ. ਹਿਮਾਂਸ਼ੂ ਅਗਰਵਾਲ ਨਾਲ 'ਆਪ' ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਮੁਲਾਕਾਤ

ਪਟਿਆਲਾ, 15 ਮਈ (ਰੁਪਾਣਾ) : ਆਮ ਆਦਮੀ ਪਾਰਟੀ ਦੇ ਆਗੂ ਇੰਦਰਜੀਤ ਸਿੰਘ ਸੰਧੂ ਨੇ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਮੌਕੇ ਪਟਿਆਲਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਿਕਾਸ ਕਾਰਜਾਂ, ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਸਰਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ ਮੁਲਾਕਾਤ ਦੌਰਾਨ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਬਿਹਤਰ ਪ੍ਰਸ਼ਾਸਨਿਕ ਸੇਵਾਵਾਂ, ਸਾਫ਼-ਸੁਥਰਾ ਪ੍ਰਬੰਧ ਅਤੇ ਵਿਕਾਸ ਦੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਣਾ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਪਟਿਆਲਾ-ਆਸ/ਪਾਸ

ਰਘਬੀਰ ਸਿੰਘ ਚੌਂਦਾ ਬਣੇ ਜ਼ਿਲ੍ਹਾ ਪ੍ਰੀਸ਼ਦ ਮਲੇਰਕੋਟਲਾ ਦੇ ਚੇਅਰਮੈਨ, ਕੁਲਦੀਪ ਕੌਰ ਵਾਈਸ ਚੇਅਰਪਰਸਨ ਨਿਯੁਕਤ

ਵਿਧਾਇਕ ਅਮਰਗੜ੍ਹ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ

ਮਲੇਰਕੋਟਲਾ, 15 ਮਈ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਪ੍ਰੀਸ਼ਦ ਮਾਲੇਰਕੋਟਲਾ ਦੇ ਚੇਅਰਮੈਨ ਅਤੇ ਵਾਈਸ ਚੇਅਰਪਰਸਨ ਦੀ ਚੋਣ ਦੌਰਾਨ ਰਘਬੀਰ ਸਿੰਘ ਚੌਂਦਾ ਨੂੰ ਚੇਅਰਮੈਨ ਅਤੇ ਕੁਲਦੀਪ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਇਸ ਮੌਕੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਸਮਰਥਕਾਂ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣ ਮਾਜਰਾ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋਂ ਨਵ-ਨਿਯੁਕਤ ਚੇਅਰਮੈਨ ਅਤੇ ਵਾਈਸ ਚੇਅਰਮੈਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਵਿਧਾਇਕ ਅਮਰਗੜ੍ਹ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਲੋਕਾਂ ਨਾਲ ਜੁੜੀਆਂ ਵਿਕਾਸੀ ਯੋਜਨਾਵਾਂ ਨੂੰ ਜਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਨਵੇਂ ਚੁਣੇ ਅਹੁਦੇਦਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ।ਨਵ-ਨਿਯੁਕਤ ਚੇਅਰਮੈਨ ਰਘਬੀਰ ਸਿੰਘ ਚੌਂਦਾ ਨੇ ਕਿਹਾ ਕਿ ਉਹ ਜ਼ਿਲ੍ਹਾ ਪ੍ਰੀਸ਼ਦ ਦੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਪਾਰਦਰਸ਼ੀ ਢੰਗ ਨਾਲ ਕੰਮ ਕਰਨਗੇ ਅਤੇ ਪਿੰਡਾਂ ਦੇ ਵਿਕਾਸ, ਬੁਨਿਆਦੀ ਸਹੂਲਤਾਂ ਦੇ ਵਿਸਥਾਰ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਪਹਿਲ ਦਿੱਤੀ ਜਾਵੇਗੀ। ਵਾਈਸ ਚੇਅਰਮੈਨ ਕੁਲਦੀਪ ਕੌਰ ਨੇ ਵੀ ਉਨ੍ਹਾਂ 'ਤੇ ਵਿਸ਼ਵਾਸ ਜਤਾਉਣ ਲਈ ਸਮੂਹ ਮੈਂਬਰਾਂ ਅਤੇ ਆਗੂਆਂ ਦਾ ਧੰਨਵਾਦ ਕੀਤਾ।

ਵਿਧਾਇਕ ਕੋਹਲੀ ਵੱਲੋਂ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

ਪਟਿਆਲਾ , 15 ਮਈ (ਰੁਪਾਣਾ) :ਪਟਿਆਲਾ ਦੇ ਘਲੌੜੀ ਗੇਟ ਸਥਿਤ ਮੜੀਆਂ ਵਾਲੇ ਪੁਲ ਤੋਂ ਲੈ ਕੇ ਡਕਾਲਾ ਚੁੰਗੀ ਚੌਕ ਤੱਕ ਬਣਨ ਵਾਲੀ ਕਰੀਬ 1.70 ਕਰੋੜ ਰੁਪਏ ਦੀ ਲਾਗਤ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਅੱਜ ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਕੀਤਾ ਗਿਆ।ਵਿਧਾਇਕ ਕੋਹਲੀ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਖਰਾਬ ਸੜਕ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿਕਾਸ ਕਾਰਜ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸੜਕਾਂ ਅਤੇ ਆਧੁਨਿਕ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਆਵਾਜਾਈ ਸੁਗਮ ਹੋਵੇਗੀ ਅਤੇ ਇਲਾਕੇ ਦੇ ਵਪਾਰੀਆਂ ਤੇ ਰਹਿਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਐਕਸੀਅਨ ਵਨੀਤ ਸਿੰਗਲਾ ਵਾਰਡ 33 ਦੀ ਐਮਸੀ ਗੀਤਾ ਰਾਣੀ, ਵਾਰਡ 40 ਦੇ ਇੰਚਾਰਜ ਗੁਰਪ੍ਰੀਤ ਗੂਰੀ, ਵਾਰਡ 39 ਦੀ ਇੰਚਾਰਜ ਜੋਤੀ, ਵਾਰਡ 35 ਤੋਂ ਰਮੇਸ਼ ਸਿੰਗਲਾ ਸਮੇਤ ਪੁਨੀਤ ਬੁੱਧੀਰਾਜਾ ਅਤੇ ਮਨਦੀਪ ਝੱਲਾ ਵੀ ਹਾਜ਼ਰ ਰਹੇ।

ਬਿਲਡਿੰਗ ਬ੍ਰਾਂਚ ਦੀਆਂ ਸ਼ਿਕਾਇਤਾਂ 'ਤੇ ਮੇਅਰ ਕੁੰਦਨ ਗੋਗੀਆ ਸਖ਼ਤ

ਹੁਣ ਬਿਨਾਂ ਐਫੀਡੇਵਿਟ ਨਹੀਂ ਹੋਵੇਗੀ ਪੀ.ਜੀ.ਆਰ.ਐੱਸ. ਸ਼ਿਕਾਇਤਾਂ 'ਤੇ ਕਾਰਵਾਈ

ਪਟਿਆਲਾ, 15 ਮਈ (ਰੁਪਾਣਾ) : ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਬਿਲਡਿੰਗ ਬ੍ਰਾਂਚ ਨਾਲ ਸਬੰਧਤ ਪੀ.ਜੀ.ਆਰ.ਐੱਸ. ਪੋਰਟਲ 'ਤੇ ਆ ਰਹੀਆਂ ਬੇਬੁਨਿਆਦ ਸ਼ਿਕਾਇਤਾਂ ਦਾ ਗੰਭੀਰ ਨੋਟਿਸ ਲੈਂਦਿਆਂ ਇੱਕ ਵੱਡਾ ਫੈਸਲਾ ਲਿਆ ਹੈ। ਮੇਅਰ ਨੇ ਸਪੱਸ਼ਟ ਕੀਤਾ ਹੈ ਕਿ ਹੁਣ ਤੋਂ ਬਿਲਡਿੰਗ ਬ੍ਰਾਂਚ ਵਿਰੁੱਧ ਕੀਤੀ ਜਾਣ ਵਾਲੀ ਕਿਸੇ ਵੀ ਸ਼ਿਕਾਇਤ 'ਤੇ ਕਾਰਵਾਈ ਕੇਵਲ ਉਦੋਂ ਹੀ ਕੀਤੀ ਜਾਵੇਗੀ, ਜੇਕਰ ਸ਼ਿਕਾਇਤਕਰਤਾ ਵੱਲੋਂ ਵਿਧੀਵਤ ਐਫੀਡੇਵਿਟ (ਹਲਫ਼ਨਾਮਾ) ਦਿੱਤਾ ਜਾਵੇਗਾ। ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਇਹ ਦੇਖਣ ਵਿੱਚ ਆਇਆ ਹੈ ਕਿ ਕੁਝ ਲੋਕ ਨਿੱਜੀ ਮੁਫ਼ਾਦ ਜਾਂ ਬਲੈਕਮੇਲ ਕਰਨ ਦੀ ਨੀਅਤ ਨਾਲ ਬੇਬੁਨਿਆਦ ਸ਼ਿਕਾਇਤਾਂ ਦਰਜ ਕਰਵਾ ਰਹੇ ਹਨ। ਅਜਿਹੀਆਂ ਫ਼ਜ਼ੂਲ ਸ਼ਿਕਾਇਤਾਂ ਕਾਰਨ ਨਾ ਸਿਰਫ਼ ਸਰਕਾਰੀ ਕੰਮਕਾਜ ਪ੍ਰਭਾਵਿਤ ਹੁੰਦਾ ਹੈ, ਸਗੋਂ ਅਧਿਕਾਰੀਆਂ ਦਾ ਕੀਮਤੀ ਸਮਾਂ ਵੀ ਖਰਾਬ ਹੁੰਦਾ ਹੈ। ਉਨ੍ਹਾਂ ਕਿਹਾ ਕਿ ਹੁਣ ਤੰਗ-ਪਰੇਸ਼ਾਨ ਕਰਨ ਦੀ ਨੀਅਤ ਨਾਲ ਕੀਤੀਆਂ ਗਈਆਂ ਸ਼ਿਕਾਇਤਾਂ ਦੀ ਕੋਈ ਸੁਣਵਾਈ ਨਹੀਂ ਹੋਵੇਗੀ। ਮੇਅਰ ਨੇ ਨਵੇਂ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਪੀ.ਜੀ.ਆਰ.ਐੱਸ. ਪੋਰਟਲ ਲੋਕਾਂ ਦੀਆਂ ਅਸਲ ਸਮੱਸਿਆਵਾਂ ਦੇ ਹੱਲ ਲਈ ਹੈ। ਇਸ ਦੀ ਦੁਰਵਰਤੋਂ ਰੋਕਣ ਲਈ ਹੁਣ ਸ਼ਿਕਾਇਤਕਰਤਾ ਨੂੰ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਐਫੀਡੇਵਿਟ ਦੇਣਾ ਪਵੇਗਾ। ਐਫੀਡੇਵਿਟ ਪ੍ਰਾਪਤ ਹੋਣ ਤੋਂ ਬਾਅਦ ਹੀ ਨਗਰ ਨਿਗਮ ਦੀ ਟੀਮ ਮਾਮਲੇ ਦੀ ਜਾਂਚ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਵੇਗੀ। ਇਸ ਨਾਲ ਸਹੀ ਅਤੇ ਤੱਥਾਂ 'ਤੇ ਆਧਾਰਿਤ ਸ਼ਿਕਾਇਤਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਹੋ ਸਕੇਗਾ। ਮੇਅਰ ਕੁੰਦਨ ਗੋਗੀਆ ਨੇ ਦੁਹਰਾਇਆ ਕਿ ਨਗਰ ਨਿਗਮ ਪਟਿਆਲਾ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਕੰਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ, ÷ਸਾਡਾ ਮਕਸਦ ਲੋਕਾਂ ਨੂੰ ਖੱਜਲ-ਖੁਆਰੀ ਤੋਂ ਬਚਾਉਣਾ ਹੈ, ਪਰ ਅਸੀਂ ਕਿਸੇ ਨੂੰ ਵੀ ਕਾਨੂੰਨ ਦਾ ਗਲਤ ਇਸਤੇਮਾਲ ਕਰਕੇ ਪ੍ਰਸ਼ਾਸਨ ਨੂੰ ਗੁੰਮਰਾਹ ਕਰਨ ਦੀ ਇਜਾਜ਼ਤ ਨਹੀਂ ਦੇਵਾਂਗੇ।' ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਾਇਜ਼ ਸਮੱਸਿਆਵਾਂ ਲਈ ਹੀ ਪੋਰਟਲ ਦੀ ਵਰਤੋਂ ਕਰਨ ਤਾਂ ਜੋ ਵਿਕਾਸ ਕਾਰਜਾਂ ਵਿੱਚ ਕੋਈ ਰੁਕਾਵਟ ਨਾ ਆਵੇ। ਇਸ ਮੌਕੇ ਨਗਰ ਨਿਗਮ ਦੇ ਬਿਲਡਿੰਗ ਬ੍ਰਾਂਚ ਦੇ ਉੱਚ ਅਧਿਕਾਰੀ ਵੀ ਹਾਜ਼ਰ ਸਨ, ਜਿਨ੍ਹਾਂ ਨੂੰ ਮੇਅਰ ਵੱਲੋਂ ਨਵੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਆਦੇਸ਼ ਦਿੱਤੇ ਗਏ।

ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ 'ਚ ਸਰਗਰਮੀਆਂ ਤੇਜ਼, 63 ਉਮੀਦਵਾਰਾਂ ਨੇ ਭਰੇ ਆਪਣੇ ਨਾਮਜ਼ਦਗੀ ਕਾਗਜ਼

ਸਮਾਣਾ, 15 ਮਈ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ) : ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਸ਼ੁੱਕਰਵਾਰ ਨੂੰ ਸਾਰਾ ਦਿਨ ਸਿਆਸੀ ਪਾਰਟੀਆਂ ਵਿੱਚ ਵੱਡੀ ਹਲਚਲ ਹੁੰਦੀ ਵੇਖੀ ਗਈ। ਜਾਣਕਾਰੀ ਅਨੁਸਾਰ ਬੀ.ਜੇ.ਪੀ. ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਪਿੱਛੇ ਛੱਡਦੇ ਹੋਏ 21 ਵਾਰਡਾਂ 'ਚੋਂ 15 ਵਾਰਡਾਂ ਵਿੱਚ ਆਪਣੇ ਉਮੀਦਵਾਰਾਂ ਦੇ ਨਾਮਜ਼ਦਗੀ ਕਾਗਜ਼ ਸੀਨੀਅਰ ਆਗੂ ਸੁਰਿੰਦਰ ਸਿੰਘ ਖੇੜਕੀ ਅਤੇ ਹਰਮੇਸ਼ ਗੌਇਲ ਡਕਾਲਾ, ਯਤਿੰਦਰ ਸ਼ਰਮਾ ਦੀ ਮੌਜੂਦਗੀ ਵਿੱਚ ਰਿਟਰਨਿੰਗ ਅਫਸਰ ਕੋਲ ਦਾਖਲ ਕਰਵਾਏ। ਇਸ ਮੌਕੇ ਮੰਡਲ ਪ੍ਰਧਾਨ ਯਤਿੰਦਰ ਸ਼ਰਮਾ ਨੇ ਦੱਸਿਆ ਕਿ ਬਾਕੀ ਰਹਿੰਦੇ 6 ਵਾਰਡਾਂ ਵਿੱਚ ਸ਼ਨੀਵਾਰ ਨੂੰ ਕਾਗਜ਼ ਭਰੇ ਜਾਣਗੇ। ਦੂਜੇ ਪਾਸੇ ਸ਼ੁੱਕਰਵਾਰ ਸਵੇਰੇ ਆਪ ਦੇ ਐਸ.ਸੀ ਵਿੰਗ ਬਲਾਕ ਪ੍ਰਧਾਨ ਅਮਿਤ ਸਿੰਘ ਧਾਲੀਵਾਲ ਦੀ ਅਗਵਾਈ 'ਚ ਚਿਲਡਰਨ ਮੈਮੋਰੀਅਲ ਪਾਰਕ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਇਕੱਠੇ ਹੋ ਕੇ ਜਿੱਥੇ ਪੁਨਰ ਸੁਰਜੀਤ ਅਕਾਲੀ ਦਲ ਦੇ ਆਗੂ ਸੁਰਜੀਤ ਸਿੰਘ ਰੱਖੜਾ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਸਵਾਗਤ ਕੀਤਾ, ਉਥੇ ਉਨ੍ਹਾਂ ਦੇ ਖਾਸ ਲੋਕਾਂ ਨੂੰ ਆਮ ਆਦਮੀ ਪਾਰਟੀ ਦੀਆਂ ਟਿਕਟਾਂ 'ਤੇ ਕੌਂਸਲ ਚੋਣਾਂ ਲੜਨ ਦਾ ਸਖਤ ਵਿਰੋਧ ਵੀ ਕੀਤਾ। ਇਸ ਮੌਕੇ ਅਮਿਤ ਧਾਲੀਵਾਲ ਨੇ ਕਿਹਾ ਕਿ ਉਹਨਾਂ ਵਰਗੇ ਕਈ ਸੈਂਕੜੇ ਵਰਕਰਾਂ ਨੇ ਪਿਛਲੇ ਡੇਢ ਦਹਾਕੇ ਤੋਂ ਆਮ ਆਦਮੀ ਪਾਰਟੀ ਦੀ ਮਜਬੂਤੀ ਲਈ ਲੱਕ ਤੋੜ ਮਿਹਨਤ ਕੀਤੀ ਹੈ, ਪਰ ਹੁਣ ਜਦੋਂ ਉਹਨਾਂ ਨੂੰ ਨਗਰ ਕੌਂਸਲ ਚੋਣਾਂ ਸਮੇਂ ਉਹਨਾਂ ਦਾ ਹੱਕ ਲੈਣ ਦਾ ਸਮਾਂ ਆਇਆ ਹੈ ਤਾਂ ਸਾਡੇ ਸੀਨੀਅਰ ਪਾਰਟੀ ਆਗੂ ਸਾਨੂੰ ਅਣਦੇਖਿਆਂ ਕਰਕੇ ਨਵੇਂ ਸ਼ਾਮਿਲ ਹੋ ਰਹੇ ਪੁਨਰ ਸੁਰਜੀਤ ਦੇ ਆਗੂਆਂ ਨੂੰ ਟਿਕਟਾਂ ਦੇ ਕੇ ਸਾਡੀ ਮਿਹਨਤ 'ਤੇ ਪਾਣੀ ਫੇਰ ਸਾਡੇ ਹੱਕ ਸਾਡੇ ਹੱਕ ਖੋਹ ਰਹੇ ਹਨ। ਸੁਰਜੀਤ ਸਿੰਘ ਰੱਖੜਾ ਤੇ ਉਨਾਂ ਦੇ ਪੁੱਤਰ ਸੁਖਵਿੰਦਰ ਸਿੰਘ ਸੁੱਖੀ ਨੇ ਖੁਦ ਸਮਾਣਾ ਪੁੱਜ ਕੇ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਸਣੇ 10 ਉਮੀਦਵਾਰਾਂ ਦੇ ਕਰੀਬ ਆਪਣੇ ਨਾਮਜਦਗੀ ਕਾਗਜ਼ ਦਾਖਲ ਕਰਵਾਏ। ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਸਮਾਣਾ ਦੇ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੀ 21 ਵਾਰਡਾਂ ਵਿੱਚ ਆਪਣੇ ਉਮੀਦਵਾਰ ਖੜੇ ਕੀਤੇ ਜਾਣਗੇ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਮੰਗਤ ਮਵੀ ਨੇ ਜਾਣਕਾਰੀ ਦਿੱਤੀ ਕਿ ਕਾਂਗਰਸ ਪਾਰਟੀ ਵੱਲੋਂ ਸਮਾਣਾ ਦੇ ਸਾਰੇ 21 ਵਾਰਡਾਂ ਵਿੱਚ ਆਪਣੇ ਉਮੀਦਵਾਰ ਖੜੇ ਕਰਨਗੇ ਉਨ੍ਹਾਂ ਉਮੀਦਵਾਰਾਂ ਦੇ ਨਾਮਜ਼ਦਗੀ ਕਾਗਜ਼ 16 ਮਈ ਨੂੰ ਦਾਖਲ ਕਰਵਾਏ ਜਾਣਗੇ। ਜਾਣਕਾਰੀ ਅਨੁਸਾਰ ਸਮਾਣਾ ਨਗਰ ਕੌਂਸਲ ਦੀਆਂ ਚੋਣਾਂ ਲਈ ਕੁੱਲ 63 ਵੱਖ- ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ ਦਾਖਲ ਕਰਵਾਏ।

ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਅੱਜ ਹੋਣਗੇ 'ਆਪ' 'ਚ ਸ਼ਾਮਲ

ਪਟਿਆਲਾ, 15 ਮਈ (ਜਵੰਦਾ) ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ 16 ਮਈ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਜਾ ਰਹੇ ਹਨ। ਜਾਣਕਾਰੀ ਅਨੁਸਾਰ ਮੁੱਖ ਮੰਤਰੀ ਭਗਵੰਤ ਮਾਨ ਸ. ਰੱਖੜਾ ਦੇ ਗ੍ਰਹਿ ਕਰਤਾਰ ਵਿਲਾ, ਰੱਖੜਾ ਵਿਖੇ ਖੁਦ ਪਹੁੰਚ ਕੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣਗੇ। ਇਸ ਮੌਕੇ ਸ. ਰੱਖੜਾ ਦੇ ਹਜ਼ਾਰਾਂ ਸਮਰਥਕ ਵੀ 'ਆਪ' ਵਿੱਚ ਸ਼ਾਮਲ ਹੋਣਗੇ। ਸ. ਰੱਖੜਾ ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਸਮਾਣਾ ਹਲਕੇ ਦੀ ਸਿਆਸਤ ਵਿੱਚ ਪ੍ਰਭਾਵਸ਼ਾਲੀ ਆਗੂ ਮੰਨੇ ਜਾਂਦੇ ਹਨ। ਉਨ੍ਹਾਂ ਦੀ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਨੂੰ ਮਾਲਵਾ ਖੇਤਰ ਦੀ ਸਿਆਸਤ ਵਿੱਚ ਅਹਿਮ ਭੂਮਿਕਾ ਵਜੋਂ ਦੇਖਿਆ ਜਾ ਰਿਹਾ ਹੈ। ਇਸ ਦੌਰਾਨ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਵੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

22,700 ਰੁਪਏ ਦਾ ਦੜ੍ਹਾ-ਸੱਟਾ ਬ੍ਰਾਮਦ

ਨਾਭਾ, 15 ਮਈ (ਚੌਧਰੀਮਾਜਰਾ) : ਥਾਣਾ ਕੋਤਵਾਲੀ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਹਰਭਜਨ ਸਿੰਘ ਵਾਸੀ ਪ੍ਰੇਮ ਨਗਰ ਬੌੜਾ ਗੇਟ ਨਾਭਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਗੁਰਪ੍ਰੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਮੈਹਸ ਗੇਟ ਨਾਭਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਸ਼ਸ਼ਛ ਸਕੂਲ ਨਾਭਾ ਪਾਸ ਦੜ੍ਹਾ ਸੱਟਾ ਲਗਾ ਰਿਹਾ ਹੈ, ਜੋ ਰੇਡ ਕਰਨ ਪਰ 22,700 ਰੁਪਏ ਦੜ੍ਹਾ ਸੱਟਾ ਦੇ ਬ੍ਰਾਮਦ ਹੋਏ।

ਮੈਰਿਟ ਸੂਚੀ 'ਚ ਆਉਣ ਵਾਲੀ ਵਿਦਿਆਰਥਣ ਨਵਦੀਪ ਕੌਰ ਦਾ ਸਨਮਾਨ

ਸਮਾਣਾ, 15 ਮਈ (ਵਿਜੇ ਕੁਮਾਰ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 10+2 ਦੀਆ ਪ੍ਰੀਖਿਆਵਾਂ ਦੇ ਨਤੀਜਿਆਂ ਵਿੱਚੋਂ ਮੈਰਿਟ ਸੂਚੀ ਵਿਚ ਸ਼ਾਮਿਲ ਸ.ਸ.ਸ.ਸ ਕੁਲਾਰਾਂ ਦੀ ਵਿਦਿਆਰਥਣ ਨਵਦੀਪ ਕੌਰ ਪੁੱਤਰੀ ਡਾ. ਅਵਤਾਰ ਸਿੰਘ ਨੇ 500/491 ਨੰਬਰ ਲੈ ਕੇ ਪੂਰੇ ਪੰਜਾਬ ਵਿੱਚੋਂ 10ਵਾਂ ਸਥਾਨ ਹਾਸਲ ਕਰਨ ਤੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਾਜਰੀ ਵਿਖੇ ਪ੍ਰਧਾਨ ਰਾਜ ਸਿੰਘ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੈਕਚਰਾਰ ਹਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਨਵਦੀਪ ਕੌਰ ਸ਼ੁਰੂ ਤੋਂ ਹੀ ਪੜ੍ਹਾਈ ਵਿੱਚ ਕਾਫੀ ਹੁਸ਼ਿਆਰ ਹੈ, ਜੋ ਲਿਆਕਤ ਨਾਲ ਮਿਹਨਤ ਕਰਕੇ ਉਸ ਨੇ ਸੂਬੇ ਵਿੱਚ ਜੋ ਦਸਵਾਂ ਸਥਾਨ ਹਾਸਲ ਕੀਤਾ ਹੈ। ਉਸ ਨਾਲ ਜਿੱਥੇ ਪਿੰਡ ਕੁਲਾਰਾਂ ਦਾ ਨਾਮ ਰੋਸ਼ਨ ਹੋਇਆ ਹੈ ਉੱਥੇ ਸਮਾਣਾ ਤਹਿਸੀਲ ਤੇ ਜ਼ਿਲ੍ਹਾ ਪਟਿਆਲਾ ਦਾ ਨਾਮ ਵੀ ਰੋਸ਼ਨ ਹੋਇਆ ਹੈ।

ਸ੍ਰੀ ਭਗਵਾਨ ਵਿਸ਼ਵਕਰਮਾ ਮੰਦਰ ਕਮੇਟੀ ਵੱਲੋਂ ਹਰਜੀਤ ਸਿੰਘ ਰਾਮਗੜ੍ਹੀਆ ਦਾ ਸਨਮ